ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-12 ISSUE 2330 | 31 December, 2025 Wednesday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਪੇਰੂ ਵਿੱਚ ਦੋ ਸੈਲਾਨੀ ਰੇਲਗੱਡੀਆਂ ਦੀ ਆਹਮੋ-ਸਾਹਮਣੇ ਹੋਈ ਟੱਕਰ

**ਪੇਰੂ**
**ਸਾਂਝੀ ਸੋਚ ਬਿਊਰੋ**

ਪੇਰੂ ਦੇ ਇੱਕ ਮਸ਼ਹੂਰ ਪੁਰਾਤੱਤਵ ਸਥਾਨ, ਮਾਚੂ ਪਿਚੂ ਵੱਲ ਜਾ ਰਹੀਆਂ ਦੋ ਸੈਲਾਨੀ ਰੇਲਗੱਡੀਆਂ ਮੰਗਲਵਾਰ ਨੂੰ ਆਹਮੋ-ਸਾਹਮਣੇ ਟਕਰਾ ਗਈਆਂ, ਜਿਸ ਵਿੱਚ ਘੱਟੋ-ਘੱਟ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ 30 ਤੋਂ ਵੱਧ ਯਾਤਰੀ ਜ਼ਖਮੀ ਹੋ ਗਏ।

ਕੁਸਕੋ ਪੁਲਿਸ ਵਿਭਾਗ ਦੇ ਕੈਪਟਨ ਜੋਨਾਥਨ ਕੈਸਟੀਲੋ ਗੋਂਜ਼ਾਲੇਜ਼ ਨੇ ਦੱਸਿਆ ਕਿ ਮ੍ਰਿਤਕ ਇੱਕ ਰੇਲਵੇ ਕਰਮਚਾਰੀ ਸੀ। ਉਨ੍ਹਾਂ ਅੱਗੇ ਕਿਹਾ ਕਿ ਹਾਦਸੇ ਤੋਂ ਬਾਅਦ ਮਾਚੂ ਪਿਚੂ ਅਤੇ ਨੇੜਲੇ ਸ਼ਹਿਰ ਕੁਸਕੋ ਨੂੰ ਜੋੜਨ ਵਾਲੀ ਰੇਲ ਲਾਈਨ 'ਤੇ ਸੇਵਾਵਾਂ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤੀਆਂ ਗਈਆਂ ਹਨ।

ਘਟਨਾ ਦੀਆਂ ਤਸਵੀਰਾਂ ਸਾਹਮਣੇ ਆਈਆਂ ਹਨ ਜਿਸ ਵਿੱਚ ਦੇਖਿਆ ਜਾ ਸਕਦਾ ਹੈ ਕਿ ਰੇਲਗੱਡੀਆਂ ਦੀ ਇੱਕ ਹਰੇ ਭਰੇ ਜੰਗਲ ਵਿੱਚ ਟੱਕਰ ਹੋ ਗਈ।


ਰੇਲਵੇ ਕੰਪਨੀ ਦੇ ਅਨੁਸਾਰ, ਮਾਚੂ ਪਿਚੂ ਤੋਂ ਆ ਰਹੀ ਇੱਕ ਰੇਲਗੱਡੀ ਅਤੇ ਉੱਥੇ ਜਾ ਰਹੀ ਇੱਕ ਹੋਰ ਰੇਲਗੱਡੀ ਦੁਪਹਿਰ ਦੇ ਕਰੀਬ ਕੋਰੀਵਾਇਰਾਚਿਨਾ, ਜੋ ਕਿ ਇੱਕ ਪੁਰਾਤੱਤਵ ਸਥਾਨ ਵੀ ਹੈ, ਦੇ ਨੇੜੇ ਟਕਰਾ ਗਈ। ਹਾਦਸੇ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ। ਸਥਾਨਕ ਮੀਡੀਆ 'ਤੇ ਵੀਡੀਓਜ਼ ਵਿੱਚ ਟੁੱਟੀਆਂ ਹੋਈਆਂ ਖਿੜਕੀਆਂ ਅਤੇ ਡੈਂਟ ਵਾਲੇ ਪਾਸਿਆਂ ਵਾਲੀਆਂ ਟੁੱਟੀਆਂ ਹੋਈਆਂ ਰੇਲਗੱਡੀਆਂ ਦਿਖਾਈ ਦਿੰਦੀਆਂ ਹਨ। ਰੇਲਗੱਡੀਆਂ ਹਰੇ ਭਰੇ ਜੰਗਲ ਅਤੇ ਵੱਡੀਆਂ ਚੱਟਾਨਾਂ ਵਿਚਕਾਰ ਫਸੀਆਂ ਹੋਈਆਂ ਦਿਖਾਈ ਦਿੰਦੀਆਂ ਹਨ। ਮਾਚੂ ਪਿਚੂ ਇੱਕ ਪ੍ਰਸਿੱਧ ਸੈਰ-ਸਪਾਟਾ ਸਥਾਨ ਹੈ, ਜਿੱਥੇ ਹਰ ਸਾਲ ਲਗਭਗ 15 ਲੱਖ ਸੈਲਾਨੀਆਂ ਨੂੰ ਆਉਂਦੇ ਹਨ। ਮਾਚੂ ਪਿਚੂ ਦੇ ਜ਼ਿਆਦਾਤਰ ਸੈਲਾਨੀ ਨੇੜਲੇ ਸ਼ਹਿਰ ਆਗੁਆਸ ਕੈਲੇਂਟੇਸ ਤੋਂ



ਰੇਲ ਰਾਹੀਂ ਆਉਂਦੇ ਹਨ।

ਇੰਕਾ ਸਭਿਅਤਾ ਦੌਰਾਨ ਪ੍ਰਫੁੱਲਤ, ਮਾਚੂ ਪਿਚੂ 15ਵੀਂ ਸਦੀ ਵਿੱਚ ਬਣਾਇਆ ਗਿਆ ਸੀ। ਸੈਲਾਨੀ ਉਸ ਯੁੱਗ ਦੀ ਆਰਕੀਟੈਕਚਰਲ ਕਲਾ ਤੋਂ ਹੈਰਾਨ ਹਨ। ਮਾਚੂ ਪਿਚੂ ਵਿਖੇ ਪੱਥਰ ਦੀਆਂ ਇੱਟਾਂ ਬਿਨਾਂ ਕਿਸੇ ਜੋੜ ਦੇ ਪੂਰੀ ਤਰ੍ਹਾਂ ਫਿੱਟ ਹੁੰਦੀਆਂ ਹਨ। ਪਿਛਲੇ 10 ਸਾਲਾਂ ਵਿੱਚ ਮਾਚੂ ਪਿਚੂ ਆਉਣ ਵਾਲੇ ਸੈਲਾਨੀਆਂ ਦੀ ਗਿਣਤੀ ਵਿੱਚ ਲਗਭਗ 25 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ, ਪਰ ਇਸ ਖੇਤਰ ਵਿੱਚ ਸੈਰ-ਸਪਾਟਾ ਰਾਜਨੀਤਿਕ ਅਸ਼ਾਂਤੀ ਅਤੇ ਸਾਈਟ ਦੇ ਪ੍ਰਬੰਧਨ ਨੂੰ ਲੈ ਕੇ ਵਿਵਾਦਾਂ ਕਾਰਨ ਪ੍ਰਭਾਵਿਤ ਹੋਇਆ ਹੈ। ਪ੍ਰਦਰਸ਼ਨਕਾਰੀ ਅਕਸਰ ਰੇਲਵੇ ਲਾਈਨ ਨੂੰ ਰੋਕ ਦਿੰਦੇ ਹਨ। ਮਾਚੂ ਪਿਚੂ ਤੱਕ ਪੈਦਲ ਵੀ ਪਹੁੰਚਿਆ ਜਾ ਸਕਦਾ ਹੈ, ਜਿਸ ਲਈ ਸੈਲਾਨੀ ਨੇੜਲੇ ਛੋਟੇ ਜਿਹੇ ਕਸਬੇ ਓਲੈਂਟਾਇਟੈਂਬੋ ਤੋਂ ਪੈਦਲ ਯਾਤਰਾ ਕਰਦੇ ਹਨ, ਜੋ ਕਿ ਲਗਭਗ 4 ਦਿਨਾਂ ਦੀ ਯਾਤਰਾ ਹੈ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511


RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor®
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਹਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com




# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS





**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ
SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road,
Suite H2-167 Modesto,
CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਆਓ, ਨਵੇਂ ਵਰ੍ਹੇ 'ਚ 'ਕਿਤਾਬ ਇਨਕਲਾਬ' ਲਿਆਈਏ !

ਆਪਾਂ ਕੌਮ ਹਾਂ ਸ਼ਬਦ ਦੀ, ਕਿੱਥੇ ਗਈ ਕਿਤਾਬ?
ਅਸੀਂ ਸ਼ਬਦ ਦੀ ਕੌਮ ਹਾਂ। ਅਸੀਂ ਵਡਭਾਗੇ ਹਾਂ ਕਿ ਸਾਨੂੰ ਗੁਰੂ ਸਾਹਿਬਾਨ ਨੇ ਸ਼ਬਦ ਨਾਲ ਜੋੜਿਆ ਹੈ। ਗੁਰੂ ਗ੍ਰੰਥ ਸਾਹਿਬ, ਮਨੁੱਖ ਦੇ ਜੀਵਨ ਦਾ ਰੂਹਾਨੀ ਮਕਸਦ ਬਿਆਨਦੇ ਹੋਇਆਂ, ਸਾਨੂੰ ਸੱਚ ਹੱਕ ਅਤੇ ਇਨਸਾਫ ਦਾ ਸਬਕ ਸਿਖਾਉਂਦੇ ਹਨ। ਗੁਰੂ ਨਾਨਕ ਪਾਤਸ਼ਾਹ ਦੇ ਸ਼ਬਦ "ਆਸਾ ਮਹਲਾ ਪਹਿਲਾ ਚਉਪਦੇ॥ ਵਿਦਿਆ ਵੀਚਾਰੀ ਤਾਂ ਪਰਉਪਕਾਰੀ॥ (ਗੁਰੂ ਗ੍ਰੰਥ ਸਾਹਿਬ, ਅੰਗ 356) ਭਾਵ ਵਿਦਿਆ ਪ੍ਰਾਪਤ ਕਰ ਕੇ ਜੋ ਮਨੁੱਖ ਦੂਜਿਆਂ ਨਾਲ ਭਲਾਈ ਕਰਨ ਵਾਲਾ ਹੋ ਗਿਆ ਹੈ, ਤਾਂ ਉਹ ਵਿੱਦਿਆ ਪਾ ਕੇ ਵਿਚਾਰਵਾਨ ਬਣਿਆ ਹੈ। ਪੜ੍ਹਾਈ ਕਰਨੀ ਤਾਂ ਹੀ ਸਫ਼ਲ ਹੈ, ਜੇਕਰ ਪੜ੍ਹਾਈ ਕਰਨ ਨਾਲ ਜੀਵਨ ਅੰਦਰ ਪਰਉਪਕਾਰ ਪੈਦਾ ਹੋਵੇ। ਇਉਂ ਹੀ ਗੁਰੂ ਅੰਗਦ ਸਾਹਿਬ ਦਾ ਫੁਰਮਾਨ ਹੈ, "ਸਤੀ ਪਹਰੀ ਸਤੁ ਭਲਾ ਬਹੀਐ ਪੜਿਆ ਪਾਸਿ॥ (ਸਲੋਕ ਮ ਦੂਜਾ, ਗੁਰੂ ਗ੍ਰੰਥ ਸਾਹਿਬ ਅੰਗ : 146) ਭਾਵ ਸੱਤ ਪਹਰ ਭਲਾ ਆਚਰਨ ਬਣਾਓਣ ਲਈ, ਪੜ੍ਹਿਆਂ -ਲਿਖਿਆਂ ਭਾਵ ਗੁਰਮੁਖਾਂ ਪਾਸ ਬੈਠਣਾ ਚਾਹੀਦਾ ਹੈ।

ਕਿਤਾਬ ਵਰਗਾ ਤੋਹਫ਼ਾ ਹੋਰ ਕੋਈ ਨਹੀਂ ਹੋ ਸਕਦਾ। ਅਸੀਂ ਨਵੇਂ ਵਰ੍ਹੇ, ਜਨਮ ਦਿਨ, ਵਿਆਹ-ਸ਼ਾਦੀ, ਵਿਸ਼ੇਸ਼ ਦਿਹਾੜੇ ਅਤੇ ਸਨਮਾਨ ਆਦਿ ਮੌਕੇ ਖਾਣ -ਪੀਣ ਜਾਂ ਪਹਿਨਣ ਲਈ ਤਾਂ ਬਹੁਤ ਕੁਝ ਭੇਂਟ ਕਰਦੇ ਹਾਂ, ਪਰ ਪੜ੍ਹਨਯੋਗ ਭੇਟਾ ਵਿੱਚ ਹੱਥ ਤੰਗ ਰੱਖਦੇ ਹਾਂ, ਜਦ ਕਿ ਸਭ ਤੋਂ ਵੱਧ ਯਾਦਗਾਰੀ ਸੌਗਾਤ ਪੁਸਤਕ ਹੀ ਕਹੀ ਜਾ ਸਕਦੀ ਹੈ। ਆਪਣੇ ਜੀਵਨ ਸਫ਼ਰ 'ਚ ਉਹ ਘੜੀ ਮੇਰੇ ਲਈ ਅਭੁੱਲ ਰਹੀ ਹੈ, ਜਦੋਂ ਵਿਆਹ ਮੌਕੇ ਅਨੇਕਾਂ ਪਿਆਰਿਆਂ ਦੇ ਵੱਖ-ਵੱਖ ਤੋਹਫ਼ਿਆਂ ਨਾਲੋਂ, ਬਲਜੀਤ ਦੀ ਭੇਂਟ ਕੀਤੀ 'ਸ਼ਿਵ ਕੁਮਾਰ ਬਟਾਲਵੀਂ ਦੇ ਸੰਪੂਰਨ ਕਾਵਿ ਰਚਨਾ' ਵਧੇਰੇ ਕੀਮਤੀ ਹੋ ਨਿਬੜੀ। ਕੈਨੇਡਾ ਰਵਾਨਾ ਹੋਣ ਵੇਲੇ ਬੈਗ 'ਚ ਟਿਕਾਏ ਹੋਰ ਸਾਮਾਨ ਤੋਂ ਪਹਿਲਾਂ ਜਗ੍ਹਾ, ਉਸ ਕਿਤਾਬ ਦੀ ਹੀ ਸੀ। ਮਗਰੋਂ ਪੰਜਾਬ ਤੋਂ ਕੈਨੇਡਾ ਪਰਤਦਿਆਂ ਹਰ ਗੇੜ੍ਹੇ ਦਰਜਨਾਂ ਕਿਤਾਬਾਂ ਨਾਲ ਲਿਆਉਣ ਅਤੇ ਸੰਗੀਆਂ ਸਾਥੀਆਂ ਤੋਂ ਮੰਗਵਾਉਣ ਦੇ ਸੁਭਾਅ ਕਾਰਨ , ਪੰਜਾਬ ਵਾਂਗ ਕੈਨੇਡਾ ਵਿਚਲੇ ਘਰ ਅੰਦਰ ਹਜ਼ਾਰ ਤੋਂ ਵੱਧ ਕਿਤਾਬਾਂ ਦੀ ਲਾਇਬਰੇਰੀ ਸ਼ਿੰਗਾਰ ਬਣ ਚੁੱਕੀ ਹੈ। ਪੰਜਾਬੀ ਜੇ ਖ਼ਰੀਦੋ-ਫ਼ਰੋਖ਼ਤ ਕਰਦਿਆਂ, ਕਿਤਾਬਾਂ ਅਤੇ ਹੋਰ ਲੋੜੀਂਦੇ ਸਮਾਨ ਵਿਚਕਾਰ ਸੰਤੁਲਨ ਹੀ ਕਾਇਮ ਕਰ ਲੈਣ, ਤਾਂ ਵੀ ਗਿਆਨ ਦੀ ਲਹਿਰ ਪੈਦਾ ਹੋ ਸਕਦੀ ਹੈ। ਇਸ ਦਾ ਅਸਰ ਕਬੂਲਦਿਆਂ ਲੋਕਾਂ ਨੂੰ ਪੁਸਤਕਾਂ ਪੜ੍ਹਨ ਲਈ ਹਲੂਣਾ ਮਿਲੇਗਾ।

ਜਿਸ ਦਿਨ ਪੰਜਾਬੀਆਂ ਅੰਦਰ 'ਕਿਤਾਬ ਸੱਭਿਆਚਾਰ' ਪੈਦਾ ਹੋ ਗਿਆ, ਉਸ ਦਿਨ ਗਿਆਨ ਦੇ ਸੂਰਜ ਦੇ ਮਘਣ ਨਾਲ, ਮਨ ਦਾ ਵਿਹੜਾ ਸਚਮੁੱਚ ਪ੍ਰਕਾਸ਼ਮਾਨ ਹੋ ਜਾਏਗਾ ਅਤੇ ਉਹ ਦਿਹਾੜਾ ਮਾਂ ਬੋਲੀ ਪੰਜਾਬੀ ਦਾ ਸੁਨਹਿਰੀ ਸਮਾਂ ਹੋਵੇਗਾ। ਆਓ! ਪੰਜਾਬੀਓ, ਨਵੇ ਵਰ੍ਹੇ 'ਤੇ ਨਵਾਂ ਸੰਕਲਪ ਲੈ ਕੇ ਸ਼ਰਾਬ ਦਾ ਛੇਵਾਂ ਦਰਿਆ ਬੰਦ ਕਰਕੇ, ਕਿਤਾਬ ਦੇ ਗਿਆਨ ਰੂਪੀ ਦਰਿਆ ਦੇ ਵਹਿਣ ਦੇਸ਼-ਵਿਦੇਸ਼ਾਂ 'ਚ ਵਹਾ ਦਈਏ। ਕਿਤਾਬ ਇਨਕਲਾਬ ਲਿਆਉਣ ਲਈ ਵਾਰ-ਵਾਰ ਆਪਣੇ ਆਪ ਨੂੰ ਇਸ ਸਵਾਲ ਕਰੀਏ ;
'ਘਰ-ਘਰ ਅੰਦਰ 'ਬਾਰ' ਕਿਉਂ, ਕਿਸਮੋਂ-ਕਿਸਮ ਸ਼ਰਾਬ।
ਆਪਾਂ ਕੌਮ ਹਾਂ ਸ਼ਬਦ ਦੀ, ਕਿੱਥੇ ਗਈ ਕਿਤਾਬ ?'

ਇਸ ਸਮੇਂ ਆਪਣੇ ਆਪ ਨਾਲ ਇਹ ਗੰਭੀਰ ਵਿਚਾਰ ਕਰਨਾ ਲਾਹੇਵੰਦ ਹੋਏਗਾ ਕਿ ਕਿਤਾਬ ਦੀ ਸਾਡੇ ਜੀਵਨ ਵਿਚ ਕੀ ਅਹਿਮੀਅਤ ਹੈ। ਸੰਸਾਰ ਪ੍ਰਸਿੱਧ ਲੇਖਕ ਹੈਨਰੀ ਮਿਲਰ ਦਾ ਕਥਨ ਹੈ ਕਿ ਕਿਤਾਬ ਤੁਹਾਡੀ ਸਭ ਤੋਂ ਵਧੀਆ ਮਿੱਤਰ ਹੀ ਨਹੀਂ ਹੁੰਦੀ, ਸਗੋਂ ਇਹ ਤੁਹਾਡੇ ਮਿੱਤਰ ਬਣਾਉਂਦੀ ਵੀ ਹੈ। ਕਈ ਵਾਰ ਗੰਭੀਰ ਸਮੱਸਿਆਵਾਂ ਮੌਕੇ, ਕਿਤਾਬ ਹੀ ਸਾਨੂੰ ਢਾਰਸ ਦਿੰਦੀ ਹੈ। ਰੋਗੀਆਂ ਦੇ ਇਲਾਜ ਲਈ ਵੀ 'ਕਿਤਾਬ ਦੁੱਖਾਂ ਦੀ ਦਾਰੂ' ਹੈ। ਮਨੋਰੋਗਾਂ ਵਿਚ ਡੁਬਦੇ ਮਨੁੱਖ ਲਈ ਕਿਤਾਬ ਸਹਾਰਾ ਬਣਦੀ ਹੈ। ਫਰਾਂਸ ਦੇ ਲਿਖਾਰੀ ਮਾਰਸ਼ਲ ਪਰਾਊਸਤ ਦਾ ਕਹਿਣਾ ਹੈ ਕਿ ਕਿਤਾਬ, ਥੈਰੇਪੀ ਭਾਵ ਇਲਾਜ ਹੈ, ਜਦਕਿ ਪ੍ਰਸਿੱਧ ਚਿੰਤਕ ਸੈਮਮੂਅਲ ਕਰੋਥਰ ਨੇ, ਬਿਬਲੀਓਥੈਰਪੀ ਭਾਵ ਕਿਤਾਬ ਇਲਾਜ ਦੀ ਸੋਚ ਦਿੱਤੀ ਹੈ।

ਕਿਤਾਬ ਮਨੁੱਖ ਨੂੰ ਨਿਰਾਸ਼ਾ ਦੇ ਆਲਮ 'ਚੋਂ ਬਾਹਰ ਕੱਢਦੀ ਹੈ ਤੇ ਜਿਉਣ ਦਾ ਮਕਸਦ ਦਿੰਦੀ ਹੈ। ਕਿਤਾਬ ਦੀ ਮਹੱਤਤਾ ਬਾਰੇ ਪ੍ਰਸਿੱਧ ਵਿਦਵਾਨ ਜੰਗ ਬਹਾਦਰ ਗੋਇਲ ਦੀ ਕਿਤਾਬ 'ਸਾਹਿਤ ਸੰਜੀਵਨੀ' ਪੜ੍ਹਨ ਦਾ ਸੁਭਾਗ ਹਾਸਿਲ ਹੋਇਆ, ਜਿਸ ਨੇ ਮਨ ਅੰਦਰ ਭਰਪੂਰ ਉਤਸ਼ਾਹ ਜਗਾਇਆ। ਉਹ ਲਿਖਦੇ ਹਨ,"ਹਰ ਆਦਮੀ ਦੀ ਜ਼ਿੰਦਗੀ ਵਿੱਚ ਕਈ ਤਰ੍ਹਾਂ ਦੇ ਵਾ-ਵਰੋਲੇ, ਝੱਖੜ, ਤੂਫਾਨ ਆਉਂਦੇ ਰਹਿੰਦੇ ਹਨ, ਜੋ ਉਸ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਡਾਵਾਂ-ਡੋਲ ਕਰ ਸਕਦੇ ਹਨ। ਅਜਿਹੀ ਸਥਿਤੀ ਵਿੱਚ ਜਾਂ ਤਾਂ ਕੋਈ ਸੁਗੜ ਸਿਆਣਾ ਰਾਹ-ਦਿਸੇਰਾ ਬਣ ਸਕਦਾ ਹੈ ਤੇ ਜਾਂ ਕੋਈ ਪੁਸਤਕ ਸਹਾਈ ਸਿੱਧ ਹੋ ਸਕਦੀ ਹੈ। ਪੁਸਤਕ ਤੱਕ ਪਹੁੰਚਣਾ ਆਸਾਨ ਹੈ, ਕਦੇ ਕਦੇ ਤਾਂ ਇਹ ਇੱਕ ਹੱਥ ਦੇ ਫਾਸਲੇ 'ਤੇ ਹੀ ਪਈ ਮਿਲ ਜਾਂਦੀ ਹੈ, ਜਿਸਦਾ ਕੋਈ ਵਾਕ, ਕੋਈ ਸਤਰ, ਕੋਈ ਦ੍ਰਿਸ਼ਟਾਂਤ, ਕਿਸੇ ਜੀਵਨ-ਰੱਖਿਅਕ ਦਵਾਈ ਵਾਂਗ ਫੌਰੀ ਅਸਰ ਕਰਦਾ ਹੈ ਅਤੇ ਪਸਤ ਹੋਇਆ ਆਦਮੀ ਮੁੜ ਸਾਵਾਂ, ਤੰਦਰੁਸਤ ਅਤੇ ਉਰਜਾਵਾਨ ਮਹਿਸੂਸ ਕਰਨ ਲੱਗਦਾ ਹੈ।" ਪਰ ਅੱਜ ਪੂੰਜੀਵਾਦੀ ਸੋਚਾਂ ਵਿੱਚ ਗ੍ਰਸਿਆ ਹੋਇਆ ਮਨੁੱਖ ਕਿਤਾਬ ਨਾਲੋਂ ਟੁੱਟ ਰਿਹਾ ਹੈ, ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ :
ਅੱਜ ਪਦਾਰਥਵਾਦ ਨੇ, ਕੀਤੀ ਸੋਚ ਖ਼ਰਾਬ।
ਐਯਾਸ਼ੀ ਵਿੱਚ ਆਦਮੀ,ਬੈਠਾ ਛੱਡ ਕਿਤਾਬ।

ਦੂਜੇ ਪਾਸੇ ਮਨ ਨੂੰ ਤਸੱਲੀ ਦੇਣ ਵਾਲੀ ਗੱਲ ਇਹ ਹੈ ਕਿ ਅੱਜ ਦੁਨੀਆ ਭਰ ਵਿੱਚ ਅਜਿਹੇ ਸਰਵੇਖਣ ਹੋ ਰਹੇ ਹਨ, ਜਿੰਨਾਂ ਰਾਹੀਂ ਇਹ ਸੱਚ ਸਾਹਮਣੇ ਆ ਰਿਹਾ ਹੈ ਕਿ ਕਿਤਾਬਾਂ ਮਨੁੱਖ ਨੂੰ ਨਾ ਸਿਰਫ ਰੋਗ-ਮੁਕਤ ਕਰਦੀਆਂ ਹਨ, ਬਲਕਿ ਗਿਆਨਵਾਨ ਵੀ ਬਣਾਉਂਦੀਆਂ ਹਨ। ਦੁਨੀਆ ਦੀ ਪ੍ਰਕਾਸ਼ਨ ਸੰਸਥਾ 'ਗਲੈਕਸੀ ਕੁਇਕ ਰੀਡਜ਼' ਨੇ ਲਿਵਰਪੂਲ ਯੂਨੀਵਰਸਿਟੀ ਦੇ ਸਹਿਯੋਗ ਨਾਲ ਸਰਵੇ ਕਰਵਾਇਆ, ਜਿਸ ਅਨੁਸਾਰ 57 ਫੀਸਦੀ ਪਾਠਕਾਂ ਨੇ ਇਹ ਮੰਨਿਆ ਕਿ ਸਾਹਿਤ ਅਧਿਐਨ ਦੁਆਰਾ ਉਹਨਾਂ ਦੀ ਜ਼ਿੰਦਗੀ ਵਿੱਚ ਉਸਾਰੂ ਬਦਲਾਓ ਆਇਆ ਹੈ। 68 ਫੀਸਦੀ ਲੋਕਾਂ ਨੇ ਇਹ ਮੰਨਿਆ ਕਿ ਕਿਤਾਬਾਂ ਰਾਹੀਂ ਆਪਣੇ 'ਸੀਮਤ ਸੰਸਾਰ' ਚੋਂ ਬਾਹਰ ਨਿਕਲ ਕੇ, ਉਹ ਕਿੰਨੇ ਹੀ ਦੇਸ਼ਾਂ ਦੇਸ਼ਾਂਤਰਾਂ ਵਿਚ ਘੁੰਮ ਆਏ ਅਤੇ ਉਹਨਾਂ ਨੂੰ ਇਹ ਅਨੁਭਵ ਹੋਇਆ ਕਿ ਮਨੁੱਖ ਹਰ ਥਾਂ 'ਤੇ ਇੱਕੋ ਜਿਹਾ ਦੁੱਖ ਸੁੱਖ ਭੋਗ ਰਿਹਾ ਹੈ। 73 ਫੀਸਦੀ ਲੋਕਾਂ ਨੇ ਮੰਨਿਆ ਕਿ ਪੜ੍ਹਨ ਦੇ ਨਾਲ ਉਹਨਾਂ ਦੀ ਸੋਚ ਅਤੇ ਸਿਹਤ ਵਿੱਚ ਵਡਮੁੱਲਾ ਸੁਧਾਰ ਹੋਇਆ ਹੈ, ਜਦਕਿ 65 ਫੀਸਦੀ ਲੋਕਾਂ ਦਾ ਇਹ ਕਹਿਣਾ ਸੀ ਕਿ ਜਦੋਂ ਉਹਨਾਂ ਦੀ ਮਨੋਦਿਸ਼ਾ ਢਹਿੰਦੀ ਕਲਾ ਵਿੱਚ ਸੀ, ਤਾਂ ਪੁਸਤਕ ਨੇ ਉਹਨਾਂ ਦੀ ਸੋਚ ਸਕਾਰਾਤਮ ਅਤੇ ਚੜ੍ਹਦੀ ਕਲਾ ਵਿੱਚ ਬਦਲ ਦਿੱਤੀ। ਅਜਿਹੇ ਸਰਵੇਖਣਾ ਤੋਂ ਸੱਚ ਸਾਬਤ ਹੁੰਦਾ ਹੈ ਕਿ ਕਿਤਾਬਾਂ ਮਨੁੱਖੀ ਮਨ ਦੀਆਂ ਖਿੜਕੀਆਂ ਹਨ, ਜਿੰਨਾ ਰਾਹੀਂ ਤਾਜ਼ਾ ਗਿਆਨ ਮਨੁੱਖ ਅੰਦਰ ਜਾਂਦਾ ਹੈ ਅਤੇ ਅਗਿਆਨਤਾ ਦਾ ਹਨੇਰਾ ਦੂਰ ਹੁੰਦਾ ਹੈ ;
ਬਿਨਾਂ ਕਿਤਾਬੋਂ ਘੱਟ ਹੀ, ਹਾਸਲ ਹੋਏ ਗਿਆਨ।
ਘੁੱਪ ਹਨੇਰਾ ਹੋਏ ਜਿਓਂ, ਘਰ, ਬਿਨ ਰੌਸ਼ਨਦਾਨ।

ਕਿਤਾਬ ਦੀ ਮਹਾਨਤਾ ਤੋਂ ਜਾਣੂੰ ਹੋਣ ਦੇ ਬਾਵਜੂਦ ਪੰਜਾਬੀਆਂ ਅੰਦਰ ਕਿਤਾਬ ਸਭਿਆਚਾਰ ਅਜੇ ਤੱਕ ਮਜ਼ਬੂਤ ਨਹੀਂ ਹੋ ਸਕਿਆ, ਜਿਸ ਦਾ ਸਬੂਤ ਸਾਡੇ ਵੱਲੋਂ ਜੀਵਨ ਦੀਆਂ ਲੋੜਾਂ ਵਿੱਚ ਕਿਤਾਬ ਨੂੰ ਮੁੱਖ ਨਾ ਰੱਖਣਾ ਹੈ। ਇਸ ਦੀ ਮਿਸਾਲ ਇਥੋਂ ਮਿਲਦੀ ਹੈ ਕਿ ਅਸੀਂ ਖਰੀਦੋ ਫਰੋਖਤ ਵੇਲੇ, ਕਿਤਾਬ ਦੀ ਥਾਂ ਤੇ ਹੋਰਨਾਂ ਵਸਤੂਆਂ ਨੂੰ ਪਹਿਲ ਦਿੰਦੇ ਹਾਂ। ਢਾਈ ਦਹਾਕੇ ਪਹਿਲਾਂ ਵਾਪਰੀ ਇਕ ਘਟਨਾ ਅੱਜ ਪੂਰੀ ਤਰ੍ਹਾਂ ਚੇਤੇ ਹੈ, ਜਦੋਂ ਕੈਨੇਡਾ ਜਾਂਦਿਆਂ ਦਿੱਲੀ ਦੇ ਕੌਮਾਂਤਰੀ ਹਵਾਈ ਅੱਡੇ 'ਤੇ ਲੋੜੋਂ ਵੱਧ ਭਾਰ ਲਿਜਾ ਰਹੇ ਮੁਸਾਫਿਰਾਂ ਨੂੰ ਇਕ-ਇਕ ਕਰਕੇ ਰੋਕਿਆ ਜਾ ਰਿਹਾ ਸੀ। ਕਸਟਮ ਅਧਿਕਾਰੀਆਂ ਅਤੇ ਏਅਰ ਲਾਈਨਜ਼ ਸਟਾਫ਼ ਮੈਂਬਰਾਨ ਦੇ ਨਿਰਦੇਸ਼ ਅਨੁਸਾਰ ਸਮਾਨ ਨਿਸ਼ਚਿਤ ਵਜ਼ਨ ਤੋਂ ਵਧੇਰੇ ਹੋਣ ਦੀ ਸੂਰਤ 'ਚ, ਹਜ਼ਾਰਾਂ ਰੁਪਏ ਦੇਣ ਦੀਆਂ ਸ਼ਰਤਾਂ ਸਨ। ਬੱਸ ਫੇਰ ਕੀ ਸੀ, ਜਿਵੇਂ ਏਅਰਪੋਰਟ 'ਤੇ 'ਮੋਤੀਆ ਬਾਜ਼ਾਰ' ਹੀ ਲੱਗ ਗਿਆ ਹੋਵੇ। ਬਹੁਤ ਸਾਰੇ ਮੁਸਾਫਿਰ ਆਪਣੇ ਅਟੈਚੀ ਖੋਲ ਰਹੇ ਸਨ ਤੇ ਵਾਧੂ ਸਮਾਨ ਕੱਢ ਰਹੇ ਸਨ। ਹੈਰਾਨੀ ਇਸ ਗੱਲ ਦੀ ਸੀ ਕਿ ਹਰ ਕਿਸੇ ਦੇ ਬੈਗ ਕੱਪੜਿਆਂ ਨਾਲ ਤੁੰਨੇ ਹੋਏ ਸਨ। ਆਦਮੀਆਂ ਦੇ ਕੋਟ-ਪੈਂਟਾਂ ਸਣੇ, ਇਸਤਰੀਆਂ ਦੇ ਸੂਟਾਂ ਦੀ ਗਿਣਤੀ ਦਰਜਨਾਂ ਤੋਂ ਵੱਧ ਜਾਪ ਰਹੀ ਸੀ। ਵੱਡਾ ਦੁੱਖ ਇਸ ਗੱਲ ਦਾ ਸੀ ਕਿ ਇਕ-ਅੱਧੇ ਨੂੰ ਛੱਡ ਕੇ, ਕਿਸੇ ਦੇ ਸਮਾਨ 'ਚ 'ਕਿਤਾਬ' ਨਾਂਅ ਦੀ ਸ਼ੈਅ ਸ਼ਾਮਿਲ ਨਹੀਂ ਸੀ। ਜੇਕਰ ਕਿਸੇ ਭਲੇ-ਪੁਰਖ ਨੇ ਜ਼ੋਰ ਪਾ ਕੇ, ਕੁਝ ਪੁਸਤਕਾਂ ਖ਼ਰੀਦੀਆਂ ਵੀ ਸਨ, ਤਾਂ ਸਮਾਨ ਵਧਣ ਦੀ ਸੂਰਤ ਵਿਚ, ਅਟੈਚੀਆਂ 'ਚੋਂ ਬਾਹਰ ਕੱਢਣ ਦੇ ਲਈ ਕਿਤਾਬਾਂ ਦੀ ਹੀ ਚੋਣ ਹੋ ਰਹੀ ਸੀ। ਕਿਤਾਬਾਂ ਤੋਂ ਸੱਖਣੇ ਕੱਪੜਿਆਂ ਲੱਦੇ ਅਟੈਚੀ, ਗਿਆਨ ਵਿਹੂਣੇ ਲੋਕਾਂ ਦੀ ਮੂੰਹ ਬੋਲਦੀ ਤਸਵੀਰ ਜਾਪ ਰਹੇ ਸਨ।

ਕਿਤਾਬ ਮਨੁੱਖ ਦੀ ਸਭ ਤੋਂ ਮਹਾਨ ਸਰਮਾਇਆ ਹੈ ਅਤੇ ਗਿਆਨ ਨਾ- ਗੁਆਚਣ ਯੋਗ ਅਨਮੋਲ ਗਹਿਣਾ ਹੈ, ਪਰ ਪੰਜਾਬੀ ਕਿਤਾਬ ਅਤੇ ਗਿਆਨ ਤੋਂ ਵਿਹੂਣੇ ਹੁੰਦੇ ਜਾ ਰਹੇ ਹਨ। ਵਿਦੇਸ਼ਾਂ 'ਚ ਵਸਦੇ ਪੰਜਾਬੀਆਂ ਦੀ ਗੱਲ ਵਿਸ਼ੇਸ਼ ਤੌਰ 'ਤੇ ਕੀਤੀ ਜਾਵੇ, ਤਾਂ ਹਰ ਵਰ੍ਹੇ ਵੱਖ- ਵੱਖ ਦੇਸ਼ਾਂ ਤੋਂ ਪੰਜਾਬੀ ਵਤਨ ਆ ਕੇ, ਕੁਝ ਹਫ਼ਤਿਆਂ ਵਿੱਚ ਹੀ ਲੱਖਾਂ ਰੁਪਏ ਖਰਚਦੇ ਹਨ। ਪੰਜਾਬੀਆਂ ਦਾ ਝੁਰਮਟ ਲੀੜੇ- ਲੱਤਿਆਂ ਦੀ ਮੰਡੀ 'ਚ ਤਾਂ ਠਾਠਾਂ ਮਾਰਦਾ ਨਜ਼ਰ ਆਵੇਗਾ, ਪਰ ਕਿਤਾਬਾਂ ਦੀਆਂ ਦੁਕਾਨਾਂ 'ਤੇ ਕੋਈ ਵਿਰਲਾ ਹੀ ਪੰਜਾਬੀ ਬੱਚਿਆਂ ਨੂੰ ਲੈ ਕੇ ਪੁੱਜੇਗਾ। ਇਹੀ ਕਾਰਨ ਹੈ ਕਿ ਬਹੁਤ ਸਾਰੇ ਪੰਜਾਬੀ ਪਰਿਵਾਰਾਂ ਦੇ ਬੱਚੇ ਪੰਜਾਬ ਦੀ ਵਿਰਾਸਤ, ਭਾਸ਼ਾ ਤੇ ਇਤਿਹਾਸ ਦੇ ਗਿਆਨ ਤੋਂ ਸੱਖਣੇ ਰਹਿ ਜਾਂਦੇ ਹਨ।

ਸਮੱਸਿਆ ਦੇ ਹੱਲ ਲਈ ਕਾਰਨਾਂ ਦੀ ਪੜਚੋਲ ਜ਼ਰੂਰੀ ਹੁੰਦੀ ਹੈ। ਚਿੰਤਾ ਦੀ ਗੱਲ ਇਹ ਹੈ ਕਿ ਪੰਜਾਬੀ ਚਾਹੇ ਵਿਦੇਸ਼ਾਂ 'ਚੋਂ ਆਉਣ ਜਾਂ ਪੰਜਾਬ 'ਚ ਹੀ ਰਹਿੰਦੇ ਹੋਣ, ਉਨ੍ਹਾਂ ਦੇ ਘਰਾਂ ਅੰਦਰ 'ਬੀਅਰ ਬਾਰ' ਤਾਂ 'ਆਮ' ਮਿਲ ਜਾਵੇਗੀ, ਪਰ 'ਲਾਇਬਰੇਰੀ' ਕਿਸੇ 'ਖਾਸ' ਘਰ 'ਚ ਹੀ ਨਜ਼ਰ ਆਵੇਗੀ। 'ਪਿਆਓ- ਪੀਓ ਐਸ਼ ਕਰੋ ਮਿੱਤਰੋ' ਵਾਲਾ ਸੁਭਾਅ ਸਾਨੂੰ ਗੰਭੀਰਤਾ ਤੋਂ ਕੋਹਾਂ ਦੂਰ ਲਿਜਾ ਰਿਹਾ ਹੈ। ਹੋਰ ਫ਼ਿਕਰਮੰਦੀ ਦੀ ਗੱਲ ਬਾਜ਼ਾਰ ਦੀ ਇਸ਼ਤਿਹਾਰਬਾਜ਼ੀ ਦੀ ਵੀ ਹੈ। ਜਿੰਨਾ ਪ੍ਰਚਾਰ ਬਾਜ਼ਾਰ 'ਚ ਸ਼ਰਾਬ ਦਾ ਹੋ ਰਿਹਾ ਹੈ, ਉਨਾਂ ਕਿਤਾਬਾਂ ਦਾ ਨਹੀਂ। ਪੰਜਾਬੀਆਂ ਦੀ ਮਾਨਸਿਕ ਦਿਵਾਲੀਏਪਣ ਦੀ ਨਿਸ਼ਾਨੀ ਹੈ ਕਿ ਉਹਨਾਂ "ਘਰ ਦੀ ਸ਼ਰਾਬ ਹੋਵੇ" ਗਾਉਣ ਵਾਲੇ ਗਾਇਕ ਨੂੰ ਤਾਂ ਪੰਜਾਬ ਦਾ ਮਾਣ ਕਹਿ ਕੇ ਸਨਮਾਨਿਆ, ਪਰ "ਹੱਥ ਚ ਕਿਤਾਬ ਹੋਵੇ" ਗਾਉਣ ਵਾਲਿਆਂ ਨੂੰ ਕਦੇ ਸਨਮਾਨ ਤੇ ਬਣਦਾ ਸਥਾਨ ਨਹੀਂ ਦਿੱਤਾ। ਇਸੇ ਕਾਰਨ ਤਾਂ ਇਉਂ ਜਾਪਦਾ ਹੈ ;
ਬੌਧਿਕ ਗਿਆਨ ਵਧਾਉਣ ਨੂੰ, ਮਿਲਦੀ ਨਹੀਂ ਕਿਤਾਬ।
ਨਸ਼ਿਆਂ ਤਾਈਂ ਫੈਲਾਉਣ ਨੂੰ, ਘਰ ਘਰ ਮਿਲੇ ਸ਼ਰਾਬ।

'ਪੁਸਤਕਾਂ ਸੱਭਿਆਚਾਰ' ਨੂੰ ਪ੍ਰਫੁਲਿਤ ਕਰਨ ਲਈ ਭਾਸ਼ਾਈ ਅਦਾਰਿਆਂ ਨੂੰ ਸਰਗਰਮੀ ਵਿਖਾਉਣੀ ਹੋਵੇਗੀ। ਇਸ ਸੰਦਰਭ ਵਿੱਚ ਪੰਜਾਬ ਅੰਦਰ ਅਦਾਰਾ ਭਾਸ਼ਾ ਵਿਭਾਗ, ਪੰਜਾਬ ਵਡਮੁੱਲਾ ਯੋਗਦਾਨ ਪਾ ਸਕਦਾ ਹੈ। ਮਿਸਾਲ ਵਜੋਂ ਪੰਜਾਬ ਦੀ ਹਰ ਜ਼ਿਲ੍ਹੇ ਅੰਦਰ ਭਾਸ਼ਾ ਮਹਿਕਮੇ ਦਾ ਦਫ਼ਤਰ ਹੈ ਤੇ ਜ਼ਿਲ੍ਹਾ ਭਾਸ਼ਾ ਅਫ਼ਸਰਾਂ ਦੀ ਜ਼ਿੰਮੇਵਾਰੀ ਹੋਵੇ ਕਿ ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ ਤੇ ਹੋਰ ਜਨਤਕ ਥਾਂਵਾਂ 'ਤੇ ਬੋਰਡ ਲਾ ਕੇ, ਚੰਗੀਆਂ ਪੁਸਤਕਾਂ ਖਰੀਦਣ ਲਈ ਲੋਕਾਂ ਨੂੰ ਉਤਸ਼ਾਹਿਤ ਕੀਤਾ ਜਾਵੇ। ਪੰਜਾਬੀਆਂ ਦੀਆਂ ਲੋੜਾਂ ਮੁੱਖ ਰਖਦਿਆਂ ਜੇਕਰ ਇਹ ਅਦਾਰੇ ਸੇਵਾਵਾਂ ਦਾ ਪ੍ਰਬੰਧ ਕਰਨ, ਤਾਂ ਯਕੀਨਨ ਤੌਰ ਤੇ ਪਾਠਕਾਂ ਦੀ ਗਿਣਤੀ 'ਚ ਚੋਖਾ ਵਾਧਾ ਹੋਵੇਗਾ। ਵਿਦੇਸ਼ਾਂ ਵਿੱਚ ਵੀ ਵੱਧ ਤੋਂ ਵੱਧ ਕਿਤਾਬ ਘਰ ਸਥਾਪਿਤ ਕਰਨੇ ਚਾਹੀਦੇ ਹਨ ਜਿਵੇਂ ਕਿ ਨਵਨੀਤ ਕੌਰ ਨੇ ਪਿੱਛੇ ਜਿਹੇ ਕੈਨੇਡਾ ਦੇ ਸ਼ਹਿਰ ਵਿਨੀਪੈੱਗ ਵਿੱਚ 'ਨਵ ਸਵੇਰ ਕਿਤਾਬ ਘਰ' ਸਥਾਪਿਤ ਕਰਕੇ ਅਜਿਹਾ ਸ਼ਲਾਘਾਯੋਗ ਕਾਰਜ ਕੀਤਾ ਹੈ। ਇਸੇ ਤਰ੍ਹਾਂ ਸਰੀ ਵਿੱਚ ਖਾਲਸਾ ਲਾਇਬ੍ਰੇਰੀ ਅਤੇ ਟੋਰਾਂਟੋ, ਐਲਬਰਟਾ ਆਦਿ ਵਿੱਚ ਹੋਰ ਉਪਰਾਲੇ ਹੋਏ ਹਨ। ਅੱਜ ਪੰਜਾਬੀਆਂ ਨੂੰ ਹੋਰ ਬਾਜ਼ਾਰਾਂ ਨਾਲੋਂ 'ਮੋਬਾਇਲ ਲਾਇਬਰੇਰੀ' ਦੀ ਵੱਧ ਜ਼ਰੂਰਤ ਹੈ, ਤਾਂ ਕਿ ਅਗਲੀ ਪੀੜ੍ਹੀ ਪੰਜਾਬ, ਪੰਜਾਬੀ ਅਤੇ ਪੰਜਾਬੀਅਤ ਦੀ ਮੂਲ ਭਾਵਨਾ ਤੋਂ ਜਾਣੂੰ ਹੋ ਸਕੇ। ਕਿਤਾਬਾਂ ਖਰੀਦਣ ਲਈ ਉਤਸ਼ਾਹ ਵਧਾਉਣ ਵਾਸਤੇ ਚੰਗੇ 'ਪੈਕੇਜ' ਬਣਾਏ ਜਾਣ, ਜਿਸ ਅਧੀਨ ਕੀਮਤੀ ਸਾਹਿਤਕ ਰਚਨਾਵਾਂ ਖਰੀਦਣ 'ਤੇ ਕੁਝ ਗਿਆਨ-ਵਧਾਊ ਪੁਸਤਕਾਂ ਵੀ ਦਿੱਤੀਆਂ ਜਾਣ। ਪੁਸਤਕਾਂ ਵੱਧ ਤੋਂ ਵੱਧ ਵੰਡੀਆਂ ਜਾਣ, ਤਾਂ ਕਿ ਪਾਠਕ ਵਰਗ ਵਿਚ ਵਾਧਾ ਹੋ ਸਕੇ। ਪੰਜਾਬ ਅੰਦਰ ਜਿਹੜਾ ਜ਼ਿਲ੍ਹਾ, ਨਗਰ ਜਾਂ ਪਿੰਡ ਅਜਿਹਾ ਕਰਨ ਵਿਚ ਵਧੇਰੇ ਸਫ਼ਲ ਹੋਵੇ, ਉਸ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇ, ਤਾਂ ਕਿ ਹੋਰਨਾਂ ਅੰਦਰ ਵੀ ਅਜਿਹਾ ਚਾਅ ਪੈਦਾ ਕੀਤਾ ਜਾ ਸਕੇ। ਅਜਿਹਾ ਕਾਰਜ ਹੀ ਯੂਨੀਵਰਸਿਟੀਆਂ ਤੇ ਕਾਲਜ ਵੀ ਕਰ ਸਕਦੇ ਹਨ।

ਵਿਦਿਆ ਮਨੁੱਖ ਨੂੰ ਢਹਿੰਦੀ ਕਲਾ ਦੇ ਮਾਹੌਲ 'ਚੋਂ ਬਾਹਰ ਕੱਢਦੀ ਹੈ ਅਤੇ ਹੌਸਲਾ ਦੇ ਕੇ ਚੜਦੀ ਕਲਾ ਦੇ ਰਾਹ 'ਤੇ ਤੋਰਦੀ ਹੈ। ਗੁਰੂ ਗ੍ਰੰਥ ਸਾਹਿਬ ਵਿੱਚ ਵਿਦਿਆ ਦੀ ਮਹਾਨਤਾ ਨੂੰ ਵਿਚਾਰਿਆ ਹੈ। ਇੱਥੇ ਇਹ ਗੱਲ ਵੀ ਧਿਆਨ ਦੇਣ ਯੋਗ ਹੈ ਕਿ, ਪੜ੍ਹਾਈ ਦਾ ਉਹ ਰੂਪ ਜਿਹੜਾ ਲਭ, ਲੋਭ ਅਤੇ ਹੰਕਾਰ ਨੂੰ ਜਨਮ ਦਿੰਦਾ ਹੈ, ਉਸ ਦਾ ਗੁਰਬਾਣੀ ਨੇ ਖੰਡਨ ਕੀਤਾ ਹੈ। "ਪੜਿਆ ਮੂਰਖੁ ਆਖੀਐ, ਜਿਸੁ ਲਬੁ ਲੋਭੁ ਅਹੰਕਾਰਾ॥" (ਗੁਰੂ ਗ੍ਰੰਥ ਸਾਹਿਬ, ਅੰਗ 140) ਇਸ ਤਰ੍ਹਾਂ ਹੀ "ਲਿਖਿ ਲਿਖਿ ਪੜਿਆ॥ ਤੇਤਾ ਕੜਿਆ॥" (ਅੰਗ 467) ਜਾਂ "ਪੜਿਆ ਹੋਵੈ ਗੁਨਹਗਾਰੁ, ਤਾ ਓਮੀ ਸਾਧੁ ਨ ਮਾਰੀਐ॥" (ਗੁਰੂ ਗ੍ਰੰਥ ਸਾਹਿਬ, ਅੰਗ 469) "ਪੜਿ ਪੜਿ ਲੂਝਹਿ ਬਾਦੁ ਵਖਾਣਹਿ, ਮਿਲਿ ਮਾਇਆ ਸੁਰਤਿ ਗਵਾਈ॥ " (ਗੁਰੂ ਗ੍ਰੰਥ ਸਾਹਿਬ ਅੰਗ :1131)

'ਆਸਾ ਕੀ ਵਾਰ' ਵਿਚਲੇ ਸਲੋਕ, ਸਲੋਕੁ ਮ ਪਹਿਲਾ ॥
"ਪੜਿ ਪੜਿ ਗਡੀ ਲਦੀਅਹਿ ਪੜਿ ਪੜਿ ਭਰੀਅਹਿ ਸਾਥ ॥
ਪੜਿ ਪੜਿ ਬੇੜੀ ਪਾਈਐ ਪੜਿ ਪੜਿ ਗਡੀਅਹਿ ਖਾਤ ॥
ਪੜੀਅਹਿ ਜੇਤੇ ਬਰਸ ਬਰਸ ਪੜੀਅਹਿ ਜੇਤੇ ਮਾਸ ॥
ਪੜੀਐ ਜੇਤੀ ਆਰਜਾ ਪੜੀਅਹਿ ਜੇਤੇ ਸਾਸ ॥
ਨਾਨਕ ਲੇਖੈ ਇਕ ਗਲ ਹੋਰੁ ਹਉਮੈ ਝਖਣਾ ਝਾਖ ॥"
(ਗੁਰੂ ਗ੍ਰੰਥ ਸਾਹਿਬ, ਅੰਗ 467)

ਗੁਰੂ ਨਾਨਕ ਸਾਹਿਬ ਫਰਮਾਉਂਦੇ ਹਨ ਕਿ ਜੇ ਇਤਨੀਆਂ ਪੋਥੀਆਂ ਪੜ੍ਹ ਲਈਏ, ਜਿਨ੍ਹਾਂ ਨਾਲ ਕਈ ਗੱਡੀਆਂ ਭਰ ਲਈਆਂ ਜਾ ਸਕਣ, ਜਿਨ੍ਹਾਂ ਦੇ ਢੇਰਾਂ ਦੇ ਢੇਰ ਲਗਾਏ ਜਾ ਸਕਣ, ਜੇ ਇਤਨੀਆਂ ਪੁਸਤਕਾਂ ਪੜ੍ਹ ਲਈਏ, ਜਿਨ੍ਹਾਂ ਨਾਲ ਇਕ ਬੇੜੀ ਭਰੀ ਜਾ ਸਕੇ, ਕਈ ਖਾਤੇ ਪੂਰੇ ਜਾ ਸਕਣ, ਜੇ ਪੜ੍ਹ ਪੜ੍ਹ ਕੇ ਸਾਲਾਂ ਦੇ ਸਾਲ ਗੁਜ਼ਾਰੇ ਜਾਣ, ਜੇ ਪੜ੍ਹ-ਪੜ੍ਹ ਕੇ ਸਾਲ ਦੇ ਸਾਰੇ ਮਹੀਨੇ ਬਿਤਾ ਦਿੱਤੇ ਜਾਣ; ਜੇ ਪੁਸਤਕਾਂ ਪੜ੍ਹ-ਪੜ੍ਹ ਕੇ ਸਾਰੀ ਉਮਰ ਗੁਜ਼ਾਰ ਦਿੱਤੀ ਜਾਏ, ਜੇ ਪੜ੍ਹ-ਪੜ੍ਹ ਕੇ ਚਾਹੇ ਕੋਈ ਮਨੁੱਖ ਜੀਵਨ ਦੇ ਸਾਰੇ ਸੁਆਸ ਹੀ ਪੜ੍ਹਾਈ 'ਤੇ ਲਗਾ ਦੇਵੇ। ਇੱਥੇ ਗੁਰੂ ਸਾਹਿਬ ਚੇਤਾਵਨੀ ਦੇ ਰਹੇ ਹਨ "ਨਾਨਕ ਲੇਖੈ ਇੱਕ ਗਲ ਹੋਰੁ ਹਉਮੈ ਝਖਣਾ ਝਾਖ॥" ਭਾਵ ਹੇ ਮਨੁੱਖ! ਤੂੰ ਪੜ੍ਹਾਈ ਤਾਂ ਕੀਤੀ, ਪਰ ਪੜ੍ਹਾਈ ਦੇ ਅਸਲ ਮਕਸਦ ਤੋਂ ਅਣਜਾਣ ਹੋਣ ਕਾਰਨ ਤੂੰ ਆਪਣੇ ਜੀਵਨ'ਚ ਹਉਮੈ-ਵਿਕਾਰਾਂ ਨੂੰ ਹੀ ਪੱਠੇ ਪਾਏ ਤੇ ਝੱਖ ਹੀ ਮਾਰੀ ਹੈ। ਇਸ ਸ਼ਬਦ ਵਿੱਚ ਗੁਰੂ ਸਾਹਿਬ ਪੜ੍ਹਾਈ ਦਾ ਖੰਡਨ ਨਹੀਂ ਕਰ ਰਹੇ, ਬਲਕਿ ਪੜ੍ਹਾਈ ਦੇ ਸੱਚੇ ਸੁੱਚੇ ਇਲਾਹੀ ਮਕਸਦ ਤੋਂ ਬੇਮੁਖ ਵਿਅਕਤੀ ਨੂੰ ਸੇਧ ਰਹੇ ਹਨ। ਮੁਕਦੀ ਗੱਲ, ਨਵੇ ਵਰੇ ਦੀਆਂ ਬਰੂਹਾਂ 'ਤੇ ਖੜ ਕੇ ਜੇਕਰ ਗੁਰਬਾਣੀ ਦਾ ਇਹ ਸ਼ਬਦ ਅਸੀਂ ਆਤਮਸਾਤ ਕਰ ਲਈਏ, ਤਾਂ ਜੀਵਨ ਬਦਲ ਜਾਏਗਾ :
ਵਿਦਿਆ ਵੀਚਾਰੀ ਤਾਂ ਪਰਉਪਕਾਰੀ ॥
{ ਗੁਰੂ ਗ੍ਰੰਥ ਸਾਹਿਬ, ਅੰਗ : 356}




Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK





1003 Moffat Blvd,
Manteca CA 95336

# 209-239-1551



Chevron

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668



# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

WE HAVE THE CHEAPEST FARES TO INDIA

# LEGEND TRAVEL



arc accredited agency

CST # 207524-40

Special Fares To India From West-coast (us) On Air India Direct Flights




JATINDER SINGH

LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | CATHAY PACIFIC | ASIANA AIRLINES | JET AIRWAYS | CHINA AIRLINES | BRITISH AIRWAYS | SINGAPORE AIRLINES | Lufthansa | ANA


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿੰਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਆਿਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਰਿਾਇਆ + 7-9% ਵਾਧਾ | ਨਯਿਮਤਿ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਰਿਾਇਆ + 6-8% ਵਾਧਾ | ਸੁਰੱਖਅਿਤ ਨਵਿੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:** 7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ

**2020 ਚੰਡੀਗੜ੍ਹ:** 4 ਸਾਲਾਂ ਵਿੱਚ ਦੁੱਗਣਾ ਵਾਧਾ

**2022 ਪੁਣੇ:** 2 ਸਾਲਾਂ ਵਿੱਚ 58% ਵਾਧਾ

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**

**Call : +91 73038-88722**

**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO ADVERTISEMENTS
We make professional video advertisements for your business in Punjabi, Hindi & English
POSTERS DESIGN
We design flyers, Posters and Post Cards to promote your business
BUSINESS CARD DESIGN
WE DESIGN YOUR BUSINESS CARD
SOCIAL MEDIA HANDLERS
We can manage your Business social media handlers Facebook, instagram & YouTube
24/7 TECH SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਯੂਕਰੇਨ ਨੇ ਪੁਤਿਨ ਦੇ ਘਰ 'ਤੇ 91 ਡਰੋਨਾਂ ਨਾਲ ਕੀਤਾ ਹਮਲਾ ਰੂਸ ਨੇ ਕੀਤਾ ਦਾਅਵਾ ਸਾਰਿਆਂ ਨੂੰ ਮਾਰ ਸੁੱਟਿਆ

ਮਾਸਕੋ
ਸਾਂਝੀ ਸੋਚ ਬਿਊਰੋ

ਇਸ ਵੇਲੇ ਰੂਸ ਅਤੇ ਯੂਕਰੇਨ ਵਿਚਕਾਰ ਲਗਭਗ ਚਾਰ ਸਾਲਾਂ ਤੋਂ ਚੱਲ ਰਹੀ ਜੰਗ ਨੂੰ ਖਤਮ ਕਰਨ ਲਈ ਸ਼ਾਂਤੀ ਸਮਝੌਤੇ ਲਈ ਗੱਲਬਾਤ ਚੱਲ ਰਹੀ ਹੈ, ਪਰ ਇਸ ਦੌਰਾਨ ਹੀ ਸੋਮਵਾਰ ਨੂੰ ਰੂਸੀ ਵਿਦੇਸ਼ ਮੰਤਰੀ ਸਰਗੇਈ ਲਾਵਰੋਵ ਨੇ ਯੂਕਰੇਨ 'ਤੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੇ ਘਰ 'ਤੇ 91 ਡਰੋਨਾਂ ਹਮਲਾ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਕਿਹਾ ਕਿ ਇਹ ਹਮਲਾ ਨੋਵਗੋਰੋਡ ਖੇਤਰ ਵਿੱਚ ਰਾਸ਼ਟਰਪਤੀ ਦੇ ਸਰਕਾਰੀ ਨਿਵਾਸ ਨੂੰ ਨਿਸ਼ਾਨਾ ਬਣਾ ਕੇ ਕੀਤਾ ਗਿਆ। ਲਾਵਰੋਵ ਨੇ ਕਿਹਾ ਕਿ ਲੰਬੀ ਦੂਰੀ ਦੇ ਡਰੋਨ ਦੁਆਰਾ ਕੀਤਾ ਗਿਆ ਹਮਲਾ 28-29 ਦਸੰਬਰ ਦੀ ਰਾਤ ਨੂੰ ਹੋਇਆ ਸੀ। ਹਾਲਾਂਕਿ, ਰੂਸੀ ਹਵਾਈ ਰੱਖਿਆ ਪ੍ਰਣਾਲੀਆਂ ਨੇ ਸਾਰੇ ਡਰੋਨਾਂ ਨੂੰ ਹਵਾ ਵਿੱਚ ਮਾਰ ਦਿੱਤਾ। ਉਨ੍ਹਾਂ ਨੇ ਇਸਨੂੰ ਯੂਕਰੇਨੀ ਸਰਕਾਰ ਦੁਆਰਾ ਸਪਾਂਸਰ ਕੀਤਾ ਗਿਆ ਇੱਕ ਅੱਤਵਾਦੀ ਹਮਲਾ ਕਰਾਰ ਦਿੱਤਾ ਅਤੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਨੂੰ ਸਜ਼ਾ ਦਿੱਤੇ ਬਿਨਾਂ ਨਹੀਂ ਛੱਡਿਆ ਜਾਵੇਗਾ।



ਇਸ ਬਾਰੇ ਇਹ ਜਾਣਕਾਰੀ ਨਹੀਂ ਸੀ ਕਿ ਹਮਲੇ ਦੇ ਸਮੇਂ ਰਾਸ਼ਟਰਪਤੀ ਪੁਤਿਨ ਮੌਜੂਦ ਸਨ ਜਾਂ ਨਹੀਂ। ਰੂਸ ਨੇ ਇਨ੍ਹਾਂ ਹਮਲਿਆਂ ਦਾ ਬਦਲਾ ਲੈਣ ਦੀ ਤਿਆਰੀ ਕਰ ਲਈ ਹੈ ਅਤੇ ਇਹ ਵੀ ਫੈਸਲਾ ਕੀਤਾ ਹੈ ਕਿ ਜਵਾਬੀ ਹਮਲੇ ਕਦੋਂ ਅਤੇ ਕਿੱਥੇ ਕੀਤੇ ਜਾਣਗੇ। ਰੂਸ ਨੇ ਸ਼ਾਂਤੀ ਸਮਝੌਤੇ 'ਤੇ ਆਪਣੇ ਰੁਖ਼ ਨੂੰ ਉਲਟਾਉਣ ਦਾ ਵੀ ਸੰਕੇਤ ਦਿੱਤਾ ਹੈ। ਇਸ ਨੇ ਯੂਕਰੇਨ 'ਤੇ ਅੱਤਵਾਦੀ ਹਮਲੇ ਕਰਨ ਦਾ ਦੋਸ਼ ਲਗਾਇਆ ਹੈ ਅਤੇ ਕਿਹਾ ਹੈ ਕਿ ਹੁਣ ਜਦੋਂ ਯੂਕਰੇਨ ਨੇ ਅੱਤਵਾਦ ਦਾ ਸਹਾਰਾ ਲਿਆ ਹੈ, ਤਾਂ ਉਹ ਸ਼ਾਂਤੀ ਵਾਰਤਾ 'ਤੇ ਆਪਣੇ ਰੁਖ਼ 'ਤੇ ਮੁੜ ਵਿਚਾਰ ਕਰੇਗਾ।

ਇਸ ਦੌਰਾਨ, ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਂਸਕੀ ਨੇ ਰੂਸ ਦੇ ਦੋਸ਼ਾਂ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਕਿ ਯੂਕਰੇਨ ਨੇ ਨੋਵਗੋਰੋਡ ਵਿੱਚ ਪੁਤਿਨ ਦੇ ਨਿਵਾਸ 'ਤੇ ਹਮਲਾ ਕਰਨ ਦੀ ਕੋਸ਼ਿਸ਼ ਕੀਤੀ ਸੀ। ਜ਼ੇਲੇਂਸਕੀ ਨੇ ਇਨ੍ਹਾਂ ਦਾਅਵਿਆਂ ਨੂੰ ਮਨਘੜਤ ਅਤੇ ਝੂਠਾ ਦੱਸਿਆ।

ਉਨ੍ਹਾਂ ਸਪੱਸ਼ਟ ਕੀਤਾ ਕਿ ਯੂਕਰੇਨ ਦਾ ਪੁਤਿਨ ਦੇ ਕਿਸੇ ਵੀ ਨਿਵਾਸ 'ਤੇ ਹਮਲਾ ਕਰਨ ਦਾ ਕੋਈ ਇਰਾਦਾ ਨਹੀਂ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮਾਸਕੋ ਕੀਵ ਅਤੇ ਹੋਰ ਸਰਕਾਰੀ ਇਮਾਰਤਾਂ 'ਤੇ ਆਪਣੇ ਨਵੇਂ ਹਮਲਿਆਂ ਨੂੰ ਜਾਇਜ਼ ਠਹਿਰਾਉਣ ਲਈ ਅਜਿਹੇ ਮਨਘੜਤ ਦੋਸ਼ ਲਗਾ ਰਿਹਾ ਹੈ। ਜ਼ੇਲੇਂਸਕੀ ਨੇ ਕਿਹਾ ਕਿ ਇਹ ਸ਼ਾਂਤੀ ਵਾਰਤਾ ਵਿੱਚ ਹੋ ਰਹੀ ਪ੍ਰਗਤੀ ਨੂੰ ਰੋਕਣ ਲਈ ਜਾਣਬੁੱਝ ਕੇ ਕੀਤੀ ਗਈ ਸਾਜ਼ਿਸ਼ ਹੋ ਸਕਦੀ ਹੈ।

# ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਖਾਲਿਦਾ ਜ਼ਿਆ ਦਾ ਦੇਹਾਂਤ, 20 ਦਿਨਾਂ ਤੋਂ ਸਨ ਵੈਂਟੀਲੇਟਰ 'ਤੇ

ਢਾਕਾ
ਸਾਂਝੀ ਸੋਚ ਬਿਊਰੋ

ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਬੇਗਮ ਖਾਲਿਦਾ ਜ਼ਿਆ ਦਾ ਦੇਹਾਂਤ ਹੋ ਗਿਆ ਹੈ। ਉਹ ਲੰਬੇ ਸਮੇਂ ਤੋਂ ਬਿਮਾਰ ਸਨ। ਖਾਲਿਦਾ ਕਈ ਸਾਲਾਂ ਤੋਂ ਛਾਤੀ ਦੀ ਇਨਫੈਕਸ਼ਨ, ਜਿਗਰ, ਗੁਰਦੇ, ਸ਼ੂਗਰ, ਗਠੀਆ ਅਤੇ ਅੱਖਾਂ ਦੀਆਂ ਸਮੱਸਿਆਵਾਂ ਤੋਂ ਪੀੜਤ ਸੀ। ਉਨ੍ਹਾਂ ਦੇ ਪਰਿਵਾਰ ਅਤੇ ਪਾਰਟੀ ਨੇਤਾਵਾਂ ਨੇ ਉਨ੍ਹਾਂ ਦੀ ਮੌਤ ਦੀ ਪੁਸ਼ਟੀ ਕੀਤੀ ਹੈ। ਖਾਲਿਦਾ ਜ਼ਿਆ 23 ਨਵੰਬਰ ਤੋਂ ਢਾਕਾ ਦੇ ਐਵਰਕੇਅਰ ਹਸਪਤਾਲ ਵਿੱਚ ਇਲਾਜ ਅਧੀਨ ਸੀ ਅਤੇ 11 ਦਸੰਬਰ ਨੂੰ ਉਨ੍ਹਾਂ ਨੂੰ ਵੈਂਟੀਲੇਟਰ ਸਹਾਇਤਾ 'ਤੇ ਰੱਖਿਆ ਗਿਆ ਸੀ। ਦੋ ਦਿਨ ਪਹਿਲਾਂ, ਉਨ੍ਹਾਂ ਦਾ ਇਲਾਜ ਕਰਨ ਵਾਲੇ ਡਾਕਟਰਾਂ ਨੇ ਉਨ੍ਹਾਂ ਦੀ ਹਾਲਤ ਨੂੰ "ਬਹੁਤ ਹੀ ਨਾਜ਼ੁਕ" ਦੱਸਿਆ ਸੀ। ਇੱਕ ਫੇਸਬੁੱਕ ਪੋਸਟ ਵਿੱਚ, ਬੀਐਨਪੀ ਨੇ ਕਿਹਾ ਕਿ ਡਾਕਟਰਾਂ ਨੇ ਅੱਜ ਸਵੇਰੇ 6 ਵਜੇ ਦੇ ਕਰੀਬ ਸਾਬਕਾ ਪ੍ਰਧਾਨ ਮੰਤਰੀ ਨੂੰ ਮ੍ਰਿਤਕ ਐਲਾਨ ਦਿੱਤਾ। ਬੇਗਮ ਖਾਲਿਦਾ ਜ਼ਿਆ ਇੱਕ ਪ੍ਰਮੁੱਖ ਬੰਗਲਾਦੇਸ਼ੀ ਸਿਆਸਤਦਾਨ ਅਤੇ ਸਾਬਕਾ ਪ੍ਰਧਾਨ ਮੰਤਰੀ ਸਨ। ਉਨ੍ਹਾਂ ਦਾ ਜਨਮ 15 ਅਗਸਤ, 1945



ਨੂੰ ਦਿਨਾਜਪੁਰ ਜ਼ਿਲ੍ਹੇ ਵਿੱਚ ਹੋਇਆ ਸੀ, ਜੋ ਉਸ ਸਮੇਂ ਪੂਰਬੀ ਪਾਕਿਸਤਾਨ (ਹੁਣ ਬੰਗਲਾਦੇਸ਼) ਸੀ। ਉਹ ਬੰਗਲਾਦੇਸ਼ ਦੇ ਸਾਬਕਾ ਰਾਸ਼ਟਰਪਤੀ ਜ਼ਿਆਉਰ ਰਹਿਮਾਨ ਦੀ ਪਤਨੀ ਸੀ, ਜਿਨ੍ਹਾਂ ਦੀ 1981 ਵਿੱਚ ਹੱਤਿਆ ਕਰ ਦਿੱਤੀ ਗਈ ਸੀ।

ਖਾਲਿਦਾ ਜ਼ਿਆ ਉਨ੍ਹਾਂ ਦੀ ਮੌਤ ਤੋਂ ਬਾਅਦ ਸਰਗਰਮ ਰਾਜਨੀਤੀ ਵਿੱਚ ਆਈ। ਆਪਣੇ ਪਤੀ ਦੀ ਮੌਤ ਤੋਂ ਬਾਅਦ, ਉਨ੍ਹਾਂ ਨੇ ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ ਦੀ ਅਗਵਾਈ ਸੰਭਾਲੀ ਅਤੇ ਜਲਦੀ ਹੀ ਦੇਸ਼ ਦੀਆਂ ਸਭ ਤੋਂ ਪ੍ਰਭਾਵਸ਼ਾਲੀ ਰਾਜਨੀਤਿਕ ਹਸਤੀਆਂ ਵਿੱਚੋਂ ਇੱਕ ਬਣ ਗਈ। ਖਾਲਿਦਾ ਜ਼ਿਆ ਨੇ ਤਿੰਨ ਵਾਰ ਬੰਗਲਾਦੇਸ਼ ਦੀ ਪ੍ਰਧਾਨ ਮੰਤਰੀ ਵਜੋਂ ਸੇਵਾ ਨਿਭਾਈ। ਉਨ੍ਹਾਂ ਨੇ 1991 ਤੋਂ 1996 ਤੱਕ ਅਤੇ ਫਿਰ 2001 ਤੋਂ 2006 ਤੱਕ ਸੇਵਾ ਨਿਭਾਈ। ਖਾਲਿਦਾ ਜ਼ਿਆ ਦੀ ਮੌਤ ਅਜਿਹੇ ਸਮੇਂ ਹੋਈ ਹੈ ਜਦੋਂ ਬੰਗਲਾਦੇਸ਼ ਰਾਜਨੀਤਿਕ ਉਥਲ-ਪੁਥਲ ਨਾਲ ਜੂਝ ਰਿਹਾ ਹੈ। ਚੋਣਾਂ ਫਰਵਰੀ ਵਿੱਚ ਹੋਣੀਆਂ ਹਨ, ਅਤੇ ਉਨ੍ਹਾਂ ਦਾ ਪੁੱਤਰ, ਤਾਰਿਕ ਰਹਿਮਾਨ, ਹਿੱਸਾ ਲੈਣ ਲਈ ਲਗਭਗ 17 ਸਾਲਾਂ ਬਾਅਦ ਦੇਸ਼ ਵਾਪਸ ਆਇਆ ਹੈ। ਜ਼ਿਆ ਲੰਬੇ ਸਮੇਂ ਤੋਂ ਬਿਮਾਰ ਸੀ ਅਤੇ ਸ਼ੇਖ ਹਸੀਨਾ ਦੇ ਸ਼ਾਸਨ ਦੌਰਾਨ ਕਈ ਸਾਲਾਂ ਤੋਂ ਘਰ ਵਿੱਚ ਨਜ਼ਰਬੰਦ ਸੀ।

# ਨਿਊਯਾਰਕ ਦੇ ਮੇਅਰ ਮਮਦਾਨੀ ਸਾਹਮਣੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਚੁਣੌਤੀ

ਨਿਊਯਾਰਕ
ਸਾਂਝੀ ਸੋਚ ਬਿਊਰੋ

ਨਿਊਯਾਰਕ ਸਿਟੀ ਦੇ ਮਨੋਨੀਤ ਮੇਅਰ ਜ਼ੋਹਰਾਨ ਮਮਦਾਨੀ (34) ਨੇ ਲੋਕਾਂ ਨਾਲ ਵੱਡੇ ਵਾਅਦੇ ਕੀਤੇ ਹਨ, ਜਿਨ੍ਹਾਂ ਨੂੰ ਪੂਰਾ ਕਰਨਾ ਵੱਡੀ ਚੁਣੌਤੀ ਹੋਵੇਗੀ। ਲੋਕਾਂ ਦੇ ਨਾਲ-ਨਾਲ ਸਿਆਸੀ ਹਲਕਿਆਂ ਦੀਆਂ ਨਜ਼ਰਾਂ ਵੀ ਉਸ 'ਤੇ ਲੱਗੀਆਂ ਹਨ। ਉਹ ਨਵੇਂ ਵਰ੍ਹੇ ਦੇ ਪਹਿਲੇ ਦਿਨ, ਪਹਿਲੀ ਜਨਵਰੀ ਨੂੰ ਅਹੁਦਾ ਸੰਭਾਲਣਗੇ। ਰਿਪਬਲਿਕਨ ਪਾਰਟੀ ਨੇ ਮਮਦਾਨੀ ਨੂੰ ਉਦਾਰਵਾਦੀਆਂ ਲਈ ਖ਼ਲਨਾਇਕ ਵਜੋਂ ਪੇਸ਼ ਕੀਤਾ ਹੈ। ਕੁਝ ਡੈਮੋਕਰੈਟ ਸਾਥੀ ਉਸ ਨੂੰ ਕੱਟੜ ਖੱਬੇਪੱਖੀ ਆਗੂ ਮੰਨਦੇ ਹਨ। ਪ੍ਰਗਤੀਵਾਦੀ ਉਸ ਦੇ ਵਿਚਕਾਰਲੇ ਰਾਹ ਬਾਰੇ ਕਿਸੇ ਵੀ ਤਰ੍ਹਾਂ ਦੀ ਤਬਦੀਲੀ ਦੇ ਸੰਕੇਤਾਂ 'ਤੇ ਨਜ਼ਰ ਰੱਖ ਰਹੇ ਹਨ। ਡੈਮੋਕਰੈਟਿਕ ਪਾਰਟੀ ਦੇ ਸਿਆਸੀ ਸਲਾਹਕਾਰ ਜੌਰਜ ਆਰਜ਼ਟ ਨੇ ਕਿਹਾ ਕਿ ਮਮਦਾਨੀ ਨੂੰ ਮੇਅਰ ਵਜੋਂ ਕਾਰਜਕਾਲ ਦੇ 100 ਦਿਨਾਂ 'ਚ ਅਜਿਹੇ ਕੰਮ ਕਰ ਕੇ ਦਿਖਾਉਣੇ ਪੈਣਗੇ ਕਿ ਲੋਕ ਆਖਣ ਕਿ ਉਹ ਉਨ੍ਹਾਂ ਦੇ ਮੁੱਦਿਆਂ ਬਾਰੇ ਗੰਭੀਰ



ਹੈ। ਮਮਦਾਨੀ ਨੇ ਆਪਣੀ ਪ੍ਰਚਾਰ ਮੁਹਿੰਮ ਦੌਰਾਨ ਆਮ ਲੋਕਾਂ 'ਤੇ ਧਿਆਨ ਕੇਂਦਰਿਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਦਾ ਵਾਅਦਾ ਕੀਤਾ ਸੀ। ਇਨ੍ਹਾਂ ਮੰਗਾਂ 'ਚ ਮੁਫ਼ਤ ਬਾਲ ਸੰਭਾਲ ਤੇ ਬੱਸ ਸੇਵਾ ਅਤੇ ਘਰਾਂ ਦੇ ਕਿਰਾਏ 'ਚ ਵਾਧਾ ਨਾ ਕਰਨਾ ਸ਼ਾਮਲ ਹਨ। ਰਾਸ਼ਟਰਪਤੀ ਡੋਨਲਡ ਟਰੰਪ ਅਤੇ ਮਮਦਾਨੀ 'ਚ ਫ਼ਿਲਹਾਲ ਤਣਾਅ ਘਟ ਗਿਆ ਹੈ ਪਰ ਭਵਿੱਖ 'ਚ ਸਿਆਸੀ ਮੱਤਭੇਦ ਡੂੰਘੇ ਹੋ ਸਕਦੇ ਹਨ। ਟਰੰਪ ਨਾਲ ਪ੍ਰਵਾਸੀਆਂ ਦੇ ਮੁੱਦੇ 'ਤੇ ਟਕਰਾਅ ਪੈਦਾ ਹੋ ਸਕਦਾ ਹੈ। ਉਹ ਇਮੀਗ੍ਰੇਸ਼ਨ ਬਾਰੇ ਟਰੰਪ ਦੀਆਂ ਨੀਤੀਆਂ ਦਾ ਡੱਟ ਕੇ ਵਿਰੋਧ ਕਰਦਾ ਹੈ। ਉਧਰ ਮਮਦਾਨੀ ਦੇ ਯਹੂਦੀ ਭਾਈਚਾਰੇ ਨਾਲ ਸਬੰਧ ਵੀ ਠੀਕ ਨਹੀਂ ਹਨ ਕਿਉਂਕਿ ਉਸ ਨੇ ਇਜ਼ਰਾਈਲ ਸਰਕਾਰ ਦੀ ਨਿੰਦਾ ਕਰਦਿਆਂ ਫਲਸਤੀਨੀਆਂ ਦੇ ਮਨੁੱਖੀ ਹੱਕਾਂ ਦੀ ਹਮਾਇਤ ਕੀਤੀ ਹੈ।

# ਅਮਰੀਕਾ ਵੱਲੋਂ ਯੂਕਰੇਨ ਨੂੰ 15 ਸਾਲ ਲਈ ਸੁਰੱਖਿਆ ਗਾਰੰਟੀ ਦੀ ਪੇਸ਼ਕਸ਼: ਜ਼ੇਲੈਂਸਕੀ

## ਟਰੰਪ ਵੱਲੋਂ ਰੂਸ ਤੇ ਯੂਕਰੇਨ ਦੇ ਸ਼ਾਂਤੀ ਸਮਝੌਤੇ ਦੇ ਨੇੜੇ ਹੋਣ ਦਾ ਦਾਅਵਾ

ਯੂਕਰੇਨ
ਸਾਂਝੀ ਸੋਚ ਬਿਊਰੋ

ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੈਂਸਕੀ ਨੇ ਕਿਹਾ ਕਿ ਅਮਰੀਕਾ ਨੇ ਤਜਵੀਜ਼ ਕੀਤੀ ਸ਼ਾਂਤੀ ਯੋਜਨਾ ਤਹਿਤ ਯੂਕਰੇਨ ਨੂੰ 15 ਸਾਲ ਲਈ ਸੁਰੱਖਿਆ ਗਾਰੰਟੀ ਦੀ ਪੇਸ਼ਕਸ਼ ਕੀਤੀ ਹੈ ਪਰ ਉਹ ਆਪਣੀ ਦੀ ਜ਼ਮੀਨ 'ਤੇ ਜਬਰੀ ਕਬਜ਼ਾ ਕਰਨ ਦੀਆਂ ਰੂਸ ਦੀਆਂ ਕੋਸ਼ਿਸ਼ਾਂ ਨੂੰ ਰੋਕਣ ਲਈ 50 ਸਾਲ ਤੱਕ ਦੀ ਅਮਰੀਕੀ ਵਚਨਬੱਧਤਾ ਨੂੰ ਤਰਜੀਹ ਦੇਣਗੇ। ਉਨ੍ਹਾਂ ਇਹ ਗੱਲ ਫਲੋਰਿਡਾ ਰਿਜ਼ੋਰਟ 'ਚ ਬੀਤੇ ਦਿਨੀਂ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨਾਲ ਹੋਈ ਮੁਲਾਕਾਤ ਤੋਂ ਬਾਅਦ ਕਹੀ, ਜਿਸ 'ਚ ਟਰੰਪ ਨੇ ਕਿਹਾ ਸੀ ਕਿ ਯੂਕਰੇਨ ਤੇ ਰੂਸ ਸ਼ਾਂਤੀ ਸਮਝੌਤੇ ਦੇ 'ਪਹਿਲਾਂ ਨਾਲੋਂ ਕਿਤੇ ਵੱਧ ਕਰੀਬ' ਹਨ। ਜ਼ੇਲੈਂਸਕੀ ਨੇ ਪੱਤਰਕਾਰਾਂ ਨੂੰ ਕਿਹਾ, "ਅਸਲ ਸੁਰੱਖਿਆ ਗਾਰੰਟੀਆਂ ਤੋਂ ਬਿਨਾਂ ਇਹ ਜੰਗ ਖਤਮ ਨਹੀਂ ਹੋਵੇਗੀ।" ਸੁਰੱਖਿਆ ਗਾਰੰਟੀ ਦੇ ਵੇਰਵੇ ਜਨਤਕ ਨਹੀਂ ਕੀਤੇ ਗਏ ਪਰ ਜ਼ੇਲੈਂਸਕੀ ਨੇ ਕਿਹਾ ਕਿ ਇਸ 'ਚ ਸ਼ਾਂਤੀ ਸਮਝੌਤੇ ਦੀ ਨਿਗਰਾਨੀ ਤੇ ਭਾਈਵਾਲਾਂ ਦੀ ਸ਼ਮੂਲੀਅਤ ਵੀ ਸ਼ਾਮਲ ਹੈ। ਦੂਜੇ ਪਾਸੇ ਕਰੈਮਲਿਨ ਦੇ ਬੁਲਾਰੇ ਦਮਿਤਰੀ ਪੈਸਕੋਵ ਨੇ ਕਿਹਾ ਕਿ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇੜ ਭਵਿੱਖ 'ਚ ਗੱਲਬਾਤ ਕਰ ਸਕਦੇ ਹਨ ਪਰ ਰੂਸੀ ਆਗੂ



ਵੱਲੋਂ ਜ਼ੇਲੈਂਸਕੀ ਨਾਲ ਗੱਲਬਾਤ ਕੀਤੇ ਜਾਣ ਦਾ ਕੋਈ ਸੰਕੇਤ ਨਹੀਂ ਹੈ। ਇਸ ਤੋਂ ਪਹਿਲਾਂ ਬੀਤੇ ਦਿਨੀਂ ਜ਼ੇਲੈਂਸਕੀ ਦੀ ਮੇਜ਼ਬਾਨੀ ਕਰਦਿਆਂ ਟਰੰਪ ਨੇ ਕਿਹਾ ਕਿ ਯੂਕਰੇਨ ਤੇ ਰੂਸ ਸ਼ਾਂਤੀ ਸਮਝੌਤੇ ਦੇ 'ਪਹਿਲਾਂ ਨਾਲੋਂ ਕਿਤੇ ਵੱਧ ਕਰੀਬ' ਹਨ। ਉਨ੍ਹਾਂ ਇਹ ਵੀ ਸਵੀਕਾਰ ਕੀਤਾ ਕਿ ਵਾਰਤਾ ਗੁੰਝਲਦਾਰ ਹੈ, ਇਸ ਦੇ ਨਾਕਾਮ ਹੋਣ ਦੇ ਖ਼ਦਸ਼ੇ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ, ਇਉਂ ਜੰਗ ਸਾਲਾਂ ਤੱਕ ਲੰਮੀ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨਾਲ ਉਨ੍ਹਾਂ ਦੀ ਫੋਨ 'ਤੇ ਢਾਈ ਘੰਟੇ 'ਬਹੁਤ ਚੰਗੀ' ਗੱਲਬਾਤ ਹੋਈ; ਲੱਗਦਾ ਹੈ ਕਿ ਪੁਤਿਨ ਸ਼ਾਂਤੀ ਚਾਹੁੰਦੇ ਹਨ ਪਰ ਜੇਲੈਂਸਕੀ ਦੇ ਵਾਰਤਾ ਲਈ ਅਮਰੀਕਾ ਰਵਾਨਾ ਹੋਣ ਦੌਰਾਨ ਰੂਸ ਨੇ ਯੂਕਰੇਨ 'ਤੇ ਮੁੜ ਹਮਲੇ ਕੀਤੇ। ਕਈ ਗੁੰਝਲਦਾਰ ਮੁੱਦੇ ਹਾਲੇ ਵੀ ਬਾਕੀ ਹਨ, ਜਿਨ੍ਹਾਂ 'ਚ ਇਹ ਸਵਾਲ ਵੀ ਹੈ ਕਿ ਰੂਸ ਦੇ ਕਬਜ਼ੇ ਹੇਠਲੇ ਯੂਕਰੇਨੀ ਖਿੱਤਿਆਂ ਦਾ ਕੀ ਹੋਵੇਗਾ ਅਤੇ ਯੂਕਰੇਨ ਲਈ ਅਜਿਹਾ ਸੁਰੱਖਿਆ ਭਰੋਸਾ ਕਿਵੇਂ ਯਕੀਨੀ ਬਣਾਇਆ ਜਾਵੇ ਕਿ ਭਵਿੱਖ 'ਚ ਉਸ 'ਤੇ ਮੁੜ ਹਮਲਾ ਨਾ ਹੋਵੇ। ਜ਼ੇਲੈਂਸਕੀ ਨੇ ਕਿਹਾ ਕਿ ਟਰੰਪ ਜਨਵਰੀ 'ਚ ਯੂਰਪੀਅਨ ਆਗੂਆਂ ਦੀ ਇੱਕ ਹੋਰ ਮੀਟਿੰਗ ਦੀ ਮੇਜ਼ਬਾਨੀ ਲਈ ਸਹਿਮਤ ਹੋਏ ਹਨ, ਜੋ ਸੰਭਵ ਹੈ ਕਿ ਵ੍ਹਾਈਟ ਹਾਊਸ 'ਚ ਹੋਵੇਗੀ।


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਵਾਈਟ ਹਾਊਸ ਪ੍ਰੈਸ ਸਕੱਤਰ ਲੀਵਿਟ ਧੀ ਨੂੰ ਦੇਵੇਗੀ ਜਨਮ

**ਸੈਕਰਾਮੈਂਟੋ ਹੁਸਨ ਲੜੋਆ ਬੰਗਾ**

ਵਾਈਟ ਹਾਊਸ ਦੀ ਪ੍ਰੈਸ ਸਕੱਤਰ ਕਾਰੋਲਿਨ ਲੀਵਿਟ ਗਰਭਵਤੀ ਹੈ ਤੇ ਉਹ ਇੱਕ ਧੀ ਨੂੰ ਜਨਮ ਦੇਵੇਗੀ। ਇਹ ਖਬਰ ਖੁਦ ਲੀਵਿਟ ਨੇ ਸੋਸ਼ਲ ਮੀਡੀਆ 'ਤੇ ਸਾਂਝੀ ਕਰਦਿਆਂ ਕਿਹਾ ਹੈ ਕਿ ਇਹ ਸਾਡੇ ਲਈ ਅਨਮੁੱਲਾ ਮਹਾਨ ਕ੍ਰਿਸਮਿਸ ਤੋਹਫ਼ਾ ਹੈ। ਲੀਵਿਟ ਨੇ ਲਿਖਿਆ ਹੈ ਕਿ ' ਮੇਰਾ ਪਤੀ ਤੇ ਮੈ ਸਾਡੇ ਪਰਿਵਾਰ ਦੇ ਵੱਡਾ ਹੋਣ ਪ੍ਰਤੀ ਉਤਸ਼ਾਹਤ ਹਾਂ ਤੇ ਸਾਡੇ ਪੁੱਤਰ ਦੇ ਵੱਡਾ ਭਰਾ ਬਣਨ ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਾਂ।' ਲੀਵਿਟ ਨੇ ਲਿਖਿਆ ਹੈ ਕਿ ਧੀ ਦੇ ਅਗਲੇ ਸਾਲ ਮਈ ਵਿੱਚ ਪੈਦਾ ਹੋਣ ਦੀ ਆਸ ਹੈ। ਇਥੇ ਜਿਕਰਯੋਗ ਹੈ ਕਿ ਅਮਰੀਕਾ ਤੇ ਕੈਨੇਡਾ ਵਰਗੇ ਮੁਲਕਾਂ ਵਿੱਚ ਜੋੜੇ ਨੂੰ ਪੈਦਾ ਹੋਣ ਵਾਲੇ ਲਿੰਗ ਬਾਰੇ ਪਹਿਲਾਂ ਹੀ ਦਸ ਦਿੱਤਾ ਜਾਂਦਾ ਹੈ। 28 ਸਾਲਾ ਲੀਵਿਟ ਵਾਈਟ ਹਾਊਸ ਵਿੱਚ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਸਭ ਤੋਂ ਛੋਟੀ ਉਮਰ ਦੀ ਸਲਾਹਕਾਰ ਹੈ।

# ਕੈਲੀਫੋਰਨੀਆ ਵਿੱਚ ਬਰਫ਼ਬਾਰੀ ਕਾਰਨ ਵਾਹਨ ਸੜਕਾਂ 'ਤੇ ਫਸੇ

**ਸੈਕਰਾਮੈਂਟੋ ਹੁਸਨ ਲੜੋਆ ਬੰਗਾ**

ਉੱਤਰ ਪੂਰਬ ਕੈਲੀਫੋਰਨੀਆ ਵਿੱਚ ਕ੍ਰਿਸਮਿਸ ਦੇ ਜਸ਼ਨਾਂ ਦੌਰਾਨ ਲੋਕਾਂ ਨੂੰ ਬਰਫ਼ਬਾਰੀ ਤੇ ਸੀਤ ਲਹਿਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਨੇਕਾਂ ਵਾਹਣ ਬਰਫ਼ਬਾਰੀ ਕਾਰਨ ਉੱਤਰ ਪੂਰਬ ਕੈਲੀਫੋਰਨੀਆ ਹਾਈਵੇਅ 'ਤੇ ਫਸ ਗਏ ਹਨ। ਕੈਲੀਫੋਰਨੀਆ ਹਾਈਵੇਅ ਗਸ਼ਤੀ ਦਲ ਨੇ ਕੈਲੀਫੋਰਨੀਆ ਦੀਆਂ ਸੀਏਰਾ ਨੇਵਾਡਾ ਪਹਾੜੀਆਂ ਵਿੱਚ ਕੈਸਲ ਚੋਟੀ ਨੇੜੇ ਫਸੇ ਵਾਹਣਾਂ ਦੀਆਂ ਤਸਵੀਰਾਂ ਸੋਸ਼ਲ ਮੀਡੀਆ ਉਪਰ ਸਾਂਝੀਆਂ ਕੀਤੀਆਂ ਹਨ।
ਗਸ਼ਤੀ ਦਲ ਨੇ ਲਿਖਿਆ ਹੈ ਕਿ ਕੈਸਲ ਚੋਟੀ ਨੇੜੇ ਆਵਾਜਾਈ ਜਾਮ ਹੈ ਤੇ ਵਾਹਣ ਫਸੇ ਹੋਏ ਹਨ ਇਸ ਨੂੰ ਸਾਫ ਕਰਨ ਲਈ ਅਜੇ ਸਮਾਂ ਲੱਗੇਗਾ। ਗੱਡੀਆਂ ਟਕਰਾਅ ਜਾਣ ਕਾਰਨ ਕੁਝ ਲੋਕਾਂ ਦੇ ਜ਼ਖਮੀ ਹੋ ਜਾਣ ਦੀ ਵੀ ਰਿਪੋਰਟ ਹੈ। ਕੈਲੀਫੋਰਨੀਆ ਹਾਈਵੇਅ ਗਸ਼ਤੀ ਦਲ ਨੇ ਕ੍ਰਿਸਮਿਸ ਤੋਂ 3 ਦਿਨ ਪਹਿਲਾਂ ਹੀ ਡਰਾਈਵਰਾਂ ਨੂੰ ਸਰਦ ਰੁੱਤ ਦਾ ਤੂਫਾਨ ਆਉਣ ਦੀ ਚਿਤਾਵਨੀ ਦਿੱਤੀ ਸੀ।
ਉਨਾਂ ਨੇ ਚੇਤਾਵਨੀ ਦਿੰਦਿਆਂ ਕਿਹਾ ਸੀ ਕਿ 'ਭਾਰੀ ਬਰਫ਼ਬਾਰੀ, ਤੇਜ ਹਵਾਵਾਂ ਤੇ ਤਕਰੀਬਨ ਜ਼ੀਰੋ ਦ੍ਰਿਸ਼ਟੀ ਵਰਗੇ ਹਾਲਾਤ ਬਣ ਜਾਣਗੇ, ਅਸੀਂ ਛੁੱਟੀਆਂ ਦਾ ਆਨੰਦ ਲੈਣਾ ਚਹੁੰਦੇ ਹਾਂ ਪਰੰਤੂ ਧਿਆਨ ਰੱਖਣਾ ਕਿ 1-80 ਉਪਰ ਫਸਣ ਵਾਲਿਆਂ ਵਿੱਚ ਕਿਤੇ ਆਪਾਂ ਵੀ ਨਾ ਹੋਈਏ।'

# ਸਾਊਦੀ ਅਰਬ ਅਤੇ ਸੰਯੁਕਤ ਅਰਬ ਅਮੀਰਾਤ ਵਿਚਾਲੇ ਵਧਿਆ ਤਣਾਅ ਯਮਨ ਦੇ ਮੁਕੱਲਾ ਬੰਦਰਗਾਹ 'ਤੇ ਕੀਤੀ ਬੰਬਾਰੀ

**ਸਾਊਦੀ ਅਰਬ ਸਾਂਝੀ ਸੋਚ ਬਿਊਰੋ**



ਸਾਊਦੀ ਅਰਬ ਅਤੇ ਯੂਏਈ ਵਿਚਕਾਰ ਤਣਾਅ ਵਧ ਗਿਆ ਹੈ। ਸਾਊਦੀ ਅਰਬ ਨੇ ਮੰਗਲਵਾਰ ਨੂੰ ਯਮਨ ਦੇ ਮੁਕੱਲਾ ਬੰਦਰਗਾਹ 'ਤੇ ਬੰਬਾਰੀ ਕੀਤੀ। ਸਾਊਦੀ ਅਰਬ ਦਾ ਦਾਅਵਾ ਹੈ ਕਿ ਯੂਏਈ ਦੇ ਫੁਜੈਰਾਹ ਬੰਦਰਗਾਹ ਤੋਂ ਆਏ ਦੋ ਜਹਾਜ਼ਾਂ ਤੋਂ ਹਥਿਆਰ ਅਤੇ ਫੌਜੀ ਵਾਹਨ ਉੱਥੇ ਉਤਾਰੇ ਜਾ ਰਹੇ ਸਨ। ਸਾਊਦੀ ਅਰਬ ਦਾ ਦੋਸ਼ ਹੈ ਕਿ ਸੰਯੁਕਤ ਅਰਬ ਅਮੀਰਾਤ (ਯੂਏਈ) ਯਮਨ ਦੇ ਵੱਖਵਾਦੀਆਂ ਨੂੰ ਹਥਿਆਰ ਸਪਲਾਈ ਕਰ ਰਿਹਾ ਹੈ। ਸਾਊਦੀ ਅਰਬ ਨੇ ਪਿਛਲੇ ਤਿੰਨ ਦਿਨਾਂ ਵਿੱਚ ਯਮਨ ਦੇ ਵੱਖਵਾਦੀਆਂ ਵਿਰੁੱਧ ਦੋ ਵੱਡੇ ਹਵਾਈ ਹਮਲੇ ਕੀਤੇ ਹਨ। ਸਾਊਦੀ ਅਰਬ ਦਾ ਕਹਿਣਾ ਹੈ ਕਿ ਇਹ ਹਥਿਆਰ ਦੱਖਣੀ ਪਰਿਵਰਤਨਸ਼ੀਲ ਕੌਂਸਲ ਨੂੰ ਸਪਲਾਈ ਕੀਤੇ ਜਾ ਰਹੇ ਸਨ, ਜੋ ਕਿ ਇੱਕ ਵੱਖਵਾਦੀ ਸਮੂਹ ਹੈ, ਜੋ ਸ਼ਾਂਤੀ ਅਤੇ ਸਥਿਰਤਾ ਲਈ ਖ਼ਤਰਾ ਪੈਦਾ ਕਰ ਸਕਦਾ ਹੈ। ਇਸ ਲਈ, ਹਵਾਈ ਸੈਨਾ ਨੇ ਹਥਿਆਰਾਂ ਅਤੇ ਫੌਜੀ ਵਾਹਨਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਸੀਮਤ ਹਵਾਈ ਹਮਲਾ ਕੀਤਾ। ਯੂਏਈ ਨੇ ਇਸ ਦਾਅਵੇ ਤੋਂ ਇਨਕਾਰ ਕੀਤਾ ਹੈ ਕਿ ਜਹਾਜ਼ ਹਥਿਆਰ ਲੈ ਕੇ ਜਾ ਰਹੇ ਸਨ ਅਤੇ ਸਾਰੀਆਂ ਧਿਰਾਂ ਨੂੰ ਸੰਜਮ ਵਰਤਣ ਦੀ ਅਪੀਲ ਕੀਤੀ ਹੈ।

# ਈਰਾਨ ਵਿੱਚ ਸੜਕਾਂ 'ਤੇ ਉਤਰੇ ਹਜ਼ਾਰਾਂ ਲੋਕ ਤਿੰਨ ਸਾਲਾਂ ਵਿੱਚ ਸਭ ਤੋਂ ਵੱਡਾ ਪ੍ਰਦਰਸ਼ਨ

**ਈਰਾਨ ਸਾਂਝੀ ਸੋਚ ਬਿਊਰੋ**

ਈਰਾਨ ਵਿੱਚ ਹਜ਼ਾਰਾਂ ਲੋਕ ਸਰਕਾਰ ਵਿਰੁੱਧ ਪ੍ਰਦਰਸ਼ਨ ਕਰਨ ਲਈ ਸੜਕਾਂ 'ਤੇ ਉਤਰੇ ਹਨ। ਲੋਕ ਵਧਦੀ ਮਹਿੰਗਾਈ ਅਤੇ ਮੁਦਰਾ ਸੰਕਟ ਦੇ ਵਿਰੋਧ ਵਿੱਚ ਸੜਕਾਂ 'ਤੇ ਉਤਰ ਆਏ।
ਇਸ ਪ੍ਰਦਰਸ਼ਨ ਨੂੰ ਤਿੰਨ ਸਾਲਾਂ ਵਿੱਚ ਸਭ ਤੋਂ ਵੱਡਾ ਦੱਸਿਆ ਜਾ ਰਿਹਾ ਹੈ। ਇਸ ਦੌਰਾਨ ਕੇਂਦਰੀ ਬੈਂਕ ਦੇ ਮੁਖੀ ਮੁਹੰਮਦ ਰਜ਼ਾ ਫਰਜ਼ਿਨ ਨੇ ਆਪਣੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ। ਰਾਜਧਾਨੀ ਤਹਿਰਾਨ ਦੇ ਸਾਦੀ ਸਟਰੀਟ ਅਤੇ ਗ੍ਰੈਂਡ ਬਾਜ਼ਾਰ ਖੇਤਰਾਂ ਵਿੱਚ ਵਪਾਰੀਆਂ ਅਤੇ ਦੁਕਾਨਦਾਰਾਂ ਨੇ ਪ੍ਰਦਰਸ਼ਨ ਕੀਤਾ। ਕਈ ਥਾਵਾਂ 'ਤੇ ਦੁਕਾਨਾਂ ਬੰਦ ਰਹੀਆਂ। ਇਸ ਤੋਂ ਇਲਾਵਾ ਇਸਫਹਾਨ, ਸ਼ਿਰਾਜ਼ ਅਤੇ ਮਸ਼ਹਦ ਵਰਗੇ ਵੱਡੇ ਸ਼ਹਿਰਾਂ ਵਿੱਚ ਵੀ ਵਿਰੋਧ ਪ੍ਰਦਰਸ਼ਨ ਹੋਏ।
ਪ੍ਰਦਰਸ਼ਨ ਦੌਰਾਨ ਸੁਰੱਖਿਆ ਬਲਾਂ ਅਤੇ ਲੋਕਾਂ ਵਿਚਕਾਰ ਝੜਪਾਂ ਵੀ ਹੋਈਆਂ ਹਨ। ਪਿਛਲੇ ਦੋ ਦਿਨਾਂ ਹਾਲਤ ਕਾਫੀ ਚਿੰਤਾਜਨਕ ਬਣੇ ਹੋਏ ਹਨ । ਸੋਮਵਾਰ, 29 ਦਸੰਬਰ ਨੂੰ, ਤਹਿਰਾਨ ਅਤੇ ਮਸ਼ਹਦ ਵਿੱਚ ਪ੍ਰਦਰਸ਼ਨਕਾਰੀਆਂ ਅਤੇ ਸੁਰੱਖਿਆ ਬਲਾਂ ਵਿਚਕਾਰ ਕਈ ਝੜਪਾਂ ਹੋਈਆਂ। ਪੁਲਿਸ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ ਲਾਠੀਚਾਰਜ ਅਤੇ ਅੱਥਰੂ ਗੈਸ ਦੀ ਵਰਤੋਂ ਵੀ ਕੀਤੀ।
ਪ੍ਰਦਰਸ਼ਨਾਂ ਦਾ ਮੁੱਖ ਕਾਰਨ ਦੇਸ਼ ਦੀ ਡੁਬਦੀ ਅਰਥਵਿਵਸਥਾ ਹੈ। ਈਰਾਨ ਦੀ ਮੁਦਰਾ ਰਿਆਲ, ਡਾਲਰ ਦੇ ਮੁਕਾਬਲੇ ਰਿਕਾਰਡ ਹੇਠਲੇ ਪੱਧਰ 'ਤੇ ਪਹੁੰਚਣ ਤੋਂ ਬਾਅਦ ਵਿਰੋਧ ਪ੍ਰਦਰਸ਼ਨ ਤੇਜ਼ ਹੋ ਗਏ, ਜਿਸ ਨਾਲ ਭੋਜਨ ਅਤੇ ਰੋਜ਼ਾਨਾ ਜ਼ਰੂਰਤ ਦੀਆਂ ਚੀਜ਼ਾਂ ਦੀਆਂ ਕੀਮਤਾਂ ਹੋਰ ਵਧ ਗਈਆਂ।

# 'ਯੁੱਧ ਨਸ਼ਿਆਂ ਵਿਰੁੱਧ': 304ਵੇਂ ਦਿਨ, ਪੰਜਾਬ ਪੁਲਿਸ ਨੇ 113 ਨਸ਼ਾ ਤਸਕਰਾਂ ਨੂੰ ਕੀਤਾ ਕਾਬੂ

**ਚੰਡੀਗੜ੍ਹ ਸਾਂਝੀ ਸੋਚ ਬਿਊਰੋ**




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਨਸ਼ਾ ਵਿਰੁੱਧ ਜੰਗ "ਯੁੱਧ ਨਸ਼ਿਆਂ ਵਿਰੁੱਧ" ਨੂੰ ਲਗਾਤਾਰ 304ਵੇਂ ਦਿਨ ਵੀ ਜਾਰੀ ਰੱਖਦਿਆਂ, ਪੰਜਾਬ ਪੁਲਿਸ ਨੇ ਅੱਜ 319 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਭਰ ਵਿੱਚ 82 ਐਫਆਈਆਰਜ਼ ਦਰਜ ਕਰਕੇ 113 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 304 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 42,480 ਹੋ ਗਈ ਹੈ।ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 455 ਗ੍ਰਾਮ ਹੈਰੋਇਨ, 25 ਕਿਲੋ ਭੁੱਕੀ, 1995 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 54,440 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।
ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਗਿਆ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।ਇਸ ਆਪਰੇਸ਼ਨ ਦੌਰਾਨ 71 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 319 ਛਾਪੇ ਮਾਰੇ ਹਨ। ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 322 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਹੈ। ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 46 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।




web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company.
policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS- STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਧੂਰੀ ਸ਼ਹਿਰ ਦੇ 255 ਲਾਭਪਾਤਰੀਆਂ ਨੂੰ ਪੱਕੇ ਮਕਾਨਾਂ ਦੇ ਮਨਜ਼ੂਰੀ ਪੱਤਰ ਸੌਂਪੇ

ਧੂਰੀ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ ਸੁਖਵੀਰ ਸਿੰਘ ਅਤੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਅੱਜ ਮੁੱਖ ਮੰਤਰੀ ਸਹਾਇਤਾ ਕੇਂਦਰ ਵਿਖੇ ਧੂਰੀ ਸ਼ਹਿਰ ਦੇ 255 ਲਾਭਪਾਤਰੀਆਂ ਨੂੰ ਕੱਚੇ ਘਰਾਂ ਨੂੰ ਪੱਕੇ ਕਰਨ ਲਈ ਸਰਕਾਰ ਵੱਲੋਂ ਦਿੱਤੀ ਜਾਂਦੀ ਗ੍ਰਾਂਟ ਦੇ ਪ੍ਰਵਾਨਗੀ ਪੱਤਰਾਂ ਦੀ ਵੰਡ ਕੀਤੀ। ਇਸ ਮੌਕੇ ਓ.ਐਸ.ਡੀ ਸੁਖਵੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੀਮਾਂ ਦਾ ਲਾਭ ਹਰੇਕ ਯੋਗ ਲਾਭਪਾਤਰੀ ਦਾ ਪੁੱਜਦਾ ਕਰ ਰਹੀ ਹੈ ਤੇ ਕੋਈ ਵੀ ਯੋਗ ਲਾਭਪਾਤਰੀ ਸਰਕਾਰੀ ਸਕੀਮਾਂ ਦਾ ਲਾਭ ਲੈਣ ਤੋਂ ਵਾਂਝਾ ਨਹੀਂ ਰਹੇਗਾ। ਉਨ੍ਹਾਂ ਕਿਹਾ ਕਿ ਅੱਜ 255 ਲਾਭਪਾਤਰੀਆਂ ਨੂੰ ਪਹਿਲੇ ਫ਼ੇਜ਼ ਵਿੱਚ ਮਨਜ਼ੂਰੀ ਪੱਤਰ ਪ੍ਰਦਾਨ ਕੀਤੇ ਗਏ ਹਨ ਅਤੇ ਆਉਂਦੇ ਦਿਨਾਂ ਵਿੱਚ ਰਹਿੰਦੇ 195 ਲਾਭਪਾਤਰੀਆਂ ਨੂੰ ਵੀ ਮਨਜ਼ੂਰੀ ਪੱਤਰ ਸੌਂਪੇ ਜਾਣਗੇ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਲੋੜਵੰਦ ਲਾਭਪਾਤਰੀਆਂ ਨੂੰ ਕਿਸ਼ਤਾਂ ਵਿੱਚ 2 ਲੱਖ 50 ਹਜ਼ਾਰ ਰੁਪਏ ਕੱਚੇ ਘਰਾਂ ਨੂੰ ਪੱਕੇ ਬਣਾਉਣ ਲਈ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਲਾਭਪਾਤਰੀਆਂ ਦੀ ਚੋਣ ਬਿਨਾਂ ਕਿਸੇ ਸਿਫ਼ਾਰਿਸ਼ ਅਤੇ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਹੈ। ਉਹਨਾਂ ਲਾਭਪਾਤਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕ ਭਲਾਈ ਲਈ ਇਸੇ ਤਰ੍ਹਾਂ ਕਾਰਜਸ਼ੀਲ ਰਹੇਗੀ।




ਲਾਭਪਾਤਰੀਆਂ ਨੂੰ ਸੰਬੋਧਨ ਕਰਦਿਆਂ ਓ.ਐਸ.ਡੀ ਸੁਖਵੀਰ ਸਿੰਘ ਨੇ ਕਿਹਾ ਕਿ "ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਚਹੁੰਪੱਖੀ ਵਿਕਾਸ ਲਈ ਵਚਨਬੱਧ ਹੈ, ਇਸ ਲਈ ਰਾਜ ਦੇ ਹਰੇਕ ਵਰਗ ਦੀਆਂ ਲੋੜਾਂ ਮੁਤਾਬਕ ਪੰਜਾਬ ਸਰਕਾਰ ਯੋਜਨਾਬੱਧ ਢੰਗ ਨਾਲ ਵਿੱਤੀ ਪ੍ਰਬੰਧ ਕਰਕੇ ਸੂਬੇ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾ ਰਹੀ ਹੈ।" ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਵਿਧਾਨ ਸਭਾ ਹਲਕੇ ਧੂਰੀ ਦੇ ਵਿਕਾਸ ਲਈ ਪਹਿਲੇ ਦਿਨ ਤੋਂ ਹੀ ਖ਼ਜ਼ਾਨੇ ਦਾ ਮੂੰਹ ਖੋਲ੍ਹਿਆ ਹੋਇਆ ਹੈ, ਜਿਸ ਸਦਕਾ ਧੂਰੀ ਹਲਕੇ ਦੀ ਪਿਛਲੇ ਪੌਣੇ ਚਾਰ ਸਾਲ ਵਿੱਚ ਕਾਇਆ ਕਲਪ ਹੋਈ ਹੈ। ਉਹਨਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਧੂਰੀ ਲਈ ਹੋਰ ਵੱਡੇ ਵਿਕਾਸ ਕਾਰਜ ਅਰੰਭੇ ਜਾਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਹਿਲੇ ਦਿਨ ਤੋਂ ਹੀ ਵਿਕਾਸ ਲਈ ਪੰਜਾਬ ਸਰਕਾਰ ਦੇ ਖ਼ਜ਼ਾਨੇ ਦਾ ਮੂੰਹ ਖੋਲਿਆ ਹੋਇਆ ਹੈ ਜਿਸ ਸਦਕਾ ਸੂਬੇ ਤੇਜ਼ੀ ਨਾਲ ਵਿਕਾਸ ਦੀਆਂ ਲੀਹਾਂ 'ਤੇ ਅੱਗੇ ਵੱਧ ਰਿਹਾ ਹੈ।
ਇਸ ਮੌਕੇ ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਅਸ਼ੋਕ ਕੁਮਾਰ ਲੱਖਾ, ਮੈਂਬਰ ਪੰਜਾਬ ਵਕਫ਼ ਬੋਰਡ ਡਾ. ਅਨਵਰ ਖ਼ਾਨ, ਡਾਇਰੈਕਟਰ ਅਨਿਲ ਮਿੱਤਲ, ਡਾਇਰੈਕਟਰ ਸ਼ੂਗਰ ਫੈਡ ਜਸਪਾਲ ਸਿੰਘ ਭੁੱਲਰ, ਸਤਿੰਦਰ ਸਿੰਘ ਚੱਠਾ, ਸ਼ਾਮ ਸਿੰਗਲਾ, ਬਲਜੀਤ ਕੌਰ, ਅਮਰੀਕ ਸਿੰਘ, ਅਮਰਦੀਪ ਸਿੰਘ ਧਾਂਦਰਾ, ਲਾਭ ਸਿੰਘ, ਪਰਮਿੰਦਰ ਸਿੰਘ ਪੁੰਨੂ, ਗੁਰਿੰਦਰ ਕੌਰ, ਬਲਦੇਵ ਸਿੰਘ, ਸੁਖਪਾਲ ਸਿੰਘ ਪਾਲਾ, ਅਜੈਬ ਸਿੰਘ, ਮਿਲਖ ਰਾਜ, ਵੀਰਭਾਨ, ਨਰੇਸ਼ ਸਿੰਗਲਾ ਸਮੇਤ ਵੱਡੀ ਗਿਣਤੀ ਲਾਭਪਾਤਰੀ ਤੇ ਧੂਰੀ ਵਾਸੀ ਮੌਜੂਦ ਸਨ।

# ਪੱਟੀ ਵਿਖੇ ਐਵਰਗ੍ਰੀਨ ਮਿਊਜ਼ੀਕਲ ਸੋਸਾਇਟੀ ਵੱਲੋਂ "ਪਿਆਰ ਹੀ ਪਿਆਰ ਬੇਸ਼ੁਮਾਰ" ਸੰਗੀਤਮਈ ਸ਼ਾਮ ਦਾ ਆਯੋਜਨ

ਅੰਮ੍ਰਿਤਸਰ
ਸਵਿੰਦਰ ਸਿੰਘ

ਸਥਾਨਕ ਕਸਬਾ ਪੱਟੀ ਵਿਖੇ 28 ਦਸੰਬਰ ਨੂੰ ਹਰ ਸਾਲ ਦੀ ਤਰ੍ਹਾਂ ਐਵਰਗ੍ਰੀਨ ਮਿਊਜ਼ੀਕਲ ਸੋਸਾਇਟੀ ਦੇ ਫਾਊਂਡਰ ਰੋਹਿਤ ਅਰੋੜਾ, ਸੋਸਾਇਟੀ ਦੇ ਮੈਂਬਰ ਰਿੰਕੂ ਚੰਦਨ ਅਤੇ ਉਹਨਾਂ ਦੀ ਟੀਮ ਵੱਲੋਂ ਬਲੈਕ ਕੈਟਲ ਰੈਸਟੋਰੈਂਟ ਵਿਚ ਮੁਹੰਮਦ ਰਫ਼ੀ ਸਾਹਿਬ ਦੇ 101ਵੇਂ ਜਨਮ ਦਿਵਸ ਨੂੰ ਸਮਰਪਿਤ ਇਕ ਸੰਗੀਤਕ ਸ਼ਾਮ "ਪਿਆਰ ਹੀ ਪਿਆਰ ਬੇਸ਼ੁਮਾਰ" ਸੋਸਾਇਟੀ ਵੱਲੋਂ ਆਯੋਜਿਤ ਕੀਤਾ ਗਿਆ ਇਸ ਸੰਗੀਤਮਈ ਪ੍ਰੋਗਰਾਮ ਦੇ ਵਿੱਚ ਸਰੋਤਿਆਂ ਦਾ ਬੇਸ਼ੁਮਾਰ ਪਿਆਰ ਮਿਲਿਆ।
ਰੋਹਿਤ ਅਰੋੜਾ ਨੇ ਜਾਣਕਾਰੀ ਦਿੰਦੇ ਹੋਇਆ ਦੱਸਿਆ ਕਿ ਐਵਰਗ੍ਰੀਨ ਮਿਊਜ਼ੀਕਲ ਸੋਸਾਇਟੀ ਵੱਲੋਂ ਜਿਥੇ ਮੁਹੰਮਦ ਰਫੀ ਦਾ 101ਵਾਂ ਜਨਮ ਦਿਨ ਮਨਾਇਆ ਜਾ ਰਿਹਾ ਹੈ ਉੱਥੇ ਬਾਲੀਵੁੱਡ ਦੇ ਮਰਹੂਮ ਅਦਾਕਾਰ ਧਰਮਿੰਦਰ ਨੂੰ ਸ਼ਰਧਾ ਦੇ ਫੁੱਲ ਵੀ ਭੇਟ ਕੀਤੇ ਗਏ ਹਨ ਅਤੇ ਉਹਨਾਂ ਦੀ ਆਤਮਾ ਦੀ ਸ਼ਾਂਤੀ ਦੇ ਲਈ 2 ਮਿੰਟ ਦਾ ਮੋਨ ਧਾਰਨ ਵੀ ਕੀਤਾ ਗਿਆ ਹੈ ਤਾ ਜੋ ਉਸ ਵਿਛੜੀ ਆਤਮਾ ਨੂੰ ਸ਼ਾਂਤੀ ਮਿਲੇ। ਰੋਹਿਤ ਅਰੋੜਾ ਨੇ ਦੱਸਿਆ ਕਿ ਇਸੇ ਹੀ ਤਰਾਂ ਦੀ ਸੰਗੀਤਮਈ ਸ਼ਾਮ ਹੁਣ ਹਰ ਸਾਲ ਆਯੋਜਿਤ ਹੋਇਆ ਕਰੇਗੀ ਅਤੇ ਉਹਨਾਂ ਕਲਾਕਾਰਾਂ ਨੂੰ ਪਲੇਟਫਾਰਮ ਦੇਵੇਗੀ ਜਿਨਾਂ ਕਲਾਕਾਰਾਂ ਨੇ ਅਜੇ ਤੀਕ ਕਦੇ ਗਾ ਕੇ ਵੀ ਨਹੀਂ ਵੇਖਿਆ ਉਹਨਾਂ ਨੂੰ ਦਰਸ਼ਕਾਂ ਦੇ ਰੂਬਰੂ ਕਰੇਗੀ।



ਇਸ ਸੰਗੀਤਮਈ ਸ਼ਾਮ ਦੇ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਪ੍ਰਿੰਸੀਪਲ ਰਜਿੰਦਰ ਕੁਮਾਰ ਨੇ ਆਪਣੇ ਪੂਰੇ ਪਰਿਵਾਰ ਸਮੇਤ ਸ਼ਿਰਕਤ ਕੀਤੀ ਅਤੇ ਆਪਣੀ ਮਧੁਰ ਅਵਾਜ਼ ਦੇ ਵਿੱਚ ਇੱਕ ਗੀਤ "ਪਲ ਪਲ ਦਿਲ ਕੇ ਪਾਸ" ਪੇਸ਼ ਕੀਤਾ ਅਤੇ ਪ੍ਰੋਗਰਾਮ ਦੀ ਸ਼ੁਰੂਆਤ ਸ਼ਮਾਂ ਰੋਸ਼ਨ ਦੇ ਨਾਲ ਹੋਈ ਜਿਸ ਵਿੱਚ ਅਨਿਲ ਕੁਮਾਰ ਸ਼ਰਮਾ ਨੇ ਉਹਨਾਂ ਦਾ ਸਾਥ ਦਿੱਤਾ।
ਇਸ ਸੰਗੀਤਮਈ ਸ਼ਾਮ ਵਿਚ ਅੰਮ੍ਰਿਤਸਰ ਤੋਂ ਆਏ ਕਲਾਕਾਰ ਰਾਕੇਸ਼ ਕੁਮਾਰ ਨੇ ਛਲਕਾਏ ਜਾਮ, ਅਜੈ ਮਹਾਜਨ ਨੇ "ਕੋਈ ਹਸੀਨਾ ਜਬ ਰੂਠ, ਅਜੈ ਸ਼ਰਮਾ ਨੇ ਰੁਸ ਕੇ ਤੂੰ ਚਲੇ ਗਈ ਏ, ਪੱਟੀ ਤੋਂ ਕਲਾਕਾਰ ਪਰਦੀਪ ਚੰਦਨ, ਰੋਹਿਤ ਅਰੋੜਾ ਨੇ ਇਕ ਡਿਊਟ ਗੀਤ ਫਿਲਮ ਧਰਮਵੀਰ, ਸਾਤ ਅਜੂਬੇ ਇਸ ਦੁਨਿਆਂ ਮੇਂ, ਕੌਨ ਹੈ ਜੋ ਸਪਨੋ ਮੇਂ ਆਇਆ, ਰਿੰਕੂ ਚੰਦਨ ਨੇ ਤੁਮੇਂ ਹਮ ਢੂਢਤੇ ਹੈ, ਅਜੈ ਡੇਨਿਅਲ ਨੇ ਆਪਣੀ ਕਵਿਤਾ ਰੱਖੀ, ਜਸਪਾਲ ਸਿੰਘ ਫੋਟੋ ਗਰਾਫ਼ਰ ਨੇ ਸੁਣ ਮੇਰੇ ਬੰਧੂਰੇ, ਕੁਲਵੰਤ ਸਿੰਘ ਕੋਮਲ ਨੇ ਆਪਣੀ ਕਵਿਤਾ ਰੱਖੀ। ਅਨਿਲ ਕੁਮਾਰ ਸ਼ਰਮਾ ਨੇ ਸੋਸਾਇਟੀ ਦੇ ਬਾਰੇ ਸ਼ਲਾਘਾਯੋਗ ਗੱਲਬਾਤ ਕੀਤੀ ਅਤੇ ਪਹਿਲੀ ਵਾਰ ਇਸ ਸਮਾਗਮ ਗਾਇਕਾ ਸਰੋਤਿਆਂ ਅਤੇ ਦਰਸ਼ਕਾਂ ਨੇ ਇਸ ਸੰਗੀਤਮਈ ਸ਼ਾਮ ਦਾ ਖੂਬ ਆਨੰਦ ਮਾਣਿਆ।
ਇਸ ਪ੍ਰੋਗਰਾਮ ਦੇ ਵਿੱਚ ਮਾਸਟਰ ਸਰਬਜੀਤ ਸਿੰਘ, ਲੋਕ ਗਾਇਕ, ਸੁਰਿੰਦਰ ਸਾਗਰ, ਡਾ: ਪ੍ਰਿਤਪਾਲ ਕੋਮਲ, ਸੰਜੀਵ ਕੁਮਾਰ ਐਸ.ਐਸ.ਬੁੱਕ, ਕੁਲਦੀਪ ਦੇਵਗਨ, ਕਪਿਲ ਸ਼ਰਮਾ, ਡਾ: ਬਧਵਾਰ, ਮਾਸਟਰ ਸਰਬਜੀਤ ਸਿੰਘ ਨੇ ਸੋਸਾਇਟੀ ਨਾਲ ਮਿਲਕੇ ਮੁੱਖ ਮਹਿਮਾਨ ਰਜਿੰਦਰ ਕੁਮਾਰ ਸ਼ਰਮਾ ਨੂੰ ਸਨਮਾਨਿਤ ਕੀਤਾ ਅਤੇ ਇਸ ਉਪਰੰਤ ਮੁੱਖ ਮਹਿਮਾਨ ਨੇ ਆਏ ਹੋਏ ਗਾਇਕ ਤੇ ਕਲਾਕਾਰਾਂ ਨੂੰ ਸਨਮਾਨ ਦੇ ਕੇ ਨਿਵਾਜਿਆ ਗਿਆ।

# ਢਾਹਾਂ ਕਲੇਰਾਂ ਵਿਖੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਅਤੇ ਸਾਲ 2026 ਦੀ ਆਮਦ ਦੀ ਖੁਸ਼ੀ ਵਿਚ ਮਹਾਨ ਗੁਰਮਤਿ ਸਮਾਗਮ 1 ਜਨਵਰੀ ਦਿਨ ਵੀਰਵਾਰ ਨੂੰ

ਬੰਗਾ
ਸਾਂਝੀ ਸੋਚ ਬਿਊਰੋ

ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਅਤੇ ਸਾਲ 2026 ਦੀ ਆਮਦ ਦੀ ਖੁਸ਼ੀ ਵਿਚ ਮਹਾਨ ਗੁਰਮਤਿ ਸਮਾਗਮ ਪਹਿਲੀ ਜਨਵਰੀ 2026 ਦਿਨ ਵੀਰਵਾਰ ਨੂੰ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਮਾਗਮ ਦਾ ਬੈਨਰ ਜਾਰੀ ਕਰਨ ਮੌਕੇ ਦਿੱਤੀ। ਢਾਹਾਂ ਨੇ ਦੱਸਿਆ ਕਿ ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਅਤੇ ਸਾਲ 2026 ਦੀ ਆਮਦ ਦੀ ਖੁਸ਼ੀ ਵਿਚ ਮਹਾਨ ਗੁਰਮਤਿ ਸਮਾਗਮ 01 ਜਨਵਰੀ ਦਿਨ ਵੀਰਵਾਰ ਨੂੰ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਸਵੇਰੇ 10 ਵਜੇ ਤੋਂ 1 ਵਜੇ ਤੱਕ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਜਿਸ ਵਿਚ ਪ੍ਰੰਥ ਪ੍ਰਸਿੱਧ ਕਥਾ ਵਾਚਕ ਡਾ. ਸਰਬਜੀਤ ਸਿੰਘ ਰੇਣਕਾ ਲੁਧਿਆਣਾ ਵਾਲੇ ਪੁੱਜ ਰਹੇ ਹਨ ਜੋ ਸੰਗਤਾਂ ਨੂੰ ਗੁਰੂ ਜੀ ਦੇ ਜੀਵਨ ਅਤੇ ਫਲਸਫੇ ਬਾਰੇ ਚਾਨਣਾ ਪਾਉਣਗੇ। ਇਸ ਸਮਾਗਮ ਵਿਚ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ, ਭਾਈ ਗੁਰਪ੍ਰੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਰਾਜਾ ਸਾਹਿਬ ਮਜਾਰਾ ਤੋਂ ਇਲਾਵਾ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਅਤੇ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੇ ਵਿਦਿਆਰਥੀ ਦੇ ਕੀਰਤਨੀ ਜਥੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨਗੇ । ਸਮਾਗਮ ਵਿਚ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਗੁਰਮਤਿ ਸਮਾਗਮ ਦੀ ਜਾਣਕਾਰੀ ਦੇਣ ਮੌਕੇ ਦਰਸ਼ਨ ਸਿੰਘ ਮਾਹਿਲ ਸੀਨੀਅਰ ਟਰੱਸਟ ਮੈਂਬਰ, ਸਤਨਾਮ ਸਿੰਘ ਲਾਦੀਆਂ, ਦਵਿੰਦਰ ਸਿੰਘ ਢਿੱਲੋਂ ਅਮਰੀਕਾ, ਨਵਿੰਦਰ ਸਿੰਘ ਢਿੱਲੋਂ, ਜੋਗਾ ਸਿੰਘ ਹਜ਼ੂਰੀ ਰਾਗੀ, ਮਹਿੰਦਰਪਾਲ ਸਿੰਘ, ਸੰਨੀ ਮਜਾਰੀ, ਕਮਲਜੀਤ ਸਿੰਘ, ਜਸਵੰਤ ਸਿੰਘ, ਮਨਦੀਪ ਕੌਰ, ਡੋਗਰ ਸਿੰਘ ਅਤੇ ਜਤਿੰਦਰ ਸਿੰਘ ਵੀ ਹਾਜ਼ਰ ਸਨ।




NOW OPEN
Tandoori FLAVORS
MARINATE MEAT SHOP
ਮੇਰੀਨੇਟ ਮੀਟ ਸ਼ੋਪ
NOW OPEN
551
Tandoori Flavors
---- MARINATED MEAT SHOP ----
ਚਾਹੇ ਕੱਚਾ ਚਾਹੀਦਾ, ਜਾਂ ਪੱਕਾ
ਸਾਡੀ ਚੋਣ ਹੈ ਸਭ ਤੋਂ ਵਧੀਆ!
POULTRY SPECIALS ਦੇ ਵਿਚ ਤੁਹਾਨੂੰ ਮਿਲੇਗਾ :-
- Chicken Wings , Cooked Wings, Breast , Boneless Thighs, Paneer Skewers
- CURRY LOVERS ਦੇ ਲਈ ਖਾਸ ਰਹੇਗਾ :-
- Butter Chicken, Shahi Paneer, ਬੱਕਰਾ Curry
- RICE BOWLS – ON THE GO !
- Shahi Paneer Bowl, Butter Chicken Bowl
- SEAFOOD 'ਚ ਵੀ ਕੁਝ ਅਜਿਹਾ ਰਹੇਗਾ ਖਾਸ :-
- Basa (Swai) Fish, Fish Pakora, Cooked Pakora Fish
Tandoori FLAVORS
ਭੋਜਨ ਪ੍ਰੇਮੀਆਂ ਲਈ ਖਾਸ ਹਰ ਰੋਜ਼ - RICE BOWL ONLY $11.99 ਸ਼ਾਹੀ ਪਨੀਰ ਜਾਂ ਬਟਰ ਚਿਕਨ ਦੇ ਨਾਲ
RICE ਸਾਰੀਆਂ CURRIES ਨਾਲ ਮੁਫ਼ਤ ਮਿਲਣਗੇ।
ਤੁਸੀਂ ਸਾਡੇ ਕੋਲੋਂ COOKED ਫੂਡ ਤੇ ਮੈਰੀਨੇਡ ਮੀਟ ਦਾ ਸਾਫ਼ ਕੀਤਾ RAW ਮੈਟੀਰੀਅਲ ਵੀ ਪ੍ਰਾਪਤ ਕਰ ਸਕਦੇ ਹੋ।
ACHAR LOVERS ਲਈ ਬੱਕਰੇ ਤੇ ਮੁਰਗੇ ਦਾ ਆਚਾਰ ਵੀ ਸਾਡੇ ਕੋਲ ਉਪਲਬਧ ਹੈ।
ਇਥੇ ਇਹ ਵੀ ਖਾਸ ਹੈ ਕਿ
"ਅਸੀਂ ਆਪਣੇ ਖਾਣੇ 'ਚ ਫੂਡ-ਕਲਰ ਨਹੀਂ ਵਰਤਦੇ।"
551, West Clover Road, Tracy
California- 95376
ਸੰਪਰਕ ਕਰੋ -
209-207-9781
ਸਾਡਾ ਸਟੋਰ ਖੁੱਲ੍ਹਣ ਦਾ ਸਮਾਂ ਹੈ :
ਸਵੇਰੇ 10 ਵਜੇ ਤੋਂ ਰਾਤੀਂ 9 ਵਜੇ ਤੱਕ
Visit Us Online: www.Tandoori-Flavors.com


GHUMAN
LAW GROUP INC.
Ghuman Law Group
ਤੁਹਾਡੇ ਲਈ ਲੈ ਕੇ ਆਏ ਨੇ
AMERICA ਵਿੱਚ
BUSINESS ਕਰਨ ਦਾ ਸੁਨਿਹਰੀ ਮੌਕਾ !
ਜੇਕਰ ਤੁਸੀਂ Canada, England, Australia,
New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ
ਆਓ E-2 Investor Visa ਰਾਹੀਂ
ਸਿਰਫ $25,000 ਦੀ ਘੱਟੋ-ਘੱਟ Investment
ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ
PASSPORT
GHUMAN LAW GROUP
ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ
ਪੂਰੀ ਮਦਦ ਕਰੇਗਾ
ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ
ਪਰਿਵਾਰ ਸਮੇਤ ਆਉਣ ਦਾ ਵਧੀਆ ਮੌਕਾ
2 ਸਾਲ ਦਾ Work Permit
Spouse ਨੂੰ ਮਿਲੇਗਾ Open Work Permit
ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ
ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ
MON - FRI, 9:00 AM - 3:00 PM
+1 (223) 300-0001 | www.ghumanlawgroup.org
2450 VENTURE OAKS WAY, STE 225 SACRAMENTO, CA

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।
ਕਾਲ ਕਰ ਸਕਦੇ ਹੋ 408-687-1899
ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU** **SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.
To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician
Since 1973
DHMS-Gold Medalist,
BAMS, MDEH
Ex-Prof, Principal &
CMO Medical
Colleges/Hospitals in
India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਡਾ. ਬਲਬੀਰ ਸਿੰਘ ਵੱਲੋਂ ਵੀ.ਬੀ-ਜੀ ਰਾਮ ਜੀ ਬਿੱਲ ਨੂੰ 'ਮਹਾਤਮਾ ਗਾਂਧੀ ਦਾ ਦੂਜਾ ਕਤਲ' ਕਰਾਰ

## ਗਰੀਬਾਂ ਨੂੰ ਗੁੰਮਰਾਹ ਕਰਨ ਵਾਲੀਆਂ ਕੇਂਦਰ ਦੀਆਂ ਸੋੜੀਆਂ ਚਾਲਾਂ ਦਾ ਪਰਦਾਫਾਸ਼ ਕੀਤਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ 'ਵਿਕਸਿਤ ਭਾਰਤ - ਰੋਜ਼ਗਾਰ ਅਤੇ ਅਜੀਵਿਕਾ ਮਿਸ਼ਨ (ਗ੍ਰਾਮੀਣ) ਲਈ ਗਰੰਟੀ' (ਵੀਬੀ-ਜੀ ਰਾਮ ਜੀ) ਨੂੰ ਕੇਂਦਰ ਦੀ ਇਕ ਸੋਚੀ ਚਾਲ ਅਤੇ ਮਹਾਤਮਾ ਗਾਂਧੀ ਦਾ ਦੂਜਾ ਕਤਲ ਕਰਾਰ ਦਿੱਤਾ। ਉਨ੍ਹਾਂ ਕੇਂਦਰ 'ਤੇ ਗਾਰੰਟੀਸ਼ੁਦਾ ਰੁਜ਼ਗਾਰ ਦੇ ਸਿਧਾਂਤਾਂ ਨੂੰ ਯੋਜਨਾਬੱਧ ਢੰਗ ਨਾਲ ਖ਼ਤਮ ਕਰਦਿਆਂ ਦੇਸ਼ ਦੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਸੋੜੀਆਂ ਚਾਲਾਂ ਚੱਲਣ ਦਾ ਦੋਸ਼ ਲਗਾਇਆ।

16ਵੀਂ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੌਰਾਨ ਸਰਕਾਰੀ ਮਤੇ 'ਤੇ ਚਰਚਾ ਦੌਰਾਨ ਸਦਨ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕੇਂਦਰ ਦੀਆਂ ਲੂੰਬੜ ਚਾਲਾਂ ਜਾਹਰ ਕੀਤੀਆਂ। ਉਨ੍ਹਾਂ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ "ਮੂੰਹ ਮੇਂ ਰਾਮ ਰਾਮ, ਬਗਲ ਮੇਂ ਛੁਰੀ" ਵਾਲੀ ਰਣਨੀਤੀ ਅਪਨਾਈ ਜਾ ਰਹੀ ਹੈ। ਉਹ ਗਰੀਬਾਂ ਦੀ ਭਲਾਈ ਦੀ ਮਹਿਜ ਗੱਲ ਹੀ ਕਰਦੇ ਹਨ ਪਰ ਉਨ੍ਹਾਂ ਦੀਆਂ ਨੀਤੀਆਂ ਗਰੀਬਾਂ ਦੀ ਭਲਾਈ ਦੇ ਉਲਟ ਕੰਮ ਕਰਨ ਵਾਲੀਆਂ ਹਨ। ਕੈਬਨਿਟ ਮੰਤਰੀ ਨੇ ਯੋਜਨਾ ਦੇ ਨਾਮ 'ਤੇ ਸਵਾਲ ਉਠਾਉਂਦੇ ਹੋਏ ਕਿਹਾ ਕਿ ਯੋਜਨਾ ਦੇ ਨਾਮ 'ਰਾਮ ਜੀ' ਦਾ ਭਗਵਾਨ ਰਾਮ ਨਾਲ ਕੀ ਸਬੰਧ ਹੈ? ਅਸਲ 'ਮਰਿਆਦਾ ਪੁਰਸ਼ੋਤਮ' ਨੇ ਗਰੀਬਾਂ ਦੀ ਭਲਾਈ ਲਈ ਕੰਮ ਕੀਤਾ ਪਰ ਕੇਂਦਰ ਦੀ ਇਹ ਯੋਜਨਾ ਇਸ ਦੇ ਬਿਲਕੁੱਲ ਉਲਟ ਹੈ।

ਲੋਕਾਂ ਦੀ ਪਿੱਠ 'ਚ ਮਾਰੀਆਂ ਇਹਨਾਂ "ਛੁਰੀਆਂ" ਬਾਰੇ ਵਿਸਥਾਰ ਨਾਲ ਗੱਲ ਕਰਦਿਆਂ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਪਹਿਲੀ ਛੁਰੀ ਵੀਬੀ ਜੀ ਰਾਮ ਜੀ ਸਕੀਮ ਹੈ, ਜੋ ਮਹਾਤਮਾ ਗਾਂਧੀ ਦੇ ਦੂਜੇ ਕਤਲ ਦੇ ਬਰਾਬਰ ਹੈ। ਉਨ੍ਹਾਂ ਅੱਗੇ ਦੱਸਿਆ ਕਿ ਕਿਵੇਂ ਕੇਂਦਰ ਨੇ ਮੰਗ ਅਧਾਰਤ ਤੋਂ ਸਪਲਾਈ ਅਧਾਰਤ ਮਾਡਲ ਵੱਲ ਕਦਮ ਵਧਾਏ ਹਨ, ਜਿਸ ਤਹਿਤ ਨੌਕਰਸ਼ਾਹ ਲੁਕਵੇਂ ਢੰਗ ਨਾਲ ਫੰਡਾਂ ਦੀ ਅਲਾਟਮੈਂਟ ਦਾ ਫੈਸਲਾ ਕਰਨਗੇ ਅਤੇ ਗ੍ਰਾਮ ਸਭਾਵਾਂ ਨੂੰ ਸਥਾਨਕ ਜ਼ਰੂਰਤਾਂ ਦੇ ਅਧਾਰ 'ਤੇ ਕੰਮਾਂ ਦੀ ਯੋਜਨਾ ਬਣਾਉਣ ਅਤੇ ਲਾਗੂ ਕਰਨ ਸਬੰਧੀ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝਾ ਕਰ ਦਿੱਤਾ ਜਾਵੇਗਾ।

ਮੰਤਰੀ ਨੇ ਕੇਂਦਰ ਵੱਲੋਂ ਮਨਮਰਜ਼ੀ ਨਾਲ ਪਿੰਡਾਂ ਨੂੰ ਏ, ਬੀ, ਸੀ ਵਰਗਾਂ ਵਿੱਚ ਸ਼੍ਰੇਣੀਬੱਧ ਕਰਨ ਦੀ ਚਾਲ ਨੂੰ ਦੂਜੀ "ਛੁਰੀ" ਕਰਾਰ ਦਿੰਦਿਆਂ ਕਿਹਾ ਕਿ ਇਸ ਕਦਮ ਦਾ ਉਦੇਸ਼ ਬੀ ਅਤੇ ਸੀ ਵਰਗ ਦੇ ਪਿੰਡਾਂ ਨੂੰ ਸਕੀਮ ਵਿੱਚੋਂ ਬਾਹਰ ਕੱਢਣਾ ਹੈ ਜਿਸ ਨਾਲ ਬਹੁਤ ਸਾਰੇ ਲੋਕ ਗਾਰੰਟੀਸ਼ੁਦਾ ਰੁਜ਼ਗਾਰ ਤੋਂ ਵਾਂਝੇ ਹੋ ਜਾਣਗੇ।ਕੈਬਨਿਟ ਮੰਤਰੀ ਨੇ ਕੇਂਦਰ ਵੱਲੋਂ ਪੰਜਾਬ ਨੂੰ ਜਾਣਬੁੱਝ ਕੇ ਅਣਗੌਲਿਆਂ ਕਰਨ ਬਾਰੇ ਕਿਹਾ, "ਪੰਜਾਬ ਨੂੰ ਪਿਛਲੇ ਢਾਈ ਤੋਂ ਤਿੰਨ ਸਾਲਾਂ ਤੋਂ ਨਿਰਮਾਣ ਸਮੱਗਰੀ ਦੀ ਲਾਗਤ ਪ੍ਰਦਾਨ ਨਹੀਂ ਕੀਤੀ ਗਈ। ਸਮੱਗਰੀ ਤੋਂ ਬਿਨਾਂ ਮਜ਼ਦੂਰ ਕੰਮ ਕਿਵੇਂ ਕਰ ਸਕਦੇ ਹਨ? ਜਿੱਥੇ ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਆਉਂਦੀਆਂ ਰਹਿੰਦੀਆਂ ਹਨ, ਉੱਥੇ ਰੁਜ਼ਗਾਰ ਦੇ ਦਿਨਾਂ ਨੂੰ 100 ਤੋਂ ਵਧਾ ਕੇ 150 ਕਰਨਾ ਚਾਹੀਦਾ ਹੈ, ਪਰ ਪੰਜਾਬ ਨੂੰ ਮੁੱਢੋਂ ਅਣਗੌਲਿਆਂ ਕੀਤਾ ਗਿਆ। ਹਾਲਾਂਕਿ, ਬਿਹਾਰ, ਜਿੱਥੇ ਚੋਣਾਂ ਕਰਵਾਈਆਂ ਜਾਣੀਆਂ ਸਨ, ਨੂੰ ਇਸ ਸਾਲ 1,370 ਕਰੋੜ ਰੁਪਏ ਦੇ ਫੰਡ ਦਿੱਤੇ ਗਏ।" ਉਨ੍ਹਾਂ ਉਚੇਚੇ ਤੌਰ 'ਤੇ ਕਿਹਾ ਕਿ ਫੰਡ ਸਿਰਫ਼ ਉਨ੍ਹਾਂ ਸੂਬਿਆਂ ਨੂੰ ਹੀ ਦਿੱਤੇ ਜਾ ਰਹੇ ਹਨ ਜਿੱਥੇ ਚੋਣਾਂ ਕਰਵਾਈਆਂ ਜਾਣੀਆਂ ਹਨ।



ਅੰਤ ਵਿੱਚ, ਡਾ. ਬਲਬੀਰ ਸਿੰਘ ਨੇ ਇਤਿਹਾਸਕ ਕਿਸਾਨ ਅੰਦੋਲਨ ਬਾਰੇ ਗੱਲ ਕਰਦਿਆਂ ਕਿਹਾ, "ਮੈਂ 13 ਮਹੀਨੇ ਸਰਹੱਦਾਂ 'ਤੇ ਬੈਠਾ ਰਿਹਾ। ਕਿਸਾਨਾਂ ਨੇ ਕੇਂਦਰ ਨੂੰ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਲਈ ਮਜਬੂਰ ਕਰ ਦਿੱਤਾ।" ਉਨ੍ਹਾਂ ਕਿਹਾ ਕਿ ਬੀਜ ਬਿੱਲ ਅਤੇ ਬਿਜਲੀ (ਸੋਧ) ਬਿੱਲ ਉਸੇ ਲੜੀ ਦੇ ਹਿੱਸੇ ਹਨ ਜੋ ਗਰੀਬਾਂ ਅਤੇ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਹੋਰ ਵੀ ਕਮਜ਼ੋਰ ਕਰਨ ਲਈ ਤਿਆਰ ਕੀਤੇ ਗਏ ਹਨ। ਉਨ੍ਹਾਂ ਕਿਹਾ ਲੋਕਾਂ ਦੀਆਂ ਜ਼ਿੰਦਗੀਆਂ ਨਾਲ ਖੇਡਣ ਵਾਲਿਆਂ ਨੂੰ ਸਬਕ ਸਿਖਾਉਣ ਦਾ ਸਮਾਂ ਆ ਗਿਆ ਹੈ। ਉਨ੍ਹਾਂ ਕਿਹਾ, "ਅਸੀਂ ਉਨ੍ਹਾਂ ਨੂੰ ਇਨ੍ਹਾਂ ਲੋਕ ਵਿਰੋਧੀ ਨੀਤੀਆਂ ਨੂੰ ਵਾਪਸ ਲੈਣ ਲਈ ਮਜਬੂਰ ਕਰਾਂਗੇ ਜਿਵੇਂ ਖੇਤੀ ਕਾਨੂੰਨ ਵਾਪਸ ਲੈਣ ਲਈ ਕੀਤਾ ਗਿਆ ਸੀ।"

# ਵਿਧਾਇਕ ਡਾ. ਜਸਬੀਰ ਸਿੰਘ ਵੱਲੋਂ ਮਿਲਾਪ ਐਵੀਨਿਊ ਵਿੱਚ ਇੰਟਰਲਾਕਿੰਗ ਟਾਈਲ ਦੇ ਕੰਮ ਦਾ ਉਦਘਾਟਨ

ਅੰਮ੍ਰਿਤਸਰ
ਪੈਰਿਆ ਮਹਿਰਾ



ਅੱਜ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਪੱਛਮੀ ਹਲਕੇ ਤੋਂ ਵਿਧਾਇਕ ਡਾ. ਜਸਬੀਰ ਸਿੰਘ ਸੰਧੂ ਨੇ ਵਾਰਡ ਨੰਬਰ 82 ਦੇ ਮਿਲਾਪ ਐਵੀਨਿਊ, ਗਲੀ ਨੰਬਰ 1 ਵਿਚ ਇੰਟਰਲਾਕਿੰਗ ਟਾਈਲਾਂ ਲਗਾਉਣ ਦੇ ਕੰਮ ਦਾ ਉਦਘਾਟਨ ਕੀਤਾ। ਇਸ ਮੌਕੇ ਵਾਰਡ ਕੌਂਸਲਰ ਸੰਦੀਪ ਸਿੰਘ, ਇਲਾਕਾ ਨਿਵਾਸੀ ਅਤੇ ਪਾਰਟੀ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਡਾ. ਸੰਧੂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਵਿਕਾਸ ਦੀ ਲਹਿਰ ਹਰ ਗਲੀ-ਮੁਹੱਲੇ ਤੱਕ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਲੰਬੇ ਸਮੇਂ ਤੋਂ ਪੈਂਡਿੰਗ ਮੰਗਾਂ ਨੂੰ ਤੁਰੰਤ ਪ੍ਰਭਾਵ ਨਾਲ ਪੂਰਾ ਕਰਨਾ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਅੰਮ੍ਰਿਤਸਰ ਪੱਛਮੀ ਵਿੱਚ ਸੜਕਾਂ, ਗਲੀਆਂ, ਪਾਣੀ ਸਪਲਾਈ ਅਤੇ ਲਾਈਟਾਂ ਸਮੇਤ ਕਈ ਵਿਕਾਸ ਪ੍ਰੋਜੈਕਟ ਤਹਿ ਸ਼ਡਿਊਲ ਅਨੁਸਾਰ ਤੇਜ਼ੀ ਨਾਲ ਜਾਰੀ ਹਨ।

ਸਰਕਾਰ ਦਾ ਉਦੇਸ਼ ਹਰ ਵਾਰਡ ਵਿੱਚ ਬਿਹਤਰ ਬੁਨਿਆਦੀ ਢਾਂਚਾ ਮੁਹੱਈਆ ਕਰਨਾ ਹੈ ਤਾਂ ਜੋ ਲੋਕਾਂ ਨੂੰ ਸੁਵਿਧਾਵਾਂ ਦਾ ਅਸਲ ਲਾਭ ਮਿਲੇ।ਅੰਤ ਵਿੱਚ ਡਾ. ਜਸਬੀਰ ਸਿੰਘ ਸੰਧੂ ਨੇ ਇਲਾਕਾ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਹਮੇਸ਼ਾਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਵਿਕਾਸਕਾਰਜਾਂ ਦੀ ਨਿਗਰਾਨੀ ਲਈ ਉਪਲਬਧ ਰਹਿਣਗੇ। ਉਨ੍ਹਾਂ ਕਿਹਾ ਕਿ ਪਾਰਟੀ ਅਤੇ ਸਰਕਾਰ ਦਾ ਇਕ ਮਾਤਰ ਮਕਸਦ ਲੋਕਾਂ ਦੀ ਭਲਾਈ ਅਤੇ ਪੱਕਾ ਵਿਕਾਸ ਹੈ।ਇਸ ਮੌਕੇ ਬਾਊ ਸਿੰਘ ,ਬਾਊ ਗੁਮਾਨਪੁਰਾ,ਜਸਬੀਰ ਨਿੱਕੀ,ਪੀ ਏ ਮਾਧਵ ਸ਼ਰਮਾ ਆਦਿ ਮੌਜੂਦ ਸਨ ।

# ਬੰਗਲਾਦੇਸ਼ 'ਚ ਇੱਕ ਹੋਰ ਹਿੰਦੂ ਵਿਅਕਤੀ ਦਾ ਕਤਲ

ਢਾਕਾ
ਸਾਂਝੀ ਸੋਚ ਬਿਊਰੋ

ਬੰਗਲਾਦੇਸ਼ ਤੋਂ ਇੱਕ ਵਾਰ ਫਿਰ ਦਿਲ ਦਹਿਲਾਉਣ ਵਾਲੀ ਖ਼ਬਰ ਸਾਹਮਣੇ ਆਈ ਹੈ। ਦੀਪੂ ਚੰਦਰ ਦਾਸ ਅਤੇ ਅੰਮ੍ਰਿਤ ਮੰਡਲ ਤੋਂ ਬਾਅਦ ਇੱਕ ਹੋਰ ਹਿੰਦੂ ਦਾ ਕਤਲ ਕਰ ਦਿੱਤਾ ਗਿਆ ਹੈ। ਤਾਜ਼ਾ ਜਾਣਕਾਰੀ ਅਨੁਸਾਰ ਬਜੇਂਦਰ ਬਿਸਵਾਸ (42) ਦੀ ਗੋਲੀ ਮਾਰ ਕੇ ਹਤਿਆ ਕਰ ਦਿੱਤੀ ਗਈ। ਪੁਲਿਸ ਨੇ ਉਸਦੇ ਸਾਥੀ ਨੋਮਾਨ ਮੀਆਂ (29) ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਦਾਅਵਾ ਕੀਤਾ ਜਾ ਰਿਹਾ ਹੈ ਕਿ ਇਹ ਘਟਨਾ ਇੱਕ ਟੈਕਸਟਾਈਲ ਫੈਕਟਰੀ ਵਿੱਚ ਵਾਪਰੀ, ਜਿੱਥੇ ਨੋਮਾਨ ਮੀਆਂ ਨਾਮ ਦੇ ਇੱਕ ਵਿਅਕਤੀ ਨੇ ਬਜੇਂਦਰ ਬਿਸਵਾਸ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਇਹ ਘਟਨਾ ਇੱਕ ਕੱਪੜਾ ਫੈਕਟਰੀ ਵਿੱਚ ਵਾਪਰੀ। ਇਹ ਘਟਨਾ ਅਜਿਹੇ ਸਮੇਂ ਵਾਪਰੀ ਹੈ ਜਦੋਂ ਦੇਸ਼ ਵਿੱਚ ਹਿੰਦੂਆਂ ਦੀ ਸੁਰੱਖਿਆ ਨੂੰ ਲੈ ਕੇ ਪਹਿਲਾਂ ਹੀ ਸਵਾਲ ਉਠਾਏ ਜਾ ਰਹੇ ਹਨ। ਇਹ ਘਟਨਾ ਸੋਮਵਾਰ, 29 ਦਸੰਬਰ ਨੂੰ ਦੇਰ ਸ਼ਾਮ ਕਰੀਬ ਮਹਿਰਾਬਾੜੀ ਇਲਾਕੇ ਵਿੱਚ ਸਥਿਤ ਸੁਲਤਾਨਾ ਸਵੈਟਰਸ ਲਿਮਿਟਿਡ (ਲਬੀਬ ਗਰੁੱਪ) ਦੇ ਅੰਦਰ ਵਾਪਰੀ। ਗੋਲੀ ਬਜੇਂਦਰ ਦੇ ਖੱਬੇ ਪੱਟ ਵਿੱਚ ਲੱਗੀ। ਉਸਨੂੰ ਤੁਰੰਤ ਭਾਲੂਕਾ ਉਪ-ਜ਼ਿਲ੍ਹਾ ਸਿਹਤ ਕੰਪਲੈਕਸ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ।ਪੁਲਿਸ ਨੇ ਮੁਲਜ਼ਮ ਨੂੰ ਹਿਰਾਸਤ ਵਿੱਚ ਲੈ ਲਿਆ ਹੈ ਅਤੇ ਸਰਕਾਰੀ ਬੰਦੂਕ ਜ਼ਬਤ ਕਰ ਲਈ ਹੈ। ਕਤਲ ਦਾ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਭਾਰਤ ਤੋਂ ਪਹਿਲਾਂ ਇਹ ਦੇਸ਼ ਮਨਾਉਣਗੇ ਨਵੇਂ ਸਾਲ 2026 ਦੇ ਜਸ਼ਨ?

ਨਵੀਂ ਦਿੱਲੀ
ਸਾਂਝੀ ਸੋਚ ਬਿਊਰੋ

ਅੱਜ 31 ਦਸੰਬਰ ਸਾਲ 2025 ਦਾ ਆਖਰੀ ਦਿਨ ਹੈ ਅਤੇ ਰਾਤ 12 ਵਜੇ ਤੋਂ ਬਾਅਦ ਨਵਾਂ ਸਾਲ ਸ਼ੁਰੂ ਹੋ ਜਾਵੇਗਾ। ਮਤਲਬ ਕਿ ਦੁਨੀਆ ਭਰ ਵਿੱਚ ਨਵੇਂ ਸਾਲ (1 ਜਨਵਰੀ 2026) ਦੇ ਜਸ਼ਨ ਸ਼ੁਰੂ ਹੋਣ ਵਾਲੇ ਹਨ। ਪਰ ਦਿਲਚਸਪ ਗੱਲ ਇਹ ਹੈ ਕਿ ਹਰ ਦੇਸ਼ ਆਪਣੇ-ਆਪਣੇ ਟਾਈਮ ਜੋਨ ਦੇ ਹਿਸਾਬ ਨਾਲ ਨਵੇਂ ਸਾਲ ਦਾ ਸਵਾਗਤ ਕਰਦੇ ਹਨ। ਮਤਲਬ ਕਿ ਸਾਰਿਆਂ ਹੀ ਦੇਸ਼ਾਂ 'ਚ ਨਵਾਂ ਸਾਲ ਇੱਕੋ ਹੀ ਸਮੇਂ ਨਹੀਂ ਮਨਾਇਆ ਜਾਂਦਾ।ਧਰਤੀ ਦਾ ਪੂਰਬੀ ਖੇਤਰ ਕਿਰੀਬਾਤੀ ਨਵੇਂ ਸਾਲ ਦਾ ਦਿਨ ਮਨਾਉਣ ਵਾਲਾ ਪਹਿਲਾ ਦੇਸ਼ ਹੈ, ਅਤੇ ਇੱਥੇ ਨਵੇਂ ਸਾਲ ਦਾ ਜਸ਼ਨ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਕਿਰੀਬਾਤੀ ਦੇਸ਼ ਵਿੱਚ ਅੱਜ ਭਾਰਤੀ ਮਿਆਰੀ ਸਮੇਂ ਅਨੁਸਾਰ ਦੁਪਹਿਰ 3:30 ਵਜੇ ਨਵਾਂ ਸਾਲ ਸ਼ੁਰੂ ਹੋਵੇਗਾ। ਇਸ ਤੋਂ ਬਾਅਦ, ਆਸਟ੍ਰੇਲੀਆ, ਨਿਊਜ਼ੀਲੈਂਡ ਅਤੇ ਕਈ ਏਸ਼ੀਆਈ ਦੇਸ਼ ਇੱਕ ਤੋਂ ਬਾਅਦ ਇੱਕ ਨਵੇਂ ਸਾਲ 2026 ਦੇ ਜਸ਼ਨ ਮਨਾਉਣਗੇ।ਭਾਰਤ ਵਿੱਚ 31 ਦਸੰਬਰ ਦੀ ਅੱਧੀ ਰਾਤ ਤੱਕ, 29 ਦੇਸ਼ਾਂ ਵਿੱਚ ਨਵਾਂ ਸਾਲ ਪਹਿਲਾਂ ਹੀ ਆ ਚੁੱਕਾ ਹੋਵੇਗਾ। ਯੂਰਪ ਅਤੇ ਅਮਰੀਕਾ ਵਿੱਚ, ਇਹ 31 ਦਸੰਬਰ ਦੀ ਸ਼ਾਮ ਹੋਵੇਗੀ। ਇਸ ਤਰ੍ਹਾਂ, ਨਵਾਂ ਸਾਲ ਲਗਭਗ 26 ਘੰਟਿਆਂ ਲਈ ਵੱਖ-ਵੱਖ ਸਮਾਂ ਖੇਤਰਾਂ ਵਿੱਚ ਯਾਤਰਾ ਕਰੇਗਾ।

ਨਵੇਂ ਸਾਲ ਦਾ ਸਵਾਗਤ ਕਰਨ ਵਾਲਾ ਧਰਤੀ 'ਤੇ ਆਖਰੀ ਸਥਾਨ ਹਵਾਈ ਦੇ ਦੱਖਣ-ਪੱਛਮ ਵਿੱਚ ਸਥਿਤ ਬੇਕਰ ਅਤੇ ਹਾਉਲੈਂਡ ਦੇ ਨਿਜਾਤ ਟਾਪੂ ਹੋਣਗੇ। ਨਵਾਂ ਸਾਲ 1 ਜਨਵਰੀ ਨੂੰ ਸ਼ਾਮ 5:30 ਵਜੇ ਇਨ੍ਹਾਂ ਟਾਪੂਆਂ 'ਤੇ ਸ਼ੁਰੂ ਹੋਵੇਗਾ।ਭਾਰਤ ਵਿੱਚ ਨਵੇਂ ਸਾਲ ਦਾ ਦਿਨ ਕਈ ਏਸ਼ੀਆਈ ਅਤੇ ਪ੍ਰਸ਼ਾਂਤ ਦੇਸ਼ਾਂ ਤੋਂ ਬਾਅਦ ਆਉਂਦਾ ਹੈ। ਕਿਰੀਬਾਤੀ, ਨਿਊਜ਼ੀਲੈਂਡ, ਆਸਟ੍ਰੇਲੀਆ, ਜਾਪਾਨ, ਦੱਖਣੀ ਕੋਰੀਆ, ਚੀਨ, ਇੰਡੋਨੇਸ਼ੀਆ, ਥਾਈਲੈਂਡ, ਬੰਗਲਾਦੇਸ਼ ਅਤੇ ਨੇਪਾਲ ਵਰਗੇ ਦੇਸ਼ ਭਾਰਤ ਤੋਂ ਪਹਿਲਾਂ ਹੀ ਨਵਾਂ ਸਾਲ ਮਨਾ ਲੈਂਦੇ ਹਨ। ਪਾਕਿਸਤਾਨ, ਅਫਗਾਨਿਸਤਾਨ ਅਤੇ ਪੱਛਮੀ ਦੇਸ਼ ਵੀ ਭਾਰਤ ਤੋਂ ਬਾਅਦ ਨਵੇਂ ਸਾਲ ਦਾ ਜਸ਼ਨ ਮਨਾਉਂਦੇ ਹਨ। ਅੰਦਾਜ਼ਾ ਲਗਾਇਆ ਗਿਆ ਹੈ ਕਿ ਭਾਰਤ ਬਹੁਤ ਸਾਰੇ ਦੇਸ਼ਾਂ ਤੋਂ ਬਾਅਦ ਨਵੇਂ ਸਾਲ ਦਾ ਦਿਨ ਮਨਾਉਂਦਾ ਹੈ।ਲੋਕ ਅਕਸਰ ਇਹ ਮੰਨਦੇ ਹਨ ਕਿ ਆਸਟ੍ਰੇਲੀਆ ਨਵੇਂ ਸਾਲ ਦਾ ਦਿਨ ਪਹਿਲਾਂ ਮਨਾਉਂਦਾ ਹੈ, ਪਰ ਇਹ ਪੂਰੀ ਤਰ੍ਹਾਂ ਸੱਚ ਨਹੀਂ ਹੈ। ਦਰਅਸਲ, ਕਿਰੀਬਾਤੀ ਦਾ ਕਿਰੀਤੀਮਾਤੀ ਟਾਪੂ, ਜਿਸਨੂੰ ਕ੍ਰਿਸਮਸ ਆਈਲੈਂਡ ਵੀ ਕਿਹਾ ਜਾਂਦਾ ਹੈ, ਮੱਧ ਪ੍ਰਸ਼ਾਂਤ ਮਹਾਸਾਗਰ ਵਿੱਚ ਸਥਿਤ ਹੈ, 2026 ਵਿੱਚ ਨਵੇਂ ਸਾਲ ਦਾ ਸਵਾਗਤ ਕਰਨ ਵਾਲਾ ਦੁਨੀਆ ਦਾ ਪਹਿਲਾ ਟਾਪੂ ਹੋਵੇਗਾ। ਇਹ ਟਾਪੂ ਅੰਤਰਰਾਸ਼ਟਰੀ ਡੇਟ ਲਾਈਨ ਦੇ ਨੇੜੇ ਸਥਿਤ ਹੈ, ਇਸ ਲਈ ਨਵਾਂ ਸਾਲ ਲਗਭਗ ਇੱਕ ਪੂਰਾ ਦਿਨ ਪਹਿਲਾਂ ਆ ਜਾਂਦਾ ਹੈ। ਨਿਊਜ਼ੀਲੈਂਡ ਤੋਂ ਬਾਅਦ, ਫਿਜੀ ਅਤੇ ਪੂਰਬੀ ਰੂਸ ਨਵੇਂ ਸਾਲ ਦੀ ਸ਼ੁਰੂਆਤ ਕਰਦੇ ਹਨ। ਆਸਟ੍ਰੇਲੀਆ ਦੇ ਪ੍ਰਮੁੱਖ ਸ਼ਹਿਰ, ਸਿਡਨੀ ਅਤੇ ਮੈਲਬੌਰਨ, ਫਿਰ ਦੁਪਹਿਰ ਨੂੰ ਜਸ਼ਨ ਮਨਾਉਂਦੇ ਹਨ। ਜਾਪਾਨ, ਦੱਖਣੀ ਕੋਰੀਆ ਅਤੇ ਉੱਤਰੀ ਕੋਰੀਆ ਵੀ ਨਵੇਂ ਸਾਲ ਦਾ ਦਿਨ ਉਸੇ ਕ੍ਰਮ ਵਿੱਚ ਮਨਾਉਂਦੇ ਹਨ। ਚੀਨ, ਸਿੰਗਾਪੁਰ, ਫਿਲੀਪੀਨਜ਼ ਅਤੇ ਥਾਈਲੈਂਡ ਵਰਗੇ ਦੇਸ਼ਾਂ ਵਿੱਚ, ਘੜੀ ਦੀਆਂ ਸੂਈਆਂ ਰਾਤ 12 ਵਜੇ ਵੱਜਦੇ ਹੀ ਜਸ਼ਨ ਸ਼ੁਰੂ ਹੋ ਜਾਂਦੇ ਹਨ।ਭਾਰਤੀ ਸੈਲਾਨੀਆਂ ਲਈ ਸਭ ਤੋਂ ਮਹੱਤਵਪੂਰਨ ਸਵਾਲ ਇਹ ਹੈ ਕਿ ਭਾਰਤ ਵਿੱਚ ਨਵੇਂ ਸਾਲ ਦਾ ਦਿਨ ਕਦੋਂ ਆਉਂਦਾ ਹੈ। ਨਵਾਂ ਸਾਲ 2026 ਭਾਰਤ ਅਤੇ ਸ਼੍ਰੀਲੰਕਾ ਵਿੱਚ 31 ਦਸੰਬਰ ਨੂੰ ਭਾਰਤੀ ਮਿਆਰੀ ਸਮੇਂਅਨੁਸਾਰ ਸਵੇਰੇ 12:00 ਵਜੇ ਜਾਂ ਘੰਠ ਅਨੁਸਾਰ ਸ਼ਾਮ 6:30 ਵਜੇ ਸ਼ੁਰੂ ਹੁੰਦਾ ਹੈ। ਨੇਪਾਲ ਵਿੱਚ, ਸਮਾਂ ਸ਼ਾਮ 6:15 ਵਜੇ ਹੈ, ਜਦੋਂ ਕਿ ਬੰਗਲਾਦੇਸ਼ ਵਿੱਚ ਇਹ ਸਵੇਰੇ 6:00 ਵਜੇ ਹੈ। ਪਾਕਿਸਤਾਨ ਵਿੱਚ, ਨਵਾਂ ਸਾਲ ਸ਼ਾਮ 7:00 ਵਜੇ ਆਉਂਦਾ ਹੈ। ਪੂਰੇ ਉਪ-ਮਹਾਂਦੀਪ ਵਿੱਚ ਜਸ਼ਨ ਸ਼ੁਰੂ ਹੁੰਦੇ ਹਨ। ਜਿਵੇਂ-ਜਿਵੇਂ ਸਮਾਂ ਪੱਛਮ ਵੱਲ ਵਧਦਾ ਹੈ, ਯੂਰਪੀਅਨ ਦੇਸ਼ਾਂ ਵਿੱਚ ਨਵੇਂ ਸਾਲ ਦੀਆਂ ਤਿਆਰੀਆਂ ਤੇਜ਼ ਹੁੰਦੀਆਂ ਹਨ। ਗ੍ਰੀਸ, ਰੋਮਾਨੀਆ ਅਤੇ ਦੱਖਣੀ ਅਫਰੀਕਾ ਵਿੱਚ ਰਾਤ 10:00 ਵਜੇ, ਜਰਮਨੀ, ਫਰਾਂਸ, ਇਟਲੀ ਅਤੇ ਸਪੇਨ ਵਿੱਚ ਰਾਤ 11:00 ਵਜੇ, ਅਤੇ ਅੰਤ ਵਿੱਚ ਯੂਨਾਈਟਿਡ ਕਿੰਗਡਮ, ਆਇਰਲੈਂਡ ਅਤੇ ਪੁਰਤਗਾਲ ਵਿੱਚ ਅੱਧੀ ਰਾਤ ਨੂੰ ਨਵਾਂ ਸਾਲ ਸ਼ੁਰੂ ਹੁੰਦਾ ਹੈ। ਜਦੋਂ ਲੰਡਨ ਵਿੱਚ ਬਿਗ ਬੈਨ 12 ਵਜੇ ਵੱਜਦਾ ਹੈ, ਤਾਂ ਪੂਰੀ ਦੁਨੀਆ ਆਪਣਾ ਧਿਆਨ ਯੂਰਪ ਵੱਲ ਮੋੜਦੀ ਹੈ।ਯੂਰਪ ਤੋਂ ਬਾਅਦ, ਅਮਰੀਕਾ ਦੀ ਵਾਰੀ ਹੈ। ਸੰਯੁਕਤ ਰਾਜ ਅਮਰੀਕਾ ਵਿੱਚ ਵੱਖ-ਵੱਖ ਸਮਾਂ ਖੇਤਰਾਂ ਦੇ ਕਾਰਨ, ਨਵਾਂ ਸਾਲ ਵੀ ਪੜਾਵਾਂ ਵਿੱਚ ਆਉਂਦਾ ਹੈ। ਨਿਊਯਾਰਕ, ਵਾਸ਼ਿੰਗਟਨ ਅਤੇ ਕਿਊਬਾ ਵਰਗੇ ਪੂਰਬੀ ਖੇਤਰਾਂ ਵਿੱਚ, ਨਵਾਂ ਸਾਲ ਸਵੇਰੇ 5 ਵਜੇ ਆਉਂਦਾ ਹੈ। ਫਿਰ ਸ਼ਿਕਾਗੋ, ਡੇਨਵਰ ਅਤੇ ਲਾਸ ਏਂਜਲਸ ਵਰਗੇ ਸ਼ਹਿਰ ਕ੍ਰਮਵਾਰ ਨਵਾਂ ਸਾਲ ਮਨਾਉਂਦੇ ਹਨ। ਹਵਾਈ ਅਤੇ ਤਾਹੀਤੀ ਸਵੇਰੇ 10 ਵਜੇ ਨਵਾਂ ਸਾਲ ਮਨਾਉਂਦੇ ਹਨ।ਸੰਯੁਕਤ ਰਾਜ ਅਮਰੀਕਾ ਦੇ ਦੋ ਟਾਪੂਆਂ ਕੋਲ ਦੁਨੀਆ ਵਿੱਚ ਸਭ ਤੋਂ ਆਖਰ 'ਚ ਨਵਾਂ ਸਾਲ ਮਨਾਉਣ ਦਾ ਰਿਕਾਰਡ ਹੈ। ਬੇਕਰ ਆਈਲੈਂਡ ਅਤੇ ਹਾਉਲੈਂਡ ਆਈਲੈਂਡ 1 ਜਨਵਰੀ ਨੂੰ ਦੁਪਹਿਰ 12:00 ਵਜੇ ਜੀਐਮਟੀ 'ਤੇ ਨਵਾਂ ਸਾਲ 2026 ਮਨਾਉਂਦੇ ਹਨ।

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ



- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

jvslogisticsllc@outlook.com

JUGDEV SAMRA (317) 379-4065

SUKHDEV SAMRA (317) 250-3545

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD,
SACRAMENTO, CA 95841
+1-917-915-4142
FREMONT, CA
3155 KEARNEY ST, SUITE
#248, FREMONT, CA 94538
+1-510-657-6444
NEW YORK, NY
108-14 JAMAICA AVENUE,
RICHMOND HILL, NY 11418
+1-718-533-8444
FRESNO, CA
1625 E SHAW AVE #122,
FRESNO, CA 93711
+1-559-271-5511
NEW JERSEY, NJ
2060 OAK TREE ROAD #1,
EDISON, NEW JERSEY, 08820
+1-732-453-6699
LOS ANGELES, CA
1013 N BEGONIA AVE,
ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


PACIFIC ATLANTIC
INSURANCE SERVICES INC.
AGENCY LIC# 6022536
ਕਿਸੇ ਵੀ ਤਰ੍ਹਾਂ ਦੀ insurance ਕਰਾਉਣ ਲਈ ਕਾਲ ਕਰੋ
ਅਸੀਂ ਹੇਠ ਲਿਖੀਆਂ ਸੇਵਾਵਾਂ ਦਿੰਦੇ ਹਾਂ
ਟਰੱਕਇੰਗ ਬਿਜ਼ਨਸ (ਟਰੱਕ /ਟ੍ਰੇਲਰ) ਦੀ ਇੰਸ਼ੋਰੈਂਸ
ਕਮਰਸ਼ੀਅਲ ਪ੍ਰਾਪਰਟੀ ਦੀ ਇੰਸ਼ੋਰੈਂਸ
ਕਾਰੋਬਾਰ ਦੀ ਇੰਸ਼ੋਰੈਂਸ
ਕਾਰ ਜਾਂ ਘਰ ਦੀ ਇੰਸ਼ੋਰੈਂਸ
ਅਸੀਂ Compatible ਰੇਟ ਦਿੰਦੇ ਹਾਂ, ਕਿਤੇ ਹੋਰ ਜਾਣ ਤੋਂ ਪਹਿਲਾ ਸਾਡੇ ਰੇਟ ਜਰੂਰ ਚੈੱਕ ਕਰੋ
ਅਤੇ Free QUOTE ਲਈ ਕਾਲ ਕਰੋ
ਸੰਪਰਕ ਕਰੋ
Farhan Ali
CLIENT RELATIONS MANAGER
Jessie Ghangas
BROKER AGENT CA LIC# 0171673
(916)800-9828
621 Houston Street W. Sacramento, CA 95691
OFFICE : (530)556-8004
Support@pacificatlanticsvs.com | www.pacificatlanticsvs.com
ਅਸੀਂ ਪੰਜਾਬੀ ਹਿੰਦੀ ਉਰਦੂ ਇੰਗਲਿਸ਼ ਅਤੇ ਸਪੇਨਿਸ਼ ਵਿਚ ਗੱਲ ਕਰ ਸਕਦੇ ਹਾਂ
VISIT US ON :



ਡਾ. ਸਤਿਆਵਾਨ ਸੌਰਭ,
ਕਵੀ, ਫ੍ਰੀਲਾਂਸ ਪੱਤਰਕਾਰ
ਬਰਵਾ (ਸਿਵਾਨੀ) ਭਿਵਾਨੀ,
9466526148,01255281381

# ਪ੍ਰਾਪਤੀਆਂ ਦੇ ਸ਼ੋਰ ਵਿੱਚ ਡੁੱਬਿਆ ਸੱਚ: 2025 ਲਈ ਇੱਕ ਆਤਮ-ਨਿਰੀਖਣ

## ਸਾਲ ਬੀਤ ਗਿਆ, ਸਵਾਲ ਬਾਕੀ ਹਨ: 2025 ਵਿੱਚ ਭਾਰਤ

ਇਤਿਹਾਸ ਸਿਰਫ਼ ਤਾਰੀਖਾਂ ਅਤੇ ਘਟਨਾਵਾਂ ਦਾ ਸੰਗ੍ਰਹਿ ਨਹੀਂ ਹੈ; ਇਹ ਸਮਾਜ ਦੀ ਸਮੂਹਿਕ ਚੇਤਨਾ ਦਾ ਸ਼ੀਸ਼ਾ ਵੀ ਹੈ। ਪਿਛਲੇ ਕੁਝ ਸਾਲ, ਅਤੇ ਖਾਸ ਕਰਕੇ ਸਾਲ 2025, ਭਾਰਤ ਲਈ ਇੱਕ ਅਜਿਹੇ ਸ਼ੀਸ਼ੇ ਵਜੋਂ ਕੰਮ ਕੀਤਾ ਹੈ - ਜਿਸ ਵਿੱਚ ਅਸੀਂ ਆਪਣੀਆਂ ਪ੍ਰਾਪਤੀਆਂ ਅਤੇ ਆਪਣੀਆਂ ਅਸਹਿਜ ਸੱਚਾਈਆਂ ਦੋਵੇਂ ਵੇਖੀਆਂ ਹਨ। ਇਸ ਸਾਲ ਨੇ ਉਮੀਦ ਅਤੇ ਨਿਰਾਸ਼ਾ, ਤਰੱਕੀ ਅਤੇ ਪਛੜਾਈ, ਮਾਣ ਅਤੇ ਦੋਸ਼ੀ ਭਾਵਨਾ - ਇਹ ਸਾਰੀਆਂ ਭਾਵਨਾਵਾਂ ਇੱਕੋ ਸਮੇਂ ਵੇਖੀਆਂ ਹਨ।

2025 ਵਿੱਚ, ਭਾਰਤ ਨੇ ਕਈ ਮੋਰਚਿਆਂ 'ਤੇ ਵਿਸ਼ਵਵਿਆਪੀ ਧਿਆਨ ਆਪਣੇ ਵੱਲ ਖਿੱਚਿਆ। ਡਿਜੀਟਲ ਭੁਗਤਾਨ ਪ੍ਰਣਾਲੀਆਂ ਨੇ ਆਮ ਨਾਗਰਿਕਾਂ ਦੇ ਜੀਵਨ ਨੂੰ ਸਰਲ ਬਣਾਇਆ।

UPI ਵਰਗੀਆਂ ਤਕਨਾਲੋਜੀਆਂ ਨੇ ਦਿਖਾਇਆ ਕਿ ਜੇਕਰ ਤਕਨਾਲੋਜੀ ਦੀ ਲੋੜ ਹੋਵੇ ਤਾਂ ਉਹ ਜਨਤਾ ਤੱਕ ਪਹੁੰਚ ਸਕਦੀ ਹੈ। ਸਟਾਰਟਅੱਪ ਸੱਭਿਆਚਾਰ ਨੇ ਨੌਜਵਾਨਾਂ ਵਿੱਚ ਉੱਦਮੀ ਵਿਸ਼ਵਾਸ ਪੈਦਾ ਕੀਤਾ, ਭਾਰਤ ਨੇ ਸੀਮਤ ਸਰੋਤਾਂ ਦੇ ਨਾਲ ਪੁਲਾੜ ਖੋਜ ਵਿੱਚ ਅਸਾਧਾਰਨ ਸਮਰੱਥਾਵਾਂ ਦਾ ਪ੍ਰਦਰਸ਼ਨ ਕੀਤਾ, ਅਤੇ ਬੁਨਿਆਦੀ ਢਾਂਚੇ ਸੜਕਾਂ, ਰੇਲਵੇ ਅਤੇ ਹਵਾਈ ਅੱਡਿਆਂ ਦੇ ਵਿਸਥਾਰ ਨੇ "ਤੇਜ਼ੀ ਨਾਲ ਵਧ ਰਹੇ ਭਾਰਤ" ਦੀ ਤਸਵੀਰ ਨੂੰ ਮਜ਼ਬੂਤ ਕੀਤਾ। ਇਹ ਪ੍ਰਾਪਤੀਆਂ ਅਸਵੀਕਾਰਨਯੋਗ ਹਨ, ਪਰ ਇਹ ਆਤਮ-ਨਿਰੀਖਣ ਦੀ ਵੀ ਮੰਗ ਕਰਦੀ ਹੈ, ਕਿਉਂਕਿ ਸਵਾਲ ਸਿਰਫ਼ ਵਿਕਾਸ ਬਾਰੇ ਨਹੀਂ ਹੈ, ਸਗੋਂ ਇਸਦੇ ਸਮਾਜਿਕ ਪ੍ਰਭਾਵ ਬਾਰੇ ਹੈ।

ਸ਼ਾਨਦਾਰ ਵਿਕਾਸ ਦੇ ਅੰਕੜਿਆਂ ਦੇ ਸਮਾਨਾਂਤਰ, 2025 ਵਿੱਚ ਬੇਰੁਜ਼ਗਾਰੀ ਅਤੇ ਮਹਿੰਗਾਈ ਦੀ ਹਕੀਕਤ ਵੀ ਓਨੀ ਹੀ ਸਪੱਸ਼ਟ ਰਹੀ। ਪੜ੍ਹੇ-ਲਿਖੇ ਨੌਜਵਾਨਾਂ ਕੋਲ ਡਿਗਰੀਆਂ ਸਨ, ਪਰ ਨੌਕਰੀਆਂ ਨਹੀਂ ਸਨ। ਭਰਤੀ ਪ੍ਰੀਖਿਆਵਾਂ ਦੀ ਅਨਿਸ਼ਚਿਤਤਾ, ਦੇਰੀ ਨਾਲ ਨਤੀਜਿਆਂ ਅਤੇ ਨਿੱਜੀ ਖੇਤਰ ਵਿੱਚ ਅਸਥਿਰਤਾ ਨੇ ਇੱਕ ਪੂਰੀ ਪੀੜ੍ਹੀ ਨੂੰ ਮਨੋਵਿਗਿਆਨਕ ਦਬਾਅ ਹੇਠ ਪਾ ਦਿੱਤਾ। ਮਹਿੰਗਾਈ ਨੇ ਆਮ ਆਦਮੀ ਨੂੰ ਉਸਦੀ ਰਸੋਈ ਵਿੱਚ ਸੰਤੁਲਨ ਤੋਂ ਵਾਂਝਾ ਕਰ ਦਿੱਤਾ। ਦਾਲਾਂ, ਸਬਜ਼ੀਆਂ, ਗੈਸ, ਸਿੱਖਿਆ ਅਤੇ ਸਿਹਤ ਸਭ ਕੁਝ ਮਹਿੰਗਾ ਹੋ ਗਿਆ, ਪਰ ਆਮਦਨ ਉਸੇ ਅਨੁਪਾਤ ਵਿੱਚ ਨਹੀਂ ਵਧੀ। ਇਹ ਆਰਥਿਕ ਅਸੰਤੁਲਨ ਹੌਲੀ-ਹੌਲੀ ਸਮਾਜਿਕ ਅਸੰਤੋਸ਼ ਵਿੱਚ ਬਦਲ ਗਿਆ।

2025 ਵਿੱਚ, ਕਿਸਾਨਾਂ ਅਤੇ ਮਜ਼ਦੂਰਾਂ ਦੀ ਦੁਰਦਸ਼ਾ ਗੁਪਤ ਰਹੀ। ਮੌਸਮ ਦੀਆਂ ਅਸਥਿਰਤਾਵਾਂ, ਵਾਜਬ ਫਸਲਾਂ ਦੀਆਂ ਕੀਮਤਾਂ ਦੀ ਘਾਟ, ਵਧਦਾ ਕਰਜ਼ਾ ਅਤੇ ਨੀਤੀ-ਪੱਧਰ ਦੀ ਅਣਗਹਿਲੀ ਨੇ ਕਿਸਾਨਾਂ ਨੂੰ ਲਗਾਤਾਰ ਅਸੁਰੱਖਿਆ ਵਿੱਚ ਰੱਖਿਆ। ਕਈ ਵਾਰ, ਗੱਲਬਾਤ ਠੱਪ ਹੋ ਜਾਂਦੀ ਸੀ, ਅਤੇ ਕਈ ਵਾਰ, ਅੰਦੋਲਨਾਂ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਸਨ। ਵਿਅੰਗਾਤਮਕ ਤੌਰ 'ਤੇ, ਜੋ ਦੇਸ਼ ਨੂੰ ਭੋਜਨ ਦਿੰਦੇ ਹਨ, ਉਨ੍ਹਾਂ ਨੂੰ ਸਭ ਤੋਂ ਅਨਿਸ਼ਚਿਤ ਭਵਿੱਖ ਦਾ ਸਾਹਮਣਾ ਕਰਨਾ ਪੈਂਦਾ ਹੈ। ਮਜ਼ਦੂਰਾਂ ਦੀ ਦੁਰਦਸ਼ਾ ਵੀ ਇਸ ਤੋਂ ਵੱਖਰੀ ਨਹੀਂ ਸੀ। ਅਸੰਗਠਿਤ ਖੇਤਰ ਵਿੱਚ ਕੰਮ ਕਰਨ ਵਾਲੇ ਲੱਖਾਂ ਲੋਕ ਸਮਾਜਿਕ ਸੁਰੱਖਿਆ, ਸਥਿਰ ਰੁਜ਼ਗਾਰ ਅਤੇ ਇੱਕ ਸਨਮਾਨਜਨਕ ਜੀਵਨ ਤੋਂ ਵਾਂਝੇ ਰਹੇ। ਵਿਕਾਸ ਦੀ ਇਮਾਰਤ ਬਣਾਉਣ ਵਾਲੇ ਹੱਥ ਅਕਸਰ ਸਭ ਤੋਂ ਥੱਕੇ ਅਤੇ ਘੱਟ ਸੁਰੱਖਿਅਤ ਹੁੰਦੇ ਹਨ।

2025 ਵਿੱਚ ਜਨਤਕ ਸਿੱਖਿਆ ਅਤੇ ਸਿਹਤ ਸੰਭਾਲ ਪ੍ਰਣਾਲੀਆਂ ਦੀ ਮਾੜੀ ਹਾਲਤ ਹੋਰ ਵੀ ਉਜਾਗਰ ਹੋਈ। ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਦੀ ਮਾੜੀ ਹਾਲਤ ਹੁਣ ਰਾਜ ਦੀ ਸਮੱਸਿਆ ਨਹੀਂ, ਸਗੋਂ ਇੱਕ ਰਾਸ਼ਟਰੀ ਚੁਣੌਤੀ ਹੈ। ਅਧਿਆਪਕ ਸਰੋਤਾਂ ਦੀਆਂ ਸੀਮਾਵਾਂ ਅਤੇ ਪ੍ਰਸ਼ਾਸਕੀ ਦਬਾਅ ਹੇਠ ਕੰਮ ਕਰਨਾ ਜਾਰੀ ਰੱਖਦੇ ਹਨ, ਜਦੋਂ ਕਿ ਸਿਹਤ ਕਰਮਚਾਰੀ ਬਹੁਤ ਜ਼ਿਆਦਾ ਕੰਮ ਦੇ ਬੋਝ, ਸੀਮਤ ਸਹੂਲਤਾਂ ਅਤੇ ਅਸੁਰੱਖਿਆ ਦੇ ਮਾਹੌਲ ਵਿੱਚ ਆਪਣੇ ਫਰਜ਼ ਨਿਭਾਉਂਦੇ ਰਹਿੰਦੇ ਹਨ। ਨਿੱਜੀਕਰਨ ਨੇ ਵਿਕਲਪ ਪ੍ਰਦਾਨ ਕੀਤੇ ਹਨ, ਪਰ ਸਮਾਨਤਾ ਨਹੀਂ। ਸਿੱਖਿਆ ਅਤੇ ਸਿਹਤ ਸੰਭਾਲ ਹੌਲੀ-ਹੌਲੀ ਅਧਿਕਾਰਾਂ ਦੀ ਬਜਾਏ ਵਸਤੂਆਂ ਬਣ ਗਏ ਹਨ, ਅਤੇ ਜਿਹੜੇ ਪਹਿਲਾਂ ਹੀ ਸਮਾਜਿਕ-ਆਰਥਿਕ ਤੌਰ 'ਤੇ ਪਛੜੇ ਸਨ, ਉਨ੍ਹਾਂ ਨੂੰ ਸਭ ਤੋਂ ਵੱਧ ਨੁਕਸਾਨ ਝੱਲਣਾ ਪਿਆ ਹੈ।

2025 ਵੀ ਲੋਕਤੰਤਰ ਲਈ ਇੱਕ ਪਰੇਸ਼ਾਨ ਕਰਨ ਵਾਲਾ ਸਾਲ ਸੀ। ਅਸਹਿਮਤੀ ਨੂੰ ਰਾਸ਼ਟਰ ਵਿਰੋਧੀ ਭਾਵਨਾ ਨਾਲ ਜੋੜਨ ਦੀ ਪ੍ਰਵਿਰਤੀ ਨੇ ਜਨਤਕ ਚਰਚਾ ਨੂੰ ਸੰਕੁਚਿਤ ਕਰ ਦਿੱਤਾ। ਲੇਖਕਾਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁਨਾਂ 'ਤੇ ਵਧਦੇ ਦਬਾਅ ਨੇ ਸੰਕੇਤ ਦਿੱਤਾ ਕਿ ਸ਼ਕਤੀ 'ਤੇ ਸਵਾਲ ਉਠਾਉਣਾ ਜੋਖਮ ਭਰਿਆ ਹੁੰਦਾ ਜਾ ਰਿਹਾ ਹੈ। ਸੋਸ਼ਲ ਮੀਡੀਆ ਪੋਸਟਾਂ, ਪ੍ਰਗਟਾਵੇ ਨੂੰ ਸੀਮਤ ਕਰਨ ਦੀਆਂ ਕੋਸ਼ਿਸ਼ਾਂ ਅਤੇ ਸੰਵਿਧਾਨਕ ਸੰਸਥਾਵਾਂ ਦੀ ਖੁਦਮੁਖਤਿਆਰੀ ਬਾਰੇ ਉਠਾਏ ਗਏ ਸਵਾਲਾਂ ਦੇ ਆਧਾਰ 'ਤੇ ਗ੍ਰਿਫਤਾਰੀਆਂ ਨੇ ਸਾਨੂੰ ਯਾਦ ਦਿਵਾਇਆ ਕਿ ਲੋਕਤੰਤਰ ਸਿਰਫ਼ ਚੋਣ ਪ੍ਰਕਿਰਿਆ 'ਤੇ ਹੀ ਨਹੀਂ ਟਿਕਦਾ। ਇਹ ਇੱਕ ਆਜ਼ਾਦ ਪ੍ਰੈਸ, ਨਿਡਰ ਨਾਗਰਿਕਾਂ ਅਤੇ ਜਵਾਬਦੇਹ ਸੰਸਥਾਵਾਂ 'ਤੇ ਹੀ ਪ੍ਰਫੁੱਲਤ ਹੁੰਦਾ ਹੈ।

ਧਰਮ ਅਤੇ ਪਛਾਣ ਦੀ ਰਾਜਨੀਤੀ ਨੇ 2025 ਵਿੱਚ ਸਮਾਜ ਨੂੰ ਵਾਰ-ਵਾਰ ਵੰਡਿਆ। ਧਾਰਮਿਕ ਕੱਟੜਤਾ, ਭੀੜ ਦੀ ਮਾਨਸਿਕਤਾ, ਅਤੇ ਨੈਤਿਕ ਪੁਲਿਸਿੰਗ ਨੇ ਸੰਵਿਧਾਨ ਵਿੱਚ ਦਰਜ ਸਮਾਨਤਾ, ਭਾਈਚਾਰੇ ਅਤੇ ਧਰਮ ਨਿਰਪੱਖਤਾ ਦੇ ਬੁਨਿਆਦੀ ਸੰਕਲਪਾਂ ਨੂੰ ਚੁਣੌਤੀ ਦਿੱਤੀ। ਧਰਮ, ਜੋ ਕਿ ਵਿਸ਼ਵਾਸ ਦਾ ਇੱਕ ਨਿੱਜੀ ਖੇਤਰ ਹੋਣਾ ਚਾਹੀਦਾ ਸੀ, ਸ਼ਕਤੀ ਅਤੇ ਰਾਜਨੀਤੀ ਦਾ ਇੱਕ ਸਾਧਨ ਬਣ ਗਿਆ। ਨਤੀਜਾ ਸਮਾਜ ਵਿੱਚ ਅਵਿਸ਼ਵਾਸ ਵਧਿਆ, ਸੰਚਾਰ ਵਿੱਚ ਟੁੱਟਾਅ ਅਤੇ ਮਨੁੱਖੀ ਰਿਸ਼ਤਿਆਂ ਵਿੱਚ ਦਰਾਰਾਂ ਦਾ ਡੂੰਘਾ ਹੋਣਾ ਸੀ।

ਇਸ ਸਾਰੇ ਉਦਾਸੀ ਦੇ ਵਿਚਕਾਰ, 2025 ਨੇ ਉਮੀਦ ਦੀਆਂ ਕੁਝ ਠੋਸ ਕਿਰਨਾਂ ਵੀ ਪੇਸ਼ ਕੀਤੀਆਂ। ਨੌਜਵਾਨਾਂ ਨੇ ਸਵਾਲ ਪੁੱਛੇ, ਵਿਦਿਆਰਥੀਆਂ ਨੇ ਆਪਣੀਆਂ ਆਵਾਜ਼ਾਂ ਉਠਾਈਆਂ, ਕਿਸਾਨਾਂ ਅਤੇ ਮਜ਼ਦੂਰਾਂ ਨੇ ਸੰਗਠਿਤ ਹੋ ਕੇ ਆਪਣੇ ਹੱਕਾਂ ਦੀ ਮੰਗ ਕੀਤੀ। ਸਿਵਲ ਸਮਾਜ ਸੰਗਠਨਾਂ ਅਤੇ ਸੁਤੰਤਰ ਪੱਤਰਕਾਰੀ ਨੇ ਸਾਬਤ ਕਰ ਦਿੱਤਾ ਕਿ ਭਾਰਤੀ ਲੋਕਤੰਤਰ ਨੂੰ ਪੂਰੀ ਤਰ੍ਹਾਂ ਚੁੱਪ ਨਹੀਂ ਕਰਵਾਇਆ ਗਿਆ ਸੀ। ਇਹ ਵਿਰੋਧ ਸਿਰਫ਼ ਸੱਤਾ ਦੇ ਵਿਰੁੱਧ ਨਹੀਂ ਸੀ, ਸਗੋਂ ਸਮਾਜਿਕ ਉਦਾਸੀਨਤਾ ਦੇ ਵਿਰੁੱਧ ਵੀ ਸੀ ਜੋ ਸਾਨੂੰ ਹੌਲੀ-ਹੌਲੀ ਅੰਦਰੋਂ ਖੋਰਾ ਲਗਾ ਰਹੀ ਹੈ।

2025 ਨੇ ਇਹ ਸਪੱਸ਼ਟ ਕਰ ਦਿੱਤਾ ਕਿ ਵਿਕਾਸ ਨੂੰ ਸਿਰਫ਼ GDP ਦੇ ਅੰਕੜਿਆਂ ਨਾਲ ਨਹੀਂ ਮਾਪਿਆ ਜਾ ਸਕਦਾ। ਜਦੋਂ ਤੱਕ ਪਿੰਡ ਸੁਰੱਖਿਅਤ ਨਹੀਂ ਹੁੰਦੇ, ਕਿਸਾਨ ਆਤਮਵਿਸ਼ਵਾਸੀ ਨਹੀਂ ਹੁੰਦੇ, ਮਜ਼ਦੂਰ ਸਨਮਾਨ ਨਾਲ ਜੀਉਂਦੇ ਹਨ, ਅਧਿਆਪਕ ਅਤੇ ਸਿਹਤ ਕਰਮਚਾਰੀ ਸੁਰੱਖਿਅਤ ਨਹੀਂ ਹੁੰਦੇ, ਅਤੇ ਵਿਦਿਆਰਥੀ ਭਵਿੱਖ ਬਾਰੇ ਡਰ ਤੋਂ ਮੁਕਤ ਨਹੀਂ ਹੁੰਦੇ, 'ਵਿਕਸਤ ਭਾਰਤ' ਸਿਰਫ਼ ਇੱਕ ਆਕਰਸ਼ਕ ਨਾਅਰਾ ਹੀ ਰਹੇਗਾ। ਤਕਨਾਲੋਜੀ ਸਿਰਫ਼ ਉਦੋਂ ਹੀ ਅਰਥਪੂਰਨ ਹੁੰਦੀ ਹੈ ਜਦੋਂ ਇਹ ਮਨੁੱਖੀ ਭਾਵਨਾਵਾਂ ਨਾਲ ਜੁੜੀ ਹੁੰਦੀ ਹੈ, ਅਤੇ ਸ਼ਾਸਨ ਨੂੰ ਸਿਰਫ਼ ਉਦੋਂ ਹੀ ਸਫਲ ਮੰਨਿਆ ਜਾ ਸਕਦਾ ਹੈ ਜਦੋਂ ਇਸਦਾ ਪ੍ਰਭਾਵ ਲਾਈਨ ਦੇ ਆਖਰੀ ਵਿਅਕਤੀ ਤੱਕ ਪਹੁੰਚਦਾ ਹੈ।

ਪਿਛਲੇ ਸਾਲ ਦਾ ਸਭ ਤੋਂ ਵੱਡਾ ਸਬਕ, ਅਤੇ ਖਾਸ ਕਰਕੇ 2025 ਦਾ, ਇਹ ਹੈ ਕਿ ਭਾਰਤ ਨੂੰ ਬਚਾਉਣ ਦੀ ਜ਼ਿੰਮੇਵਾਰੀ ਸਿਰਫ਼ ਸਰਕਾਰਾਂ ਦੀ ਹੀ ਨਹੀਂ, ਸਗੋਂ ਜਾਗਰੂਕ ਨਾਗਰਿਕਾਂ ਦੀ ਵੀ ਹੈ। ਲੋਕਤੰਤਰ ਵਿੱਚ, ਚੁੱਪ ਨਿਰਪੱਖਤਾ ਨਹੀਂ ਹੁੰਦੀ; ਇਹ ਅਕਸਰ ਬੇਇਨਸਾਫ਼ੀ ਦਾ ਸਭ ਤੋਂ ਮਜ਼ਬੂਤ ਸਹਿਯੋਗੀ ਬਣ ਜਾਂਦੀ ਹੈ।

ਜਦੋਂ ਅਸੀਂ ਬੇਇਨਸਾਫ਼ੀ ਦੇ ਸਾਹਮਣੇ ਚੁੱਪ ਰਹਿੰਦੇ ਹਾਂ, ਤਾਂ ਅਸੀਂ ਅਣਜਾਣੇ ਵਿੱਚ ਇਸਦੇ ਹੱਕ ਵਿੱਚ ਖੜ੍ਹੇ ਹੋ ਜਾਂਦੇ ਹਾਂ। 2025 ਨੇ ਸਾਨੂੰ ਇਹ ਅਹਿਸਾਸ ਕਰਵਾਇਆ ਕਿ ਚੁੱਪ ਹੁਣ ਕੋਈ ਵਿਕਲਪ ਨਹੀਂ ਹੈ। ਸਵਾਲ ਕਰਨਾ, ਅਸਹਿਮਤੀ ਪ੍ਰਗਟ ਕਰਨਾ ਅਤੇ ਗੱਲਬਾਤ ਬਣਾਈ ਰੱਖਣਾ ਅੱਜ ਦੇਸ਼ ਭਗਤੀ ਦੇ ਸਭ ਤੋਂ ਵੱਡੇ ਕੰਮ ਹਨ।

2025 ਸਿਰਫ਼ ਇੱਕ ਲੰਘਦਾ ਸਾਲ ਨਹੀਂ ਹੈ, ਸਗੋਂ ਇੱਕ ਚੇਤਾਵਨੀ ਅਤੇ ਇੱਕ ਮੌਕਾ ਦੋਵੇਂ ਹੈ। ਇੱਕ ਚੇਤਾਵਨੀ ਕਿ ਜੇਕਰ ਅਸੀਂ ਅਸਮਾਨਤਾ, ਅਸਹਿਣਸ਼ੀਲਤਾ ਅਤੇ ਦਮਨ ਨੂੰ ਆਮ ਬਣਾਉਂਦੇ ਹਾਂ, ਤਾਂ ਲੋਕਤੰਤਰ ਅੰਦਰੋਂ ਖੋਖਲਾ ਹੋ ਜਾਵੇਗਾ। ਅਤੇ ਵਿਕਾਸ ਦੀ ਦਿਸ਼ਾ, ਰਾਜਨੀਤੀ ਦੀ ਭਾਸ਼ਾ ਅਤੇ ਨਾਗਰਿਕਾਂ ਦੀ ਭੂਮਿਕਾ 'ਤੇ ਗੰਭੀਰਤਾ ਨਾਲ ਮੁੜ ਵਿਚਾਰ ਕਰਨ ਦਾ ਇੱਕ ਮੌਕਾ ਹੈ। ਜੇਕਰ ਅਸੀਂ ਸੱਚਮੁੱਚ 2025 ਤੋਂ ਕੁਝ ਸਿੱਖਦੇ ਹਾਂ, ਤਾਂ ਉਹ ਸਬਕ ਆਉਣ ਵਾਲੇ ਸਾਲਾਂ ਨੂੰ ਵਧੇਰੇ ਮਨੁੱਖੀ, ਵਧੇਰੇ ਨਿਆਂਪੂਰਨ ਅਤੇ ਵਧੇਰੇ ਲੋਕਤੰਤਰੀ ਬਣਾ ਸਕਦੇ ਹਨ।

# ਲੈ ਆਵੀਂ ਵੇ ਸੂਰਜਾ

ਨਵੇਂ ਸਾਲ ਦਿਆ ਸੂਰਜਾ
ਵੰਡੀਂ ਖੁਸ਼ੀਆਂ ਖੇੜੇ।
ਬਖਸ਼ੀਂ ਨਵੀਂ ਜ਼ਿੰਦਗੀ,
ਰੱਖੀਂ ਹੱਸਦੇ ਵਿਹੜੇ।
ਤਪਣ ਚੁੱਲ੍ਹੇ ਹਰ ਘਰ ਉਹਨਾਂ ਦੇ,
ਰੋਟੀਓਂ ਆਤਰ ਜਿਹੜੇ।
ਅਮੀਰ ਨੇ ਕਰਦੇ ਚੋਜ਼ ਨਿੱਤ,
ਗਰੀਬਾਂ ਪੱਲੇ ਝੇੜੇ।
ਨਸ਼ਾ ਖ਼ੋਰੀ ਤੇ ਡਕੈਤੀਆਂ,
ਦੱਸਾਂ ਦੁੱਖ ਕਿਹੜੇ।
ਆ ਕੇ ਦੇਵੀਂ ਭਜਾ ਤੂੰ,
ਭਰ ਖ਼ੱਚਰ ਰੇਹੜੇ।
ਸਵਰਗ ਬਣਾਈਂ ਸਮਾਜ ਨੂੰ,
ਮੁੱਕਣ ਕੰਮ ਭੈੜੇ।
ਐਸਾ ਰਹਿਬਰ ਲੈ ਆਵੀਂ,
ਗੱਲ ਹੱਕਾਂ ਦੀ ਛੇੜੇ।
ਜਿਉਂ ਖੂਹ ਹੈ ਪਾਣੀ ਵੰਡਦਾ,
ਹਲਟਾਂ ਨੂੰ ਗੇੜੇ।
ਇੱਥੇ ਰੋਜੀ ਦੇਵੀਂ ਸਭ ਨੂੰ,
ਖਾਣ ਮੱਖਣ ਪੇੜੇ।
ਚੜ੍ਹੀਂ ਐਸੇ ਢੰਗ 'ਪੱਤੋ'
ਕਰੀਂ ਦੂਰ ਬਿਖੇੜੇ।
ਨਵੇਂ ਸਾਲ ਦਿਆ ਸੂਰਜਾ,
ਵੰਡੀਂ ਖੁਸ਼ੀਆਂ ਖੇੜੇ।



ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਨਵੇਂ ਸਾਲ ਨੂੰ

ਐ ਨਵੇਂ ਸਾਲ, ਜੇ ਤੂੰ ਆ ਹੀ ਗਿਐਂ
ਤਾਂ ਕੁੱਝ ਕਰਕੇ ਵਿਖਾ।
ਪਿੱਛੇ ਵੱਲ ਜਾਂਦੇ ਦੇਸ਼ ਨੂੰ
ਤਰੱਕੀ ਦੀ ਪਟੜੀ ਤੇ ਚੜ੍ਹਾ।
ਰੁਜ਼ਗਾਰ ਲਈ ਕੋਈ ਬਾਹਰ ਨਾ ਜਾਵੇ
ਸਭ ਨੂੰ ਰੁਜ਼ਗਾਰ ਇੱਥੇ ਹੀ ਦੁਆ।
ਭੁੱਖਾ ਕੋਈ ਨਾ ਸੌਂਵੇ ਰਾਤ ਨੂੰ
ਸਭ ਨੂੰ ਦੋ ਡੰਗ ਦੀ ਰੋਟੀ ਦੁਆ।
ਸਰਹੱਦਾਂ ਤੇ ਨਾ ਹੋਵੇ ਕੋਈ ਲੜਾਈ
ਸਰਹੱਦਾਂ ਤੇ ਸ਼ਾਂਤੀ ਵਰਤਾ।
ਇੱਕ ਦੂਜੇ ਨਾਲ ਝਗੜੇ ਨਾ ਕੋਈ
ਸਭ ਨੂੰ ਇੱਕ ਥਾਂ ਬਿਠਾ।
ਉਨ੍ਹਾਂ ਤੇ ਹੁੰਦੇ ਜ਼ੁਲਮ ਬਥੇਰੇ
ਦੱਬਿਆਂ, ਕੁਚਲਿਆਂ ਦੀ ਅਣਖ ਜਗਾ।
ਧੀਆਂ ਭੈਣਾਂ ਸਭ ਦੇ ਘਰ
ਦਰਿੰਦਿਆਂ ਤੋਂ ਉਨ੍ਹਾਂ ਨੂੰ ਬਚਾ।
ਇਹ ਦੇਸ਼ ਕੱਲਾ ਉਨ੍ਹਾਂ ਦਾ ਨਹੀਂ
ਸਭ ਦਾ ਸਾਂਝਾ ਆ।
ਗੱਦੀ ਦੇ ਭੁੱਖੇ ਨੇਤਾਵਾਂ ਦੇ ਖਾਨੇ 'ਚ
ਇਹ ਗੱਲ ਚੱਜ ਨਾਲ ਪਾ।
ਕਿਸਾਨਾਂ ਨੂੰ ਸਾਰੀਆਂ ਫਸਲਾਂ ਦਾ
ਘੱਟੋ ਘੱਟ ਸਮਰਥਨ ਮੁੱਲ ਦੁਆ।
ਫਸਲਾਂ ਦਾ ਘੱਟ ਮੁੱਲ ਮਿਲਣ ਕਰਕੇ
ਉਨ੍ਹਾਂ ਨੂੰ ਨਾ ਮੰਡੀਆਂ 'ਚ ਰੁਲਾ।
ਐ ਨਵੇਂ ਸਾਲ, ਜੇ ਤੂੰ ਆ ਹੀ ਗਿਐਂ,
ਤਾਂ ਕੁੱਝ ਕਰਕੇ ਵਿਖਾ।
ਕੁੱਝ ਕਰਕੇ ਵਿਖਾ।



ਮਹਿੰਦਰ ਸਿੰਘ ਮਾਨ
ਸਲੋਹ ਰੋਡ, ਨਵਾਂ ਸ਼ਹਿਰ
99158-03554


RE/MAX EXECUTIVE
ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।
Kirandeep Kaur
Realtor ®
CalDRE # 02115235
ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।
Contact : Cell (209) 550-1704
220 - A Standiford Ave, Modesto, CA 95350, kkaur@mycvre.com
EACH OFFICE IS INDEPENDENTLY OWNED AND OPERATED

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION
Where Hope Meets

IMMIGRATION OPPORTUNITIES

USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS

INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Arrested ?
DUI ?
Drug Charges ?
Gun Violation ?
Ghuman Law Group
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001



SANJHI SOCH
ਬਰਜਿੰਦਰ ਕੌਰ ਬਿਸਰਾਓ
99889-01324

# ਨਵਾਂ ਸਾਲ ਮੁਬਾਰਕ

ਮਨੁੱਖ ਵੱਲੋਂ ਆਪਣੇ ਕੰਮਾਂ ਕਾਜਾਂ ਨੂੰ ਤਰਤੀਬ ਦੇਣ ਲਈ ਅਤੇ ਦਿਨਾਂ ਤਿਉਹਾਰਾਂ ਦਾ ਹਿਸਾਬ ਕਿਤਾਬ ਰੱਖਣ ਲਈ ਦਿਨਾਂ ਮਹੀਨਿਆਂ ਅਤੇ ਸਾਲਾਂ ਦੇ ਹਿਸਾਬ ਨਾਲ ਕੈਲੰਡਰ ਬਣਾਏ ਗਏ। ਸਮੇਂ ਸਮੇਂ ਅਨੁਸਾਰ ਇਹਨਾਂ ਵਿੱਚ ਥੋੜ੍ਹੀਆਂ ਬਹੁਤੀਆਂ ਤਬਦੀਲੀਆਂ ਵੀ ਕੀਤੀਆਂ ਗਈਆਂ। ਇਸੇ ਤਰ੍ਹਾਂ ਸਮੇਂ ਦੀ ਗਿਣਤੀ ਮਿਣਤੀ ਦੀ ਸਹੂਲਤ ਲਈ ਮਨੁੱਖ ਵਲੋਂ ਬਣਾਏ ਗਏ ਵੱਖ ਵੱਖ ਕੈਲੰਡਰਾਂ ਅਨੁਸਾਰ ਇੱਕ ਬੀਤ ਚੁੱਕੇ ਸਾਲ ਨੂੰ ਪੁਰਾਣਾ ਜਾਂ ਪਿਛਲਾ ਸਾਲ ਅਤੇ ਸ਼ੁਰੂ ਹੋ ਰਹੇ ਸਾਲ ਨੂੰ ਨਵਾਂ ਸਾਲ ਕਹਿੰਦੇ ਹਾਂ। ਨਵਾਂ ਸਾਲ ਉਹ ਸਮਾਂ ਹੁੰਦਾ ਹੈ ਜਦੋਂ ਪੁਰਾਣੇ ਕਲੰਡਰ ਦਾ ਬਾਰਾਂ ਮਹੀਨਿਆਂ ਬਾਅਦ ਸਾਲ ਮੁੱਕਦਾ ਹੈ ਅਤੇ ਨਵੇਂ ਕਲੰਡਰ ਦਾ ਸਾਲ ਨਵੇਂ ਮਹੀਨੇ ਦੇ ਨਵੇਂ ਦਿਨ ਨਾਲ ਸ਼ੁਰੂ ਹੁੰਦਾ ਹੈ। ਬਹੁਤ ਸਾਰੇ ਸੱਭਿਆਚਾਰਾਂ ਵਿੱਚ, ਇਸ ਘਟਨਾ ਜਾਂ ਵਿਸ਼ੇਸ਼ ਦਿਨ ਨੂੰ ਕਿਸੇ ਨਾ ਕਿਸੇ ਤਰੀਕੇ ਨਾਲ ਮਨਾਇਆ ਜਾਂਦਾ ਹੈ। ਦੁਨੀਆ ਭਰ ਵਿੱਚ ਅੱਜ ਗ੍ਰੇਗਰੀ ( ਗ੍ਰੇਗੋਰੀਅਨ) ਕਲੰਡਰ ਵਾਲਾ ਨਵਾਂ ਸਾਲ ਮਨਾਇਆ ਜਾਣ ਲੱਗ ਪਿਆ ਹੈ।

ਇਹ ਪੁਰਾਣੇ ਰੋਮਨ ਕੈਲੰਡਰ ਅਤੇ ਉਸ ਦੀ ਥਾਂ ਲਾਗੂ ਕੀਤੇ ਜੂਲੀਅਨ ਕੈਲੰਡਰ ਦੋਨਾਂ ਦੇ ਅਨੁਸਾਰ ਹੀ 1 ਜਨਵਰੀ ਨੂੰ ਨਵਾਂ ਸਾਲ ਸ਼ੁਰੂ ਹੁੰਦਾ ਹੈ। ਉਂਝ 1 ਜਨਵਰੀ ਨੂੰ ਨਵਾਂ ਸਾਲ ਮਨਾਉਣਾ 15 ਅਕਤੂਬਰ 1582 ਤੋਂ ਸ਼ੁਰੂ ਹੋਇਆ। ਇੱਕ ਹੈਰਾਨੀਜਨਕ ਗੱਲ ਇਹ ਵੀ ਹੈ ਕਿ ਸਾਰੀ ਦੁਨੀਆ ਵਿੱਚ ਨਵਾਂ ਸਾਲ ਇੱਕ ਜਨਵਰੀ ਨੂੰ ਨਹੀਂ ਮਨਾਇਆ ਜਾਂਦਾ। ਦੁਨੀਆ ਭਰ ਵਿੱਚ ਲੋਕ ਵੱਖ-ਵੱਖ ਸੱਭਿਆਤਾ ਨਾਲ਼ ਸਬੰਧ ਰੱਖਦੇ ਹਨ, ਦੁਨੀਆਂ ਭਰ ਵਿੱਚ ਆਪੋ ਆਪਣੀ ਸਭਿਅਤਾ ਦੇ ਹਿਸਾਬ ਨਾਲ ਸਾਲ ਦੇ 365 ਦਿਨਾਂ ਵਿੱਚ 80 ਨਵੇਂ ਸਾਲ ਆਉਂਦੇ ਹਨ। ਪਰੰਤੂ ਇਹਨਾਂ ਵਿਚੋਂ ਕਈ ਤਰੀਕਾਂ ਇੱਕੋ ਦਿਨ ਆ ਜਾਂਦੀਆਂ ਹਨ, ਜਿਸ ਕਰਕੇ ਸਾਲ ਦੇ 12 ਮਹੀਨਿਆਂ ਵਿੱਚੋਂ 58 ਦਿਨ ਨਵਾਂ ਸਾਲ ਮਨਾਇਆ ਜਾਂਦਾ ਹੈ। ਜਿਵੇਂ ਪੰਜਾਬੀ ਲੋਕ ਦੇਸੀ ਮਹੀਨਿਆਂ ਅਨੁਸਾਰ ਚੇਤ ਮਹੀਨੇ ਦੇ ਪਹਿਲੇ ਦਿਨ ਤੋਂ ਨਵੇਂ ਸਾਲ ਦੀ ਸ਼ੁਰੂਆਤ ਮੰਨਦੇ ਹਨ । ਹਾਲਾਂ ਕਿ ਗੁਰਬਾਣੀ ਅਨੁਸਾਰ ਉਹੀ ਦਿਨ ਸੁਹਾਵੜਾ ਹੈ ਜਿਸ ਦਿਨ ਪ੍ਰਭੂ ਦੀ ਯਾਦ ਚਿੱਤ ਵਿੱਚ ਵਸ ਜਾਂਦੀ ਹੈ ਤੇ ਜਿਸ ਦਿਨ ਵਿਸਰ ਜਾਵੇ ਉਹ ਦਿਨ ਫਿਟਕਾਰਯੋਗ ਹੈ: ''ਨਾਨਕ ! ਸੋਈ ਦਿਨਸੁ ਸੁਹਾਵੜਾ, ਜਿਤੁ ਪ੍ਰਭੁ ਆਵੈ ਚਿਤਿ॥ ਜਿਤੁ ਦਿਨਿ ਵਿਸਰੈ ਪਾਰਬ੍ਰਹਮੁ, ਫਿਟੁ ਭਲੇਰੀ ਰੁਤਿ॥

ਗੁਰਮਤਿ ਅਨੁਸਾਰ ਸਾਰੇ ਦਿਨ ਹੀ ਬਰਾਬਰ ਹਨ ਭਾਵ ਕੋਈ ਚੰਗਾ ਜਾਂ ਮਾੜਾ ਨਹੀਂ ਕਿਉਂਕਿ ਹਰ ਰੋਜ਼ ਉਹੀ ਚੰਦਰਮਾਂ ਅਤੇ ਓਹੀ ਤਾਰੇ ਚੜ੍ਹਦੇ ਹਨ ਅਤੇ ਉਹੀ ਸੂਰਜ ਅਸਮਾਨ ਵਿੱਚ ਚਮਕਦਾ ਹੈ। ਉਹੀ ਜ਼ਮੀਨ ਹੈ ਅਤੇ ਉਹ ਹੀ ਹਵਾ ਵਗਦੀ ਹੈ। ਬੰਦਾ ਖੁਦ ਵੀ ਪੁਰਾਣਾ ਹੀ ਰਹਿੰਦਾ ਉਸ ਵਿੱਚ ਕੁਝ ਵੀ ਨਵਾਂ ਨਹੀਂ ਹੁੰਦਾ। ਇਸ ਤਰ੍ਹਾਂ ਬੰਦੇ ਦੇ ਅੰਦਰ ਤਾਂ ਕੁਝ ਵੀ ਨਵਾਂ ਨਹੀਂ ਵਾਪਰ ਰਿਹਾ ਹੁੰਦਾ ਪਰ ਬਾਹਰ ਨਵੇਂ ਤੇ ਨਵਾਂ ਸਾਲ ਚੜ੍ਹਾਈ ਜਾਂਦਾ ਹੈ । ਅੰਦਰੋਂ ਹੋਰ ਪੁਰਾਣੇ ਤੋਂ ਪੁਰਾਣਾ ਹੋਈ ਜਾਂਦਾ ਹੈ ਤੇ ਉਹੀ ਸਭ ਕੁਝ ਪੁਰਾਣਾ ਉਂਝ ਹੀ ਸਾਡੇ ਨਾਲ ਨਾਲ ਤੁਰਿਆ ਜਾਂਦਾ ਹੈ। ਜੋ ਅਸੀਂ ਪਿਛਲੇ ਸਾਲ ਸੀ ਉਹੀ ਅਸੀਂ ਨਵੇਂ ਸਾਲ ਵਿੱਚ ਹੁੰਦੇ ਹਾਂ। ਇਹ ਦੁਨੀਆਂ ਦਾ ਦਸਤੂਰ ਹੀ ਰਿਹਾ ਹੈ । ਅਸੀਂ ਬੀਤਿਆਂ ਤੋਂ ਕੁਝ ਨਹੀਂ ਸਿੱਖਦੇ ਬਲਕਿ ਹੋਰ ਜੋਰ ਸ਼ੋਰ ਨਾਲ ਬੀਤੀਆਂ ਘਟਨਾਵਾਂ, ਬੀਤੇ ਕੱਲ੍ਹ ਨੂੰ ਅੱਜ ਦੇ ਨਾਲ਼ ਨਾਲ਼ ਹੀ ਖਿੱਚੀ ਫਿਰਦੇ ਹਾਂ। ਇੱਥੋਂ ਤੱਕ ਕਿ ਮਨੁੱਖ ਬੁੱਢਾ ਹੋਣ ਤੱਕ ਅਪਣਾ ਬਚਪਨ ਅਤੇ ਜਵਾਨੀ ਵੀ ਨਾਲ਼ ਨਾਲ਼ ਹੀ ਘੜੀਸੀ ਫਿਰਦਾ ਹੈ, ਇਹੀ ਕਾਰਨ ਹੈ ਕੁਝ ਵੀ ਨਵਾਂ ਨਹੀਂ ਵਾਪਰਦਾ ਅਤੇ ਜੀਵਨ ਵਿਚ ਪੁਰਾਣਿਆਂ ਵਕਤਾਂ ਨੂੰ ਹੀ ਯਾਦ ਕਰ ਕਰ ਕੇ ਜਾਂ ਤਾਂ ਉਹਨਾਂ ਨੂੰ ਝੂਰੀ ਜਾਂਦਾ ਹੈ ਜਾਂ ਪੁਰਾਣੀਆਂ ਖੁਸ਼ੀਆਂ ਨੂੰ ਯਾਦ ਕਰਕੇ ਅੱਜ ਨੂੰ ਝੂਰੀ ਜਾਂਦਾ ਹੈ। ਫ਼ਿਰ ਨਵੇਂ ਸਾਲ ਮਨਾਉਣ ਦਾ ਕੀ ਫਾਇਦਾ ਹੋਇਆ? ਜਿਉਂ ਜਿਉਂ ਸਾਲ ਨਵੇਂ ਆਈ ਜਾਂਦੇ ਨੇ ਤਿਉਂ ਤਿਉਂ ਪੁਰਾਣਾ ਵਕਤ ਹੋਰ ਬਲਵਾਨ ਹੋਈ ਜਾਂਦਾ ਹੈ ਕਿਉਂਕਿ ਮਨੁੱਖ ਤੋਂ ਪੁਰਾਣਾ ਛੁੱਟਦਾ ਨਹੀਂ ਤੇ ਨਵੇਂ ਵਿੱਚ ਕੁਝ ਹੋਰ ਨਵਾਂ ਕਰਨ ਲਈ ਲੋਚਦਾ ਨਹੀਂ। ਪਰ ਹਰ ਸਾਲ ਨਵੇਂ ਸਾਲ ਦੇ ਕੁਝ ਪਲ ਜਰੂਰ ਮਨ ਨੂੰ ਤਸੱਲੀ ਮਿਲ ਜਾਂਦੀ ਹੈ । ਇਹਨਾਂ ਪਲਾਂ ਨੂੰ ਮਨੁੱਖ ਹੋਰ ਲੰਮੇਰਾ ਕਰ ਸਕਦਾ ਹੈ ਤਾਂ ਜੋ ਨਾਕਾਰਾਤਮਿਕ ਚੀਜ਼ਾਂ ਨੂੰ ਤਿਆਗ ਕੇ ਆਉਣ ਵਾਲੇ ਸਮੇਂ ਵਿੱਚ ਕੁਝ ਨਾ ਕੁਝ ਸਾਕਾਰਾਤਮਕ ਸੋਚ ਨਾਲ ਅੱਗੇ ਵਧਣ ਦਾ ਪ੍ਰਣ ਕੀਤਾ ਜਾਵੇ।

ਇੱਕ ਹੋਰ ਨਵਾਂ ਸਾਲ ਸਾਡੇ ਵਿਹੜਿਆਂ ਵਿੱਚ ਨੱਚਦਾ ਟੱਪਦਾ,ਝੂਮਰ ਪਾਉਂਦਾ ਆ ਵੜਿਆ ਹੈ। ਆਓ ! ਆਪਾਂ ਵੀ ਇਸ ਵਰਗੇ ਨਵੇਂ ਨਵੇਂ ਬਣਨ ਦੀਆਂ ਕੋਸ਼ਿਸ਼ਾਂ ਕਰੀਏ, ਕੁਝ ਨਵੇਂ ਨਵੇਂ ਟੀਚੇ ਮਿੱਥੀਏ ਕਿਉਂਕਿ ਆਪਾਂ ਸਭ ਨੂੰ ਪਤਾ ਹੈ ਕਿ ਨਵਾਂ ਸਾਲ ਹਰ ਇਨਸਾਨ ਲਈ ਨਵੀਆਂ ਉਮੀਦਾਂ, ਨਵੀਆਂ ਉਮੰਗਾਂ ਅਤੇ ਨਵੀਆਂ ਖ਼ੁਸ਼ੀਆਂ ਦੀਆਂ ਸੰਭਾਵਾਨਾਵਾਂ ਨਾਲ ਮਾਨਸਿਕ ਤੌਰ ਤੇ ਜਰੂਰ ਭਰਿਆ ਹੁੰਦਾ ਹੈ। ਇਸ ਲਈ ਹਰ ਕੋਈ ਚਾਹੁੰਦਾ ਹੈ ਕਿ ਉਸਦੇ ਨਵੇਂ ਸਾਲ ਦੀ ਸ਼ੁਰੂਆਤ ਆਮ ਦਿਨਾਂ ਵਾਂਗ ਹੀ ਨਾ ਹੋਵੇ, ਬਲਕਿ ਇਸ ਦਿਨ ਉਹ ਕੁਝ ਵਿਸ਼ੇਸ਼ ਕਰੇ। ਜਿਵੇਂ ਨਾਵਲਕਾਰ ਨਰਿੰਜਨ ਤਸਨੀਮ ਦੇ ਨਾਵਲ "ਇੱਕ ਹੋਰ ਨਵਾਂ ਸਾਲ" ਵਿੱਚ ਬੰਤੇ ਦੇ ਮਨ ਵਿੱਚ ਨਵੇਂ ਸਾਲ ਨੂੰ ਕੁਝ ਖਾਸ ਤਰੀਕੇ ਨਾਲ ਮਨਾਉਣ ਦੀ ਇੱਛਾ ਪ੍ਰਗਟ ਹੋਈ ਸੀ ਤੇ ਉਹ ਦੁਪਹਿਰ ਨੂੰ ਆਪਣੇ ਤਿੰਨੇ ਜਵਾਕਾਂ ਨੂੰ ਰਿਕਸ਼ੇ ਤੇ ਇੱਕ ਝੂਟੀ ਦੇ ਕੇ ਨਵੀਂ ਜਿਹੀ ਖ਼ੁਸ਼ੀ ਦਾ ਅਨੁਭਵ ਕਰ ਲੈਂਦਾ ਹੈ। ਬਾਕੀ ਤਾਂ ਉਸ ਦੀ ਪਤਨੀ ਤਾਰੋ ਬੰਤੇ ਦੇ ਵਾਰ ਵਾਰ ਨਵਾਂ ਸਾਲ ਨਵੇਂ ਤਰੀਕੇ ਨਾਲ ਮਨਾਉਣ ਲਈ ਕਹਿਣ ਤੇ ਵੀ ਜਵਾਬ ਦਿੰਦੀ ਹੈ ਕਿ ਸਭ ਕੁਝ ਤਾਂ ਉਂਝ ਹੀ ਰਹਿੰਦਾ ਹੈ ਫਿਰ ਨਵਾਂ ਸਾਲ ਕਾਹਦਾ? ਇਸ ਤਰ੍ਹਾਂ ਹਰ ਕੋਈ ਆਪਣੀ ਆਪਣੀ ਮਾਨਸਿਕਤਾ ਅਨੁਸਾਰ ਹਰ ਦਿਨ ਨੂੰ ਜਿਉਂਦਾ ਹੈ। ਜੇ ਨਵਾਂ ਦਿਨ ਚੜ੍ਹ ਰਿਹਾ ਹੈ ਤਾਂ ਫਿਰ ਖੁਸ਼ੀ ਖੁਸ਼ੀ ਮਨਾਉਣ ਵਿੱਚ ਹਰਜ ਵੀ ਕੀ ਹੈ।

ਨਵੇਂ ਸਾਲ ਨੂੰ ਕੁਝ ਨਵਾਂ ਕਰਨ ਦੀ ਇੱਛਾ ਕਰਕੇ ਹੀ ਬਹੁਤੀ ਦੁਨੀਆਂ ਅਜਿਹੀ ਹੈ ਜੋ ਨਵੇਂ ਸਾਲ ਉੱਤੇ ਘੁੰਮਣ ਜਾਂਦੀ ਹੈ। ਕਈ ਲੋਕ ਕਲੱਬਾਂ ਵਿੱਚ ਜਾ ਕੇ ਮਨਾਉਂਦੇ ਹਨ। ਜੇਕਰ ਭਾਰਤ ਦੀ ਗੱਲ ਕਰੀਏ ਤਾਂ ਅਜਿਹੀਆਂ ਕਈ ਥਾਵਾਂ ਹਨ ਜਿੱਥੇ ਨਵਾਂ ਸਾਲ ਬੜੀ ਧੂਮ ਧਾਮ ਨਾਲ ਮਨਾਇਆ ਜਾਂਦਾ ਹੈ , ਜਿੱਥੇ ਨਵਾਂ ਸਾਲ ਮਨਾਉਣ ਲਈ ਲੋਕ ਕਈ ਕਈ ਮਹੀਨੇ ਪਹਿਲਾਂ ਹੀ ਬੁਕਿੰਗ ਕਰਵਾ ਦਿੰਦੇ ਹਨ ਪਰ ਜ਼ਰੂਰੀ ਨਹੀਂ ਹੁੰਦਾ ਕਿ ਹਰ ਵਾਰ ਘਰੋਂ ਬਾਹਰ ਜਾ ਕੇ ਹੀ ਕਿਸੇ ਹੋਰ ਥਾਂ ਤੇ ਜਾ ਕੇ ਨਵਾਂ ਸਾਲ ਮਨਾਇਆ ਜਾ ਸਕੇ। ਨਵਾਂ ਸਾਲ ਤਾਂ ਆਪਣੇ ਘਰ ਵਿੱਚ ਹੀ ਰਹਿ ਕੇ ਆਪਣੇ ਪਰਿਵਾਰ ਅਤੇ ਆਪਣਿਆਂ ਨਾਲ਼ ਮਿਲ਼ ਕੇ ਮਨਾਇਆ ਜਾ ਸਕਦਾ ਹੈ ਤੇ ਇਸ ਖ਼ਾਸ ਦਿਨ ਨੂੰ ਬਹੁਤ ਖ਼ਾਸ ਬਣਾਇਆ ਜਾ ਸਕਦਾ ਹੈ।

ਨਵਾਂ ਸਾਲ ਮੁਬਾਰਕ !






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic 43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



**Office Ph.(916) 427-4321**

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

# CAPITAL DRUG TESTING

## Drug and Alcohol Test

## DOT / NON DOT

**PRE EMPLOYMENT - RANDOM**
**POST ACCIDENT - REASONABLE SUSPICION**

**Services: DOT Random Prog., FMCSA Clearinghouse, DOT Supervisor Training, SAP Classes Etc.**

**Lab. Ph:(916) 680-9293**

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com




TAKE CONTROL
OF YOUR HEALTH!
PRIVATE, AFFORDABLE, & CONVENIENT
8000+ TESTS
General Health, Food Allergy Testing, Paternity Testing,
Hormone Testing, Diabetes Monitoring, STD Testing, & More!
NO INSURANCE?
NO PROBLEM!
WALK-INS WELCOME
ANYLABTEST NOW
ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384
Address: 119. Maple AVe, Suite A Manteca, CA 95336


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ
ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ

e-Baba Entertainment App ਨੂੰ Download ਕਰੋ।




ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ
ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਮਾਂ-ਬਾਪ ਇਨਸਾਨ ਜਾਂ ਭਗਵਾਨ....?

ਅੱਜ ਦੇ ਆਧੁਨਿਕ ਅਤੇ ਤੇਜ਼ ਰਫ਼ਤਾਰ ਵਾਲੇ ਸਮੇਂ ਵਿੱਚ ਪਰਿਵਾਰਕ ਰਿਸ਼ਤੇ ਬਹੁਤ ਜ਼ਿਆਦਾ ਪ੍ਰਭਾਵਿਤ ਹੋ ਰਹੇ ਹਨ। ਇੱਕ ਪਾਸੇ ਜਿੱਥੇ ਤਕਨੀਕ ਅਤੇ ਸੋਸ਼ਲ ਮੀਡੀਆ ਨੇ ਸਾਨੂੰ ਨਜ਼ਦੀਕ ਲਿਆਂਦਾ ਹੈ, ਉੱਥੇ ਹੀ ਪਰਿਵਾਰ ਅੰਦਰਲੇ ਰਿਸ਼ਤਿਆਂ ਵਿੱਚ ਵਧ ਰਹੀ ਦੂਰੀ ਅਤੇ ਤਣਾਅ ਨੇ ਸਾਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ। ਖਾਸ ਕਰਕੇ ਮਾਂ-ਬਾਪ ਅਤੇ ਬੱਚਿਆਂ ਵਿਚਕਾਰਲੇ ਰਿਸ਼ਤੇ ਨੂੰ ਲੈ ਕੇ ਅਕਸਰ ਚਰਚਾ ਹੁੰਦੀ ਹੈ ਕਿ ਮਾਂ-ਬਾਪ ਨੂੰ ਭਗਵਾਨ ਦਾ ਦਰਜਾ ਦਿੱਤਾ ਜਾਣਾ ਚਾਹੀਦਾ ਹੈ? ਜਾਂ ਉਹ ਵੀ ਆਖਿਰਕਾਰ ਇਨਸਾਨ ਹੀ ਹਨ, ਜੋ ਗਲਤੀਆਂ ਕਰ ਸਕਦੇ ਹਨ। ਇਹ ਵਿਸ਼ਾ ਮੇਰੇ ਮਨ ਵਿੱਚ ਤਾਜ਼ਾ ਹੀ ਇੱਕ ਵਾਇਰਲ ਵੀਡੀਓ ਕਲਿੱਪ ਨਾਲ ਜੁੜਿਆ ਹੈ, ਜਿਸ ਨੇ ਨਾ ਸਿਰਫ਼ ਮੇਰੇ ਦਿਲ ਨੂੰ ਝੰਜੋੜਿਆ ਹੈ ਬਲਕਿ ਸਮਾਜ ਵਿੱਚ ਵਧ ਰਹੇ ਪਰਿਵਾਰਕ ਵਿਵਾਦਾਂ ਨੂੰ ਵੀ ਉਜਾਗਰ ਕੀਤਾ ਹੈ। ਉਸ ਵੀਡੀਓ ਵਿੱਚ ਇੱਕ ਬਜ਼ੁਰਗ ਜੋੜਾ, ਖਾਸ ਕਰਕੇ ਬਜ਼ੁਰਗ ਮਹਿਲਾ, ਸੜਕਾਂ ਉੱਤੇ ਨਾਟਕੀ ਅੰਦਾਜ਼ ਵਿੱਚ ਡਰਾਮਾ ਕਰ ਰਹੀ ਸੀ। ਉਹ ਆਪਣੀ ਵਿਧਵਾ ਨੂੰਹ ਉੱਤੇ ਇਲਜ਼ਾਮ ਲਗਾ ਰਹੇ ਸਨ ਕਿ ਉਸ ਨੇ ਉਨ੍ਹਾਂ ਨੂੰ ਘਰੋਂ ਕੱਢ ਕੇ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਕਰ ਦਿੱਤਾ ਹੈ। ਪਰ ਅਸਲੀ ਸੱਚਾਈ ਇਹ ਸੀ ਕਿ ਇਹ ਧਨਾਢ ਜੋੜਾ ਪੈਸੇ ਅਤੇ ਹੰਕਾਰ ਦੇ ਨਸ਼ੇ ਵਿੱਚ ਚੂਰ ਹੋ ਕੇ ਆਪਣੀ ਨੂੰਹ ਅਤੇ ਪੋਤੀਆਂ ਨੂੰ ਘਰੋਂ ਕੱਢਣਾ ਚਾਹੁੰਦਾ ਸੀ। ਪਿੰਡ ਵਾਸੀਆਂ ਨੇ ਨੂੰਹ ਦੇ ਹੱਕ ਵਿੱਚ ਖੜ੍ਹ ਕੇ ਉਨ੍ਹਾਂ ਨੂੰ ਰੋਕ ਲਿਆ, ਤਾਂ ਉਨ੍ਹਾਂ ਨੇ ਸੜਕਾਂ ਉੱਤੇ ਨਿਕਲ ਕੇ ਨੂੰਹ ਦੀ ਬਦਨਾਮੀ ਕਰਨ ਦਾ ਰਾਹ ਚੁਣ ਲਿਆ। ਇਹ ਦੇਖ ਕੇ ਮੇਰੇ ਮਨ ਵਿੱਚ ਉਨ੍ਹਾਂ ਪ੍ਰਤੀ ਗਹਿਰੀ ਨਿਰਾਸ਼ਾ ਅਤੇ ਲਾਹਨਤਾਂ ਨਿਕਲੀਆਂ। ਬਜ਼ੁਰਗ ਉਮਰ ਵਿੱਚ ਵੀ ਇਹ ਵਿਹਾਰ ਕਰਨ ਵਾਲੇ ਮਾਂ-ਬਾਪ ਨੂੰ ਸ਼ਾਇਦ ਇਹ ਅਹਿਸਾਸ ਨਹੀਂ ਹੋਇਆ ਕਿ ਉਨ੍ਹਾਂ ਦਾ ਪੁੱਤਰ ਪਹਿਲਾਂ ਹੀ ਪਰਲੋਕ ਸਿਧਾਰ ਚੁੱਕਾ ਹੈ ਅਤੇ ਬਾਕੀ ਰਹਿੰਦੀ ਜ਼ਿੰਦਗੀ ਨੂੰ ਰਲ-ਮਿਲ ਕੇ ਬਤੀਤ ਕੀਤੀ ਜਾ ਸਕਦੀ ਸੀ। ਪਰ ਅਫ਼ਸੋਸ ਕਿ ਅੱਜ ਦੇ ਸਮੇਂ ਵਿੱਚ ਮਾਂ-ਬਾਪ ਦੇ ਦਿਲਾਂ ਵਿੱਚ ਹੰਕਾਰ ਅਤੇ ਪੱਖਪਾਤ ਵਰਗੇ ਅਵਗੁਣ ਘਰ ਕਰ ਜਾਂਦੇ ਹਨ, ਜਿਸ ਕਾਰਨ ਉਹ ਆਪਣੇ ਬੱਚਿਆਂ ਦੀ ਵਿਆਹੀ ਜ਼ਿੰਦਗੀ ਵਿੱਚ ਜ਼ਰੂਰਤ ਤੋਂ ਵੱਧ ਦਖਲਅੰਦਾਜ਼ੀ ਕਰਨ ਲੱਗ ਪੈਂਦੇ ਹਨ।

ਅੱਜ ਕੱਲ੍ਹ ਦੇ ਸਮੇਂ ਵਿੱਚ ਮਾਂ-ਬਾਪ ਵੱਲੋਂ ਆਪਣੇ ਬੱਚਿਆਂ ਨਾਲ ਪੱਖਪਾਤੀ ਰਵਈਆ ਅਪਣਾਉਣਾ ਇੱਕ ਆਮ ਵਰਤਾਰਾ ਬਣ ਚੁੱਕਾ ਹੈ। ਖਾਸ ਕਰਕੇ ਜਦੋਂ ਬੱਚਿਆਂ ਦੇ ਵਿਆਹ ਹੋ ਜਾਂਦੇ ਹਨ, ਤਾਂ ਮਾਂ-ਬਾਪ ਆਪਣੇ ਪੁੱਤਰਾਂ ਜਾਂ ਧੀਆਂ ਵਿੱਚ ਫਰਕ ਕਰਨ ਲੱਗ ਪੈਂਦੇ ਹਨ। ਇਹ ਫਰਕ ਅਕਸਰ ਨੂੰਹ ਜਾਂ ਜਮਾਈ ਦੇ ਵਿਹਾਰ ਉੱਤੇ ਅਧਾਰਿਤ ਹੁੰਦਾ ਹੈ। ਜੇਕਰ ਕਿਸੇ ਪੁੱਤਰ ਦੀ ਪਤਨੀ ਮਾਂ-ਬਾਪ ਨੂੰ ਖੁਸ਼ ਰੱਖਣ ਵਾਲੀ ਅਤੇ ਉਨ੍ਹਾਂ ਨਾਲ ਹਾਂ ਵਿੱਚ ਹਾਂ ਮਿਲਾਉਣ ਵਾਲੀ ਹੁੰਦੀ ਹੈ, ਤਾਂ ਉਸ ਪੁੱਤਰ ਅਤੇ ਉਸ ਦੇ ਬੱਚਿਆਂ ਨੂੰ ਵੱਧ ਪਿਆਰ ਅਤੇ ਸਹਾਇਤਾ ਮਿਲਦੀ ਹੈ। ਪਰ ਜੇਕਰ ਕੋਈ ਨੂੰਹ ਆਪਣੇ ਹੱਕਾਂ ਲਈ ਆਵਾਜ਼ ਉਠਾਉਂਦੀ ਹੈ ਜਾਂ ਆਪਣੇ ਪਤੀ ਨਾਲ ਆਜ਼ਾਦ ਜ਼ਿੰਦਗੀ ਜੀਣਾ ਚਾਹੁੰਦੀ ਹੈ, ਤਾਂ ਉਸ ਨੂੰ ਅਤੇ ਉਸ ਦੇ ਪਰਿਵਾਰ ਨੂੰ ਪੱਖਪਾਤ ਦਾ ਸ਼ਿਕਾਰ ਬਣਾਇਆ ਜਾਂਦਾ ਹੈ। ਇਹ ਪੱਖਪਾਤ ਇੰਨਾ ਵਧ ਜਾਂਦਾ ਹੈ ਕਿ ਬੱਚੇ ਆਪਸ ਵਿੱਚ ਹੀ ਸ਼ਰੀਕ ਬਣ ਜਾਂਦੇ ਹਨ। ਮਾਂ-ਬਾਪ ਦੇ ਜਿਉਂਦੇ ਜੀ ਹੀ ਭਰਾ-ਭਰਾ ਵਿਚਕਾਰ ਵੈਰ ਵਧ ਜਾਂਦਾ ਹੈ ਅਤੇ ਪਰਿਵਾਰ ਵਿੱਚ ਵੰਡੀਆਂ ਪੈ ਜਾਂਦੀਆਂ ਹਨ। ਅਜਿਹੇ ਵਿੱਚ ਬੱਚੇ ਜਦੋਂ ਆਪਣੇ ਨਾਲ ਹੁੰਦੇ ਪੱਖਪਾਤ ਨੂੰ ਵੇਖਦੇ ਹਨ ਤਾਂ ਉਨ੍ਹਾਂ ਦੇ ਮਨ ਵਿੱਚ ਨਿਰਾਸ਼ਾ ਭਰ ਜਾਂਦੀ ਹੈ ਅਤੇ ਇਸ ਵਤੀਰੇ ਸੰਬੰਧੀ ਸ਼ਿਕਾਇਤ ਕਰਨ ਸਮੇਂ ਅਕਸਰ ਮਾਂ-ਬਾਪ ਇਸ ਨੂੰ ਨਕਾਰਦੇ ਹਨ ਅਤੇ ਕਹਿੰਦੇ ਹਨ ਕਿ ਇਹ ਤੁਹਾਡੇ ਮਨ ਦਾ ਵਹਿਮ ਹੈ, ਅਸੀਂ ਤਾਂ ਸਾਰੇ ਬੱਚਿਆਂ ਨੂੰ ਬਰਾਬਰ ਪਿਆਰ ਕਰਦੇ ਹਾਂ। ਪਰ ਉਨ੍ਹਾਂ ਦੀ ਅੰਤਰ ਆਤਮਾ ਨੂੰ ਪਤਾ ਹੁੰਦਾ ਹੈ ਕਿ ਉਹ ਪੱਖਪਾਤ ਕਰ ਰਹੇ ਹਨ। ਇਹ ਵਿਹਾਰ ਨਾ ਸਿਰਫ਼ ਬੱਚਿਆਂ ਨੂੰ ਮਾਨਸਿਕ ਤੌਰ ਤੇ ਤੋੜਦਾ ਹੈ ਬਲਕਿ ਪਰਿਵਾਰ ਨੂੰ ਵੀ ਵੰਡਦਾ ਹੈ।

ਇਸ ਪੱਖਪਾਤ ਦੇ ਨਤੀਜੇ ਵਜੋਂ ਮਾਂ-ਬਾਪ ਘਰ ਵਿੱਚ ਅਜਿਹਾ ਮਾਹੌਲ ਬਣਾ ਦਿੰਦੇ ਹਨ ਕਿ ਜਿਸ ਬੱਚੇ ਨਾਲ ਵਿਤਕਰਾ ਕੀਤਾ ਜਾਂਦਾ ਹੈ, ਉਹ ਥੱਕ ਹਾਰ ਕੇ ਘਰ ਛੱਡ ਕੇ ਚਲਾ ਜਾਂਦਾ ਹੈ। ਇਸ ਨਾਲ ਬੱਚੇ ਭਾਂਵੇ ਆਪਸ ਵਿੱਚ ਵੈਰੀ ਬਣ ਜਾਂਦੇ ਹਨ ਪਰ ਮਾਂ-ਬਾਪ ਦੇ ਆਪਣੇ ਹੰਕਾਰ ਨੂੰ ਸੰਤੁਸ਼ਟੀ ਮਿਲ ਜਾਂਦੀ ਹੈ। ਪਰ ਸੋਚਣ ਵਾਲੀ ਗੱਲ ਇਹ ਹੈ ਕਿ ਉਹ ਬੱਚਾ ਵੀ ਤੁਹਾਡੀ ਹੀ ਔਲਾਦ ਹੈ। ਉਸ ਦਾ ਅਤੇ ਉਸ ਦੇ ਬੱਚਿਆਂ ਦਾ ਕੀ ਕਸੂਰ? ਅੱਜ ਕੱਲ੍ਹ ਅਕਸਰ ਵੇਖਿਆ ਜਾਂਦਾ ਹੈ ਕਿ ਵਿਆਹ ਉਪਰੰਤ ਸੱਸ ਅਤੇ ਨੂੰਹ ਵਿਚਕਾਰ ਤਣਾਅ ਵਧ ਜਾਂਦਾ ਹੈ। ਇਸ ਵਿੱਚ ਹਮੇਸ਼ਾ ਨੂੰਹ ਨੂੰ ਦੋਸ਼ੀ ਠਹਿਰਾਉਣਾ ਗਲਤ ਹੈ। ਅਕਸਰ ਸੱਸ ਆਪਣੀ ਜ਼ਿੰਦਗੀ ਦੇ ਦੁੱਖਾਂ ਨੂੰ ਯਾਦ ਕਰਕੇ ਕਹਿੰਦੀ ਹੈ ਕਿ ਉਸ ਨੂੰ ਵੀ ਆਪਣੇ ਸਹੁਰੇ ਪਰਿਵਾਰ ਵਿੱਚ ਦੁੱਖ ਮਿਲੇ ਸਨ। ਪਰ ਇਸ ਸੋਚ ਨੂੰ ਬਦਲ ਕੇ ਉਸ ਨੂੰ ਚਾਹੀਦਾ ਹੈ ਕਿ ਆਉਣ

ਵਾਲੀ ਨੂੰਹ ਨੂੰ ਉਹ ਦੁੱਖ ਨਾ ਦੇਵੇ। ਪਰ ਅਫ਼ਸੋਸ ਕਿ ਅੱਜ ਦੇ ਸਮੇਂ ਵਿੱਚ ਇਹ ਸੋਚ ਉਲਟੀ ਹੋ ਜਾਂਦੀ ਹੈ ਅਤੇ ਸੱਸ ਆਪਣੇ ਪਾਏ ਦੁੱਖਾਂ ਤੋਂ ਵੱਧ ਦੁੱਖ ਨੂੰਹ ਨੂੰ ਦੇਣਾ ਚਾਹੁੰਦੀ ਹੈ। ਇਹ ਵਿਕਰਾਲ ਰੂਪ ਧਾਰਨ ਕਰ ਚੁੱਕੀ ਸੋਚ ਪਰਿਵਾਰਾਂ ਨੂੰ ਤਬਾਹ ਕਰ ਰਹੀ ਹੈ। ਜੇਕਰ ਮਾਂ-ਬਾਪ ਆਪਣੇ ਪੁੱਤਰ ਦੀ ਪਤਨੀ ਨੂੰ ਮਾਣ-ਸਨਮਾਨ ਨਾਲ ਨਹੀਂ ਰੱਖ ਸਕਦੇ ਤਾਂ ਉਨ੍ਹਾਂ ਨੂੰ ਆਪਣੇ ਪੁੱਤਰ ਦਾ ਵਿਆਹ ਕਰਨ ਦੀ ਜ਼ਰੂਰਤ ਨਹੀਂ, ਕਿਉਂਕਿ ਵਿਆਹ ਉਪਰੰਤ ਨੂੰਹ ਨੂੰ ਵੀ ਪਰਿਵਾਰਕ ਅਤੇ ਸਮਾਜਿਕ ਜਿੰਮੇਵਾਰੀਆਂ ਨਿਭਾਉਣੀਆਂ ਪੈਂਦੀਆਂ ਹਨ ਅਤੇ ਇਸ ਵਿੱਚ ਮਾਂ-ਬਾਪ ਦੀ ਬੇਲੋੜੀ ਦਖਲਅੰਦਾਜ਼ੀ ਪੁੱਤਰ ਦੀ ਜ਼ਿੰਦਗੀ ਨੂੰ ਖਰਾਬ ਕਰਦੀ ਹੈ।

ਇਸ ਲੇਖ ਰਾਹੀਂ ਕਿਸੇ ਨੂੰ ਵੀ ਇਹ ਸਰਟੀਫਿਕੇਟ ਨਹੀਂ ਦਿੱਤਾ ਜਾ ਰਿਹਾ ਕਿ ਅੱਜ ਦੇ ਸਮੇਂ ਵਿੱਚ ਮਾਂ-ਬਾਪ ਹਮੇਸ਼ਾ ਗਲਤ ਹਨ ਜਾਂ ਬੱਚੇ ਹਮੇਸ਼ਾ ਸਹੀ ਹਨ। ਕਈ ਵਾਰ ਬੱਚੇ ਵੀ ਗਲਤ ਹੋਣ ਕਰਕੇ ਮਾਂ-ਬਾਪ ਨਾਲ ਬੁਢਾਪੇ ਵਿੱਚ ਗਲਤ ਸਲੂਕ ਕਰਦੇ ਹਨ ਅਤੇ ਅਜਿਹੇ ਬੱਚੇ ਸਮਾਜ ਲਈ ਘਟੀਆ ਤੱਤ ਹਨ। ਗੱਲ ਸਿਰਫ਼ ਜਨਰੇਸ਼ਨ ਗੈਪ ਦੀ ਹੈ, ਜਿਸ ਨੂੰ ਪੂਰਾ ਕਰਨ ਲਈ ਸਾਨੂੰ ਸਭ ਨੂੰ ਆਪਸੀ ਸਮਝ ਅਤੇ ਨਿਮਰਤਾ ਦੀ ਜ਼ਰੂਰਤ ਹੈ। ਰਲ-ਮਿਲ ਕੇ ਇਸ ਗੈਪ ਨੂੰ ਘਟਾ ਕੇ ਅਸੀਂ ਇੱਕ ਚੰਗੀ ਜ਼ਿੰਦਗੀ ਬਣਾ ਸਕਦੇ ਹਾਂ। ਪਰ ਇਸ ਲਈ ਹੰਕਾਰ ਅਤੇ ਹਉਮੈ ਨੂੰ ਛੱਡਣਾ ਪਵੇਗਾ। ਸਾਡੇ ਸਮਾਜ ਵਿੱਚ ਮਾਂ-ਬਾਪ ਨੂੰ ਭਗਵਾਨ ਦਾ ਦਰਜਾ ਦਿੱਤਾ ਜਾਂਦਾ ਹੈ, ਪਰ ਇਹ ਗਲਤ ਹੈ ਕਿਉਂਕਿ ਉਹ ਵੀ ਇਨਸਾਨ ਹਨ ਅਤੇ ਗਲਤੀਆਂ ਕਰ ਸਕਦੇ ਹਨ। ਅਸਲੀ ਇਨਸਾਨ ਉਹ ਹੈ ਜੋ ਗਲਤੀਆਂ ਤੋਂ ਸਿੱਖੇ ਅਤੇ ਆਪਣੇ ਆਪ ਵਿੱਚ ਸੁਧਾਰ ਕਰੇ। ਮਾਂ-ਬਾਪ ਨੂੰ ਬਣਦਾ ਸਤਿਕਾਰ ਮਿਲਣਾ ਚਾਹੀਦਾ ਹੈ, ਪਰ ਉਨ੍ਹਾਂ ਨੂੰ ਵੀ ਬੱਚਿਆਂ ਵਿੱਚ ਫਰਕ ਨਹੀਂ ਕਰਨਾ ਚਾਹੀਦਾ ਅਤੇ ਹਰੇਕ ਨੂੰ ਬਰਾਬਰ ਹੱਕ ਦੇਣਾ ਚਾਹੀਦਾ ਹੈ। ਬੱਚਿਆਂ ਦਾ ਵੀ ਫਰਜ਼ ਹੈ ਕਿ ਉਹ ਮਾਂ-ਬਾਪ ਨੂੰ ਸਤਿਕਾਰ ਦੇਣ ਅਤੇ ਜੇਕਰ ਪੱਖਪਾਤ ਹੋ ਰਿਹਾ ਹੋਵੇ ਤਾਂ ਉਸ ਨੂੰ ਅੱਖਾਂ ਬੰਦ ਕਰਕੇ ਨਜ਼ਰਅੰਦਾਜ ਨਹੀਂ ਕਰਨਾ ਚਾਹੀਦਾ ਕਿਉਂਕਿ ਇੱਕ ਤਰਫ਼ਾ ਰਿਸ਼ਤਾ ਲੰਮਾ ਨਹੀਂ ਚੱਲਦਾ। ਅੱਜ ਦੇ ਸਮੇਂ ਵਿੱਚ ਕਿਸੇ ਵੀ ਰਿਸ਼ਤੇ ਨੂੰ ਭਗਵਾਨ ਦਾ ਦਰਜਾ ਦੇਣਾ ਗਲਤ ਹੈ। ਇਨਸਾਨ ਨੂੰ ਇਨਸਾਨ ਵਜੋਂ ਹੀ ਰਹਿਣ ਦਿੱਤਾ ਜਾਵੇ ਤਾਂ ਜੋ ਉਹ ਆਪਣੀ ਜ਼ਿੰਦਗੀ ਨੂੰ ਤਰੀਕੇ ਨਾਲ ਜੀਅ ਕੇ ਸਮਾਜਿਕ ਰਿਸ਼ਤਾ ਨੂੰ ਬਰਾਬਰਤਾ, ਸਤਿਕਾਰ ਦੇ ਸਕੇ ਅਤੇ ਸਮਾਜ ਨੂੰ ਬਿਹਤਰ ਬਣਾ ਸਕੇ।

ਇਸ ਵਿਸ਼ੇ ਉੱਤੇ ਗਹਿਰੀ ਚਰਚਾ ਕਰਨ ਨਾਲ ਪਤਾ ਲੱਗਦਾ ਹੈ ਕਿ ਪਰਿਵਾਰਕ ਰਿਸ਼ਤੇ ਨੂੰ ਮਜ਼ਬੂਤ ਬਣਾਉਣ ਲਈ ਸਾਨੂੰ ਆਪਸੀ ਸਮਝ ਅਤੇ ਸਤਿਕਾਰ ਦੀ ਜ਼ਰੂਰਤ ਹੈ। ਵਾਇਰਲ ਵੀਡੀਓ ਵਰਗੇ ਵਾਕਿਆਂ ਨੇ ਸਾਨੂੰ ਇਹ ਸਿੱਖਿਆ ਦਿੱਤੀ ਹੈ ਕਿ ਹੰਕਾਰ ਅਤੇ ਪੱਖਪਾਤ ਨਾਲ ਪਰਿਵਾਰ ਤਬਾਹ ਹੋ ਜਾਂਦੇ ਹਨ। ਜੇਕਰ ਮਾਂ-ਬਾਪ ਆਪਣੇ ਬੱਚਿਆਂ ਨੂੰ ਆਜ਼ਾਦੀ ਅਤੇ ਬਰਾਬਰੀ ਨਾਲ ਵੇਖਣਗੇ ਤਾਂ ਪਰਿਵਾਰ ਵਿੱਚ ਖੁਸ਼ਹਾਲੀ ਆਵੇਗੀ। ਆਖਿਰ ਵਿੱਚ ਇਹੀ ਕਹਾਂਗੇ ਕਿ ਮਾਂ-ਬਾਪ ਇਨਸਾਨ ਹਨ, ਨਾ ਕਿ ਭਗਵਾਨ, ਅਤੇ ਉਨ੍ਹਾਂ ਨੂੰ ਵੀ ਗਲਤੀਆਂ ਤੋਂ ਸਿੱਖ ਕੇ ਸੁਧਰਨਾ ਚਾਹੀਦਾ ਹੈ ਤਾਂ ਜੋ ਸਮਾਜ ਵਿੱਚ ਚੰਗੇ ਰਿਸ਼ਤੇ ਬਣ ਸਕਣ ਅਤੇ ਇੱਕ ਸੁਚੱਜੇ ਪਰਿਵਾਰਿਕ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

SANJHI SOCH
ਸੰਦੀਪ ਕੁਮਾਰ
ਐਮਸੀਏ, ਐਮ.ਏ ਮਨੋਵਿਗਿਆਨ
7009807121
liberalthinker1621@gmail.com






ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ

# Indian & Fijian Grocery Store



**HOURS**
**10a.m - 8p.m**

**(209) 486-8233**



ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ




ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |


**Ria**
Money Transfer

**INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ**

**Address : 2015 Yosemite Blvd. Modesto CA**

Website : www.indianfijianstore.wixsite.com/my-site-1 @indianfijiangrocery

ਸਾਡੇ ਦੂਜੇ ਸਟੋਰ ਦਾ ਪਤਾ › **NAV INDIAN MERCHANDISE GROCERY STORE** 3230 MITCHELL ROAD, STE, C, CERES, CA 95307


Pal Films
Production
All Your Photo/Videography &
Post Production needs Under One Roof
RED PRO 5.0
RED
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com


"ਕੀ ਤੁਸੀਂ ਆਪਣੇ ਘਰ, ਗੱਡੀ, ਪਰਿਵਾਰ ਜਾਂ ਕਾਰੋਬਾਰ ਦੀ
ਸੁਰੱਖਿਆ ਲਈ ਇੰਸ਼ੋਰੈਂਸ ਲੱਭ ਰਹੇ ਹੋ ?
FARMERS
INSURANCE
ਨਵਨੀਤ ਕੌਰ
INSURANCE AGENCY
------------- "ਤੁਹਾਡਾ ਸੁਆਗਤ ਹੈ" -------------
"ਅਸੀਂ ਤੁਹਾਡੀ ਹਰ ਲੋੜ ਲਈ ਇੰਸ਼ੋਰੈਂਸ ਪੌਲਿਸੀਆਂ ਵੇਚਦੇ ਗਾਂ, ਜਿਵੇਂ :
ਆਟੋ
INSURANCE
ਹੋਮ
ਲਾਈਫ
ਵਪਾਰਕ ਇੰਸ਼ੋਰੈਂਸ
"ਸਾਡੇ ਕੋਲ ਖੇਤਾਂ, ਪਹਾੜਾਂ ਅਤੇ ਕਸਟਮ ਬਿਲਡ ਘਰਾਂ ਦੀ ਵੀ ਇੰਸ਼ੋਰੈਂਸ ਉਪਲਬਧ ਹੈ
ਇਸ ਤੋਂ ਇਲਾਵਾ, ਅਸੀਂ ਨੌਨ-ਸਟੈਂਡਰਡ ਆਟੋ ਪੌਲਿਸੀਜ਼ ਵੀ ਕਰਦੇ ਗਾਂ!"
Get a free Quote
"ਸਾਡੇ ਨਾਲ ਸੰਪਰਕ ਕਰੋ :
ਫ਼ੋਨ ਨੰਬਰ: (209) 672-4539
ਪਤਾ :- 17416 Murphy Pkwy, Lathrop, CA 95330
KANWALJIT SINGH
(Insurance Agent)
ਨਵਨੀਤ ਕੌਰ ਫਾਰਮਰ ਇੰਸ਼ੋਰੈਂਸ – ਜਿੱਥੇ ਤੁਹਾਡੀ ਸੁਰੱਖਿਆ ਸਾਡੀ ਪਹਿਲੀ ਤਰਜੀਹ ਹੈ!"


Imperial Spice
Resturant Bar & Banquet Hall
Vibrant flavors of
North and South Indian cuisine.
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੇ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN 7 DAYS A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ।
Sonu (209) 595-8596 Goutam (209) 494-9404
430 W Grant Line Rd Tracy, CA 95376

# ਨਵਾਂ ਸਾਲ ਮੁਬਾਰਕ

ਨਵੇਂ ਸਾਲ ਨੇ ਦਿੱਤੀ ਹੈ ਦਸਤਕ ਹੋਇਆ ਨਵਾਂ ਸਵੇਰਾ
ਸ਼ੁਭ ਇਛਾਵਾਂ ਦਾ ਚੜ੍ਹਿਆ ਸੂਰਜ
ਮਿਟਿਆ ਸਭ ਹਨੇਰਾ,
ਸਭ ਕੁਝ ਇੱਥੇ ਸਭ ਦਾ ਸਾਂਝਾ
ਨਾ ਤੇਰਾ ਨਾ ਮੇਰਾ
ਇਹ ਗੱਲ ਪਈ ਸਮਝਾਵੇ ਕੁਦਰਤ
ਜੋ ਚਲਾਵੇ ਜਗ ਨੂੰ
ਨਵੇਂ ਸਾਲ ਦਾ ਆਗਾਜ਼ ਹੈ ਹੋਇਆ
ਮੁਬਾਰਕ ਹੋਵੇ ਸਭ ਨੂੰ।
ਦਿਨ ਮਹੀਨੇ ਸਾਲ ਨੇ ਬਦਲੇ
ਦਿਲ ਹੈ ਉਹੀ
ਬਸ ਖਿਆਲਾਤ ਨੇ ਬਦਲੇ
ਸਮੇਂ ਦੇ ਨਾਲ ਬਦਲਾਅ ਹੈ ਆਉਣਾ
ਅਟਲ ਨਿਯਮ ਕੁਦਰਤ ਦਾ
ਭਾਈਚਾਰੇ ਨੂੰ ਮਜਬੂਤ ਬਣਾਈਏ
ਕੱਢ ਕੇ ਪਲ ਫੁਰਸਤ ਦਾ,
ਖੜੋਤ ਨਾ ਆਵੇ ਧਰਮਿੰਦਰਾ
ਜ਼ਿੰਦਗੀ ਵਿੱਚ ਸਾਡੇ
ਅਰਦਾਸ ਹੈ ਸੱਚੇ ਰੱਬ ਨੂੰ
ਨਵੇਂ ਸਾਲ ਦਾ ਆਗਾਜ਼ ਹੋਇਆ
ਮੁਬਾਰਕ ਹੋਵੇ ਸਭ ਨੂੰ।

**ਧਰਮਿੰਦਰ ਸਿੰਘ**
**ਮੰਨਵੀ, ਮਲੇਰਕੋਟਲਾ**
**ਫੋਨ:9592802122**

# ਦਸ਼ਮੇਸ਼ ਪਿਤਾ ਦਾ ਆਗਮਨ

ਸਤਾਰਾਂ ਸੌ ਤੇਈ ਬਿਕਰਮੀ, ਚੜ੍ਹਿਆ ਮਹੀਨਾ ਪੋਖ।
ਆਪ ਨਰਾਇਣ ਕਲਾਧਾਰ, ਪ੍ਰਗਟਿਆ ਮਾਤ ਲੋਕ।
ਬਲ-ਬਲ ਲੋਕੀਂ ਜਾਂਵਦੇ, ਰੂਹਾਂ ਵਿੱਚ ਵਿਗਾਸ।
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।
ਦਿਉਤੇ ਫੁੱਲ ਵਰਸਾਂਵਦੇ, ਕਰਦੇ ਜੈ-ਜੈ ਕਾਰ।
ਦੁਨੀਆ ਤਾਰਨ ਵਾਸਤੇ, ਖ਼ੁਦ ਆਇਆ ਕਰਤਾਰ।
ਖੁਸ਼ੀਆਂ ਦੇ ਵਿੱਚ ਪਿਰਥਵੀਂ, ਚੜ੍ਹਿਆ ਰੰਗ ਆਕਾਸ਼,
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।
ਤੇਗ ਬਹਾਦਰ ਪਿਤਾ ਜੀ, ਘਰ ਪ੍ਰੀਤਮ ਆਏ।
ਗੁਜਰੀ ਮਾਂ ਦੀ ਕੁੱਖ ਨੂੰ, ਨੇ ਭਾਗ ਲਗਾਏ।
ਬਰਮ੍ਹਾ-ਬਿਸਨ-ਮਹੇਸ ਵੀ, ਆਏ ਬਣ ਕੇ ਦਾਸ।
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।
ਕੁਮੇਰ ਭੰਡਾਰੀ ਆਣ ਕੇ, ਲੰਗਰ ਵਰਤਾਉਂਦਾ।
ਕਲਪ ਬਿਰਛ ਵੀ ਆਣ ਕੇ, ਦਰ ਖੜਾ ਸਹਾਉਂਦਾ।
ਖੜੀ ਆਣ ਕੇ ਕਾਮਧੇਨ, ਕਰਦੀ ਅਰਦਾਸ।
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।
ਭਾਂਤ-ਭਾਂਤ ਦੇ ਵੱਜਦੇ, ਅਨਹਦ ਧੁਨ ਵਾਜੇ।
ਖੁੱਲੇ ਸਭਨਾਂ ਦੇ ਲਈ, ਚਾਰੇ ਦਰਵਾਜੇ।
ਆਬੇ-ਹੈਯਾਤ ਛਿੜਕਦਾ, ਆਪ ਖੁਆਜਾ ਖ਼ਾਸ।
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।
ਦਰ 'ਤੇ ਆਏ ਮੰਗਤੇ, ਨਹੀਂ ਮੋੜੇ ਖਾਲੀ।
ਝੋਲੀਆਂ ਭਰਕੇ ਤੋਰ 'ਤੇ, ਕਰੀ ਦੂਰ ਕੰਗਾਲੀ।
ਜਾਚਿਕ ਸ਼ੋਭਾ ਗਾਂਵਦੇ, ਨੇ ਸਾਸ-ਗਿਰਾਸ।
ਦਸ਼ਮੇਸ਼ ਪਿਤਾ ਗੁਰਦੇਵ ਦਾ ਹੋਇਆ ਜਦ ਪ੍ਰਕਾਸ਼।
ਕੋਇਲਾਂ ਹਰ ਜਸ ਗਾਉਂਦੀਆਂ, ਬੋਲੇ ਮੋਰ ਮਮੋਲੇ।
ਪੌਣਾ ਵਿੱਚ ਸੁਗੰਧੀਆਂ, ਪਏ ਅਤਰ ਨੇ ਡੋਲੇ।
ਫੁੱਲਾਂ ਵਾਂਗੂੰ ਖਿੜ ਗਏ, ਜੋ ਚਿੱਤ ਉਦਾਸ।
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।
ਪਾਪ, ਜਬਰ ਤੇ ਕੂੜ ਦੀ, ਢਾਹ ਦਿੱਤੀ ਢੇਰੀ।
ਸੱਚ, ਧਰਮ ਤੇ ਦਇਆ ਨੇ, ਪਾਈ ਹੈ ਫੇਰੀ।
ਹਰਪਾਲ ਸਿੰਘਾ ਹੋਵਣਾ, ਜ਼ਾਲਮ ਦਾ ਨਾਸ਼।
ਦਸ਼ਮੇਸ਼ ਪਿਤਾ ਗੁਰਦੇਵ ਦਾ, ਹੋਇਆ ਜਦ ਪ੍ਰਕਾਸ਼।


(ਭਾਈ ਹਰਪਾਲ ਸਿੰਘ ਲੱਖਾ)




JK TYRE INC
JKTYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

# ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ-ਸਰਲ ਵਿਆਖਿਆ

**ਅੰਗ 99**

ਮਾਝ ਮਹਲਾ ੫ ॥

ਦੁਖੁ ਤਦੇ ਜਾ ਵਿਸਰਿ ਜਾਵੈ ॥ ਭੁਖ ਵਿਆਪੈ ਬਹੁ ਬਿਧਿ ਧਾਵੈ ॥ ਸਿਮਰਤ ਨਾਮੁ ਸਦਾ ਸੁਹੇਲਾ ਜਿਸੁ ਦੇਵੈ ਦੀਨ ਦਇਆਲਾ ਜੀਉ ॥੧॥ ਸਤਿਗੁਰੁ ਮੇਰਾ ਵਡ ਸਮਰਥਾ ॥ ਜੀਇ ਸਮਾਲੀ ਤਾ ਸਭੁ ਦੁਖੁ ਲਥਾ ॥ ਚਿੰਤਾ ਰੋਗੁ ਗਈ ਹਉ ਪੀੜਾ ਆਪਿ ਕਰੇ ਪ੍ਰਤਿਪਾਲਾ ਜੀਉ ॥੨॥ ਬਾਰਿਕ ਵਾਂਗੀ ਹਉ ਸਭ ਕਿਛੁ ਮੰਗਾ ॥ ਦੇਦੇ ਤੋਟਿ ਨਾਹੀ ਪ੍ਰਭ ਰੰਗਾ ॥ ਪੈਰੀ ਪੈ ਪੈ ਬਹੁਤੁ ਮਨਾਈ ਦੀਨ ਦਇਆਲ ਗੋਪਾਲਾ ਜੀਉ ॥੩॥ ਹਉ ਬਲਿਹਾਰੀ ਸਤਿਗੁਰ ਪੂਰੇ ॥ ਜਿਨਿ ਬੰਧਨ ਕਾਟੇ ਸਗਲੇ ਮੇਰੇ ॥ ਹਿਰਦੈ ਨਾਮੁ ਦੇ ਨਿਰਮਲ ਕੀਏ ਨਾਨਕ ਰੰਗਿ ਰਸਾਲਾ ਜੀਉ ॥੪॥੮॥੧੫॥ {ਪੰਨਾ 99}

ਭਾਵ ਅਰਥ:-

ਬੰਦਾ ਸਤਿਗੁਰੂ ਦਾਤੇ ਦੇ ਦਰਸ਼ਨ ਦੀਦਾਰੇ ਲਈ ਜੰਗਲ ਜੰਗਲ,ਥਾਂ ਕੁਥਾਂ ਭਟਕਦਾ ਹੈ । ਉਹ ਅਕਾਲ ਪੁਰਖ ਤਾਂ ਸਰਬ ਵਿਆਪਕ ਹੈ, ਕੋਈ ਜਾਨਕਾਰ ਹੀ (ਗੁਰੂ ਹੀ) ਉਸ ਬਾਰੇ ਚਾਨਣਾ ਪਾ ਸਕਦਾ ਹੈ॥੧॥

ਮੇਰਾ ਪ੍ਰਭੂ ਅਥਾਹ ਤਾਕਤਾਂ ਦਾ ਮਾਲਕ ਹੈ,ਹਰ ਜੀਵ ਦੀ ਉਹ ਆਪ ਦੇਖ ਭਾਲ ਤੇ ਰੱਖਿਆ ਕਰਦਾ ਹੈ,ਜਿਸ ਨਾਲ ਪ੍ਰਾਣੀ ਦੁਖ ਦਰਦ ਰਹਿਤ ਹੋ ਜਾਂਦਾ ਹੈ,ਆਪ ਹੀ ਪਾਲਣਾ ਕਰਦਾ ਤੇ ਫ਼ਿਕਰ ਤੇ ਹਉਮੇ ਜਿਹੇ ਰੋਗ ਵੀ ਉਹੀ ਦਾਤਾ ਕੱਟਦਾ ਹੈ॥2॥

ਮੇ ਉਸ ਦਾਤੇ ਤੋਂ ਬੱਚੇ ਵਾਂਗ ਜੋ ਵੀ ਮੰਗਦਾ ਹਾਂ,ਉਹ ਦੇਣ ਲੱਗਿਆ ਕੋਈ ਕਮੀਂ ਨਹੀਂ ਛੱਡਦਾ,ਤੇ ਪੂਰੀਆਂ ਖੁਸ਼ੀਆਂ ਤੇ ਅਨੰਦ ਵੀ ਬਖਸ਼ਦਾ ਹੈ।ਉਸ ਦਾਤਾਰ,(ਦੀਨ ਦੁਖੀਆਂ) ਦੇ ਚਰਨੀਂ ਵੀ ਪੈ ਕੇ ਗੁਜ਼ਾਰਿਸ਼ ਕਰਦਾ ਹਾਂ॥3॥

ਮੈਂ ਉਸ ਦਾਤਾਰ ਤੋਂ ਸਦਕੇ ਜਾਂਦਾ ਹਾਂ,ਜਿਸ ਮੇਰੇ (ਪਾਪ ਕਰਮਾਂ ਤੇ ਵਿਕਾਰਾਂ ) ਤੋਂ ਛੁਟਕਾਰਾ ਕਰਵਾਇਆ ਹੈ। ਹੇ ਨਾਨਕ! ਉਸਨੇ , ਮੇਰੇ ਹਿਰਦੇ ਵਿੱਚ ਆਪਣਾ ਨਾਮ ਪਾ ਕੇ ,ਆਪਣਾ ਰੰਗ ਭਰ ਦਿੱਤਾ ਹੈ॥੪॥

ਮਾਝ ਮਹਲਾ ੫ ॥

ਲਾਲ ਗੋਪਾਲ ਦਇਆਲ ਰੰਗੀਲੇ ॥ ਗਹਿਰ ਗੰਭੀਰ ਬੇਅੰਤ ਗੋਵਿੰਦੇ ॥ ਊਚ ਅਥਾਹ ਬੇਅੰਤ ਸੁਆਮੀ ਸਿਮਰਿ ਸਿਮਰਿ ਹਉ ਜੀਵਾਂ ਜੀਉ ॥੧॥ ਦੁਖ ਭੰਜਨ ਨਿਧਾਨ ਅਮੋਲੇ ॥ ਨਿਰਭਉ ਨਿਰਵੈਰ ਅਥਾਹ ਅਤੋਲੇ ॥ ਅਕਾਲ ਮੂਰਤਿ ਅਜੂਨੀ ਸੰਭੌ ਮਨ ਸਿਮਰਤ ਠੰਢਾ ਥੀਵਾਂ ਜੀਉ ॥੨॥ ਸਦਾ ਸੰਗੀ ਹਰਿ ਰੰਗ ਗੋਪਾਲਾ ॥ ਊਚ ਨੀਚ ਕਰੇ ਪ੍ਰਤਿਪਾਲਾ ॥ ਨਾਮੁ ਰਸਾਇਣੁ ਮਨੁ ਤ੍ਰਿਪਤਾਇਣੁ ਗੁਰਮੁਖਿ ਅੰਮ੍ਰਿਤੁ ਪੀਵਾਂ ਜੀਉ ॥੩॥ ਦੁਖਿ ਸੁਖਿ ਪਿਆਰੇ ਤੁਧੁ ਧਿਆਈ ॥ ਏਹ ਸੁਮਤਿ ਗੁਰੂ ਤੇ ਪਾਈ ॥ ਨਾਨਕ ਕੀ ਧਰ ਤੂੰਹੈ ਠਾਕੁਰ ਹਰਿ ਰੰਗਿ ਪਾਰਿ ਪਰੀਵਾਂ ਜੀਉ ॥੪॥੯॥੧੬॥ {ਪੰਨਾ 99}

ਭਾਵ ਅਰਥ:_

ਹੇ ਪ੍ਰਭੂ ਆਪਣੇ ਮਜੀਠ ਲਾਲ (ਮੇਰੇ ਹਿਰਦੇ ਨੂੰ ) ਨਾਮ ਰੰਗ ਵਿੱਚ ਰੰਗਣ ਵਾਲੇ ਦਿਆਲੂ, ਅਕਾਲਪੁਰਖ ਜੀਓ,ਹੇ! ਬੇਹੱਦ ਗੰਭੀਰ ਪ੍ਰਭੂ, ਪਹੁੰਚ ਰਹਿਤ ਉਚਾਈ ਦੇ ਮਾਲਿਕ , ਮੈਂ ਆਪਜੀ ਦੇ ਨਾਮ ਦੀ ਸਿਫਤ ਸਲਾਹ ਦੀ ਟੇਕ ਨਾਲ ਹੀ ਜੀਂਦਾ ਹਾਂ॥੧॥

ਹੇ ਸਤਿਗੁਰੂ ਆਪ ਦੁਖਾਂ ਨੂੰ ਤੋੜਨ ਵਾਲੇ,ਨਾ ਗਿਣੇ ਜਾ ਸਕਣ ਵਾਲੇ ਖ਼ਜ਼ਾਨੇ ਹੋ। ਆਪ ਅੰਤਹੀਨ,ਡਰ ਰਹਿਤ ,ਵੈਰ ਭਾਵ ਤੋਂ ਰਹਿਤ,ਵਕਤ ਦੇ ਬੰਧਨਾਂ ਤੋਂ ਰਹਿਤ ਮੂਰਤ,ਜੂਨਾਂ ਤੋਂ ਰਹਿਤ ਤੇ ਆਪਣੇ ਆਪ ਤੋਂ ਰਚਿਤ ਹੋ। ਆਪਦੇ ਨਾਮ ਸਿਮਰਨ ਨਾਲ ਮਨ ਨੂੰ ਸ਼ਾਂਤੀ ਮਿਲਦੀ ਹੈ॥੨॥

ਹੇ ਪ੍ਰਭੂ! ਆਪ ਹਰ ਰੰਗ ਵਿੱਚ ਹਰ ਇੱਕ ਦੇ ਅੰਗ ਸੰਗ ਵਿਆਪਤ ਹੋ,ਹਰ ਗਰੀਬ ਅਮੀਰ ਦੀ ਪਾਲਣਾ ਆਪ ਹੀ ਕਰਦੇ ਹੋ। ਗੁਰੂ ਦੁਆਰਾ ਸਮਝਾਏ ਆਪਦੇ ਨਾਮ ਦਾ ਅਮ੍ਰਿਤ ਰਸ ਪੀ , ਮੈਂ ਸੰਤੁਸ਼ਟ ਹੋ ਜਾਂਦਾ ਹਾਂ ॥੩॥

ਦੁਖ ਹੋਵੇ ਜਾਂ ਸੁਖ,ਸਭ ਵਿੱਚ ਮੈਂ ਤੈਨੂੰ ਹੀ ਜਪਦਾ ਹਾਂ,ਇਹ ਅਕਲ ਮੈਨੂੰ ਗੁਰੂ ਤੋਂ ਮਿਲੀ ਹੈ। ਹੇ ਨਾਨਕ! ਮੇਰਾ ਆਸਰਾ ਉਹ ਸਾਰਿੰਗਪਾਣੀ ਹੀ ਹੈ,ਮੈਂ ਤੇਰੀ ਰਜ਼ਾ ਵਿੱਚ ਹੀ ਖੁਸ਼ ਹਾਂ॥੪॥

ਮਾਝ ਮਹਲਾ ੫ ॥

ਧੰਨੁ ਸੁ ਵੇਲਾ ਜਿਤੁ ਮੈ ਸਤਿਗੁਰੁ ਮਿਲਿਆ ॥ ਸਫਲੁ ਦਰਸਨੁ ਨੇਤ੍ਰ ਪੇਖਤ ਤਰਿਆ ॥ ਧੰਨੁ ਮੂਰਤ ਚਸੇ ਪਲ ਘੜੀਆ ਧੰਨਿ ਸੁ ਓਇ ਸੰਜੋਗਾ ਜੀਉ ॥੧॥ ਉਦਮੁ ਕਰਤ ਮਨੁ ਨਿਰਮਲੁ ਹੋਆ ॥ ਹਰਿ ਮਾਰਗਿ ਚਲਤ ਭ੍ਰਮੁ ਸਗਲਾ ਖੋਇਆ ॥ ਨਾਮੁ ਨਿਧਾਨੁ ਸਤਿਗੁਰੂ ਸੁਣਾਇਆ ਮਿਟਿ ਗਏ ਸਗਲੇ ਰੋਗਾ ਜੀਉ ॥੨॥ ਅੰਤਰਿ ਬਾਹਰਿ ਤੇਰੀ ਬਾਣੀ ॥ ਤੁਧੁ ਆਪਿ ਕਥੀ ਤੈ ਆਪਿ ਵਖਾਣੀ ॥ ਗੁਰਿ ਕਹਿਆ ਸਭੁ ਏਕੋ ਏਕੋ ਅਵਰੁ ਨ ਕੋਈ ਹੋਇਗਾ ਜੀਉ ॥੩॥ ਅੰਮ੍ਰਿਤ ਰਸੁ ਹਰਿ ਗੁਰ ਤੇ ਪੀਆ ॥ ਹਰਿ ਪੈਨਣੁ ਨਾਮੁ ਭੋਜਨੁ ਥੀਆ ॥ ਨਾਮਿ ਰੰਗ ਨਾਮਿ ਚੋਜ ਤਮਾਸੇ ਨਾਉ ਨਾਨਕ ਕੀਨੇ ਭੋਗਾ ਜੀਉ ॥੪॥੧੦॥੧੭॥ {ਪੰਨਾ 99}

ਭਾਵ ਅਰਥ:-

ਉਹ ਸਮਾਂ ਕਿੰਨਾ ਸੁਹਾਵਨਾ ਹੋ ਜਾਂਦਾ ਹੈ,ਜਦੋਂ ਸੱਚੇ ਗੁਰੂ ਨਾਲ ਮਿਲਾਪ ਹੁੰਦਾ ਹੈ। ਉਹ ਅੱਖਾਂ ਤਰਸ ਜਾਂਦੀਆਂ ਹਨ ,ਜਿਨਾਂ ਨਾਲ ਮੈਂ ਉਸਦੇ ਦਰਸ਼ਨ ਕਰਦਾ ਹਾਂ,ਉਹ ਪਲ, ਪਲਾਂ ਦੇ ਵ੍ਹੀ ਪਲ ,ਘੰਟੇ ਮਹਾਨ ਹਨ ਜਿਨਾਂ ਦੌਰਾਨ ਮੇਰਾ ਗੁਰੂ ਨਾਲ ਮਿਲਾਪ ਹੁੰਦਾ ਹੈ॥੧॥

ਗੁਰੂ ਨੂੰ ਮਿਲਨ ਦੀ ਹਿੰਮਤ ਕਰਨ ਨਾਲ ਮਨ ਪਾਵਨ ਹੁੰਦਾ ਹੈ ਤੇ ਉਸਦੇ ਦੱਸੇ ਮਾਰਗ ਤੇ ਚੱਲਣ ਨਾਲ ਸਾਰੇ ਭਰਮ ਭੁਲੇਖੇ ਮਿਟ ਜਾਂਦੇ ਹਨ,ਇਸਦੇ ਨਾਲ ਹੀ ਸਾਰੇ ਰੋਗਾਂ ਤੋਂ( ਭਾਵਾਤਮਿਕ ਤੇ ਸਰੀਰਕ )ਵੀ ਛੁਟਕਾਰਾ ਮਿਲ ਜਾਂਦਾ ਹੈ॥੨॥

ਹੇ ਹਰਿ ਪ੍ਰਭੂ ਮਨੁੱਖ ਦੇ ਹਿਰਦੇ ਤੇ ਆਲੇ ਦੁਆਲੇ ਹਰ ਥਾਂ ਤੇਰੀ ਹੀ ਬਾਣੀ ਦਾ ਪਸਾਰਾ ਹੈ ਇਸ ਨੂੰ ਰਚਿਆ ਵੀ ਤੂੰ ਆਪ ਹੀ ਹੈ ਤੇ ਵਿਚਾਰਿਆ ਵੀ ਤੂੰ ਹੀ ਹੈ। ਗੁਰੂ ਦੀ ਕਰਨੀ ਅਨੁਸਾਰ ਸਭ ੧ਓ ਹੀ ਹੈ ਹੋਰ ਕੋਈ ਵੀ ਉਸਦੇ ਬਰਾਬਰ ਨਹੀਂ ਹੋ ਸਕਦਾ॥੩॥

ਅਕਾਲ ਪੁਰਖ ਦੀ ਬਾਣੀ ਵਾਲਾ ਅਮ੍ਰਿਤ, ਗੁਰੂ ਦੀ ਸਿੱਖਿਆ ਤੋਂ ਹੀ ਮੈਨੂੰ ਮਿਲਿਆਚ ਹੈ ਜਿਸਦਾ ਸਦਕਾ,ਨਾਮ ਜਾਪ ਕਾਰਨ ਪਰਮਾਤਮਾ ਨੇ ਮੇਰੀਆਂ ਸਾਰੀਆਂ ਲੋੜਾਂ ਆਪ ਹੀ ਪੂਰੀਆਂ ਕਰ ਦਿੱਤੀਆਂ। ਹਰ ਤਰਾਂ ਦੀਆਂ ਖੁਸ਼ੀਆਂ ਖੇੜੇ,ਰੰਗ ਤਮਾਸ਼ੇ ਮੈਨੂੰ ਹੰਢਾਉਣ ਨੂੰ ਬਖ਼ਸ਼ੇ ਜੀਓ ।

ਮਾਝ ਮਹਲਾ ੫ ॥

ਸਗਲ ਸੰਤਨ ਪਹਿ ਵਸਤੁ ਇਕ ਮਾਂਗਉ ॥ ਕਰਉ ਬਿਨੰਤੀ ਮਾਨੁ ਤਿਆਗਉ ॥ ਵਾਰਿ ਵਾਰਿ ਜਾਈ ਲਖ ਵਰੀਆ ਦੇਹੁ ਸੰਤਨ ਕੀ ਧੂਰਾ ਜੀਉ ॥੧॥ ਤੁਮ ਦਾਤੇ ਤੁਮ ਪੁਰਖ ਬਿਧਾਤੇ ॥ ਤੁਮ ਸਮਰਥ ਸਦਾ ਸੁਖਦਾਤੇ ॥ ਸਭ ਕੋ ਤੁਮ ਹੀ ਤੇ ਵਰਸਾਵੈ ਅਉਸਰੁ ਕਰਹੁ ਹਮਾਰਾ ਪੂਰਾ ਜੀਉ ॥੨॥ ਦਰਸਨਿ ਤੇਰੈ ਭਵਨ ਪੁਨੀਤਾ ॥ ਆਤਮ ਗੜੁ ਬਿਖਮੁ ਤਿਨਾ ਹੀ ਜੀਤਾ ॥ ਤੁਮ ਦਾਤੇ ਤੁਮ ਪੁਰਖ ਬਿਧਾਤੇ ਤੁਧੁ ਜੇਵਡੁ ਅਵਰੁ ਨ ਸੂਰਾ ਜੀਉ ॥੩॥ ਰੇਨੁ ਸੰਤਨ ਕੀ ਮੇਰੈ ਮੁਖਿ ਲਾਗੀ ॥ ਦੁਰਮਤਿ ਬਿਨਸੀ ਕੁਬੁਧਿ ਅਭਾਗੀ ॥ ਸਚ ਘਰਿ ਬੈਸਿ ਰਹੇ ਗੁਣ ਗਾਏ ਨਾਨਕ ਬਿਨਸੇ ਕੂਰਾ ਜੀਉ ॥੪॥੧੧॥੧੮॥ {ਪ99}

ਭਾਵ ਅਰਥ:-

ਮੈਂ ਸਭ ਸੰਤ ਜਨਾ ਤੋਂ,ਬਾਰ ਬਾਰ ਤੇ ਲੱਖਾਂ ਵਾਰ ਜਾ ਕੇ ਉਨਾਂ ਦੇ ਚਰਨ ਕਮਲਾਂ ਦੀ ਧੂੜ ਤੇ ਆਪਣੇ ਅੰਦਰਲੇ ਹਉਮੇ ਨੂੰ ਤਿਆਗਣ ਦੀ ਦਾਤ ਮੰਗਦਾ ਹਾਂ। ।੧॥

ਹੇ ਅਕਾਲਪੁਰਖ ਆਪ ਸਭ ਕੁਝ ਦੇਣਹਾਰ ਤੇ ਜਾਨੀਜਾਨ ਹੋ ਪਰਮ ਪੁਰਖ ਹੋ,ਆਪਜੀ ਸਰਬਸਮਰੱਥ ਤੇ ਮੇਰੀ ਇੱਕ ਆਵਾਜ਼ ਉੱਤੇ ਮੇਰੀ ਲੋੜ ਪੂਰੀ ਕਰਦੇ ਹੋ॥੩॥

ਜਦੋਂ ਮੇਰੇ ਮੁੱਖ ਨੂੰ ਸੰਤਾਂ ਦੇ ਚਰਨਾਂ ਦੀ ਧੂੜ ਲੱਗੀ ਤਾਂ ਮੇਰੀ ਸਾਰੀ ਭ੍ਰਸ਼ਟ ਬੁੱਧੀ ਸਿੱਧੀ ਹੋ ਗਈ ਤੇ ਭਾਗ ਖੁੱਲ ਗਏ। ਹੇ ਨਾਨਕ! ਮੈਂ ਉਸ ਸਦਾ ਥਿਰ ਪ੍ਰਭੂ ਦੇ ਚਰਨ ਕਮਲਾਂ ਵਿੱਚ ਬੈਠ ਉਸਦੀ ਸਿਫਤ ਸਾਲਾਹ ਕਰਦਾ ਹਾਂ ਤੇ ਹੁਣ ਮੇਰੇ ਅੰਦਰੋਂ ਮਾਇਆ ਦੀ ਮੈਲ ਨਿੱਕਲ ਗਈ ਹੈ।

**ਅੰਗ 100**

ਮਾਝ ਮਹਲਾ ੫ ॥

ਵਿਸਰੁ ਨਾਹੀ ਏਵਡ ਦਾਤੇ ॥ ਕਰਿ ਕਿਰਪਾ ਭਗਤਨ ਸੰਗਿ ਰਾਤੇ ॥ ਦਿਨਸੁ ਰੈਣਿ ਜਿਉ ਤੁਧੁ ਧਿਆਈ ਏਹੁ ਦਾਨੁ ਮੋਹਿ ਕਰਣਾ ਜੀਉ ॥੧॥ ਮਾਟੀ ਅੰਧੀ ਸੁਰਤਿ ਸਮਾਈ ॥ ਸਭ ਕਿਛੁ ਦੀਆ ਭਲੀਆ ਜਾਈ ॥ ਅਨਦ ਬਿਨੋਦ ਚੋਜ ਤਮਾਸੇ ਤੁਧੁ ਭਾਵੈ ਸੋ ਹੋਣਾ ਜੀਉ ॥੨॥ ਜਿਸ ਦਾ ਦਿਤਾ ਸਭੁ ਕਿਛੁ ਲੈਣਾ ॥ ਛਤੀਹ ਅੰਮ੍ਰਿਤ ਭੋਜਨੁ ਖਾਣਾ ॥ ਸੇਜ ਸੁਖਾਲੀ ਸੀਤਲੁ ਪਵਣਾ ਸਹਜ ਕੇਲ ਰੰਗ ਕਰਣਾ ਜੀਉ ॥੩॥ ਸਾ ਬੁਧਿ ਦੀਜੈ ਜਿਤੁ ਵਿਸਰਹਿ ਨਾਹੀ ॥ ਸਾ ਮਤਿ ਦੀਜੈ ਜਿਤੁ ਤੁਧੁ ਧਿਆਈ ॥ ਸਾਸ ਸਾਸ ਤੇਰੇ ਗੁਣ ਗਾਵਾ ਓਟ ਨਾਨਕ ਗੁਰ ਚਰਣਾ ਜੀਉ ॥੪॥੧੨॥੧੯॥ {ਪੰਨਾ 100}

ਭਾਵ ਅਰਥ:-

ਹੇ ਊਚ ਪਦ ਦੇ ਮਾਲਕ ਦਾਤਾਰ ਮੇਰੇ ਤੇ ਕਿਰਪਾ ਕਰੋ ਤਾਂ ਮੈਂ ਆਪਜੀ ਨੂੰ ਕਦੇ ਵੀ ਆਪਣੇ ਚੇਤੇ ਵਿੱਚੋਂ ਨਾਂ ਵਿਸਾਰਾਂ ਤੇ ਤੇਰੇ ਨਾਮ ਦੇ ਵਣਜਾਰਿਆਂ ਨਾਲ ਸਾਂਝ ਰੱਖਾਂ । ਹੇ ਸਤਿਗੁਰੂ! ਕਿਰਪਾ ਕਰ ਮੈਂ ਅੱਠੇ ਪਹਿਰ ਆਪਜੀ ਦਾ ਨਾਮ ਧਿਆਵਾਂ॥੧॥

ਹੇ ਪ੍ਰਭੂ ! ਤੂੰ ਸਾਨੂੰ ਜੀਵਾਂ ਨੂੰ ਜੜ ਰੂਪ ਵਿੱਚੋਂ ਕੱਢਕੇ ਚੇਤਨ ਰੂਪ ਵਿੱਚ ਬਦਲਿਆ ਹੈ। ਤੇਰੀ ਹੀ ਕਿਰਪਾ ਸਦਕਾ ਸਾਨੂੰ ਹਰ ਲੋੜੀਂਦੀ ਵਸਤੂ ਮਿਲੀ ਹੈ। ਜੀਵਨ ਦਾ ਹਰ ਸੁਖ,ਦੁਖ ਅਨੰਦ ਸਭ ਕੁਝ ਤੇਰੇ ਹੁਕਮ ਅੰਦਰ ਹੈ, ਮੇਰੇ ਦਾਤਿਆ॥੨॥

ਭਾਂਤ ਭਾਂਤ ਦੇ ਅਮ੍ਰਿਤ ਤੁਲ ਭੋਜਨ ਪਦਾਰਥ ਸਭ ਤੇਰੀ ਮਿਹਰ ਸਦਕਾ ਹੀ ਪ੍ਰਾਣੀ ਭੁੰਚਦਾ ਹੈ। ਆਰਾਮ ਤੇ ਅਨੰਦ ਲਈ ਮਖਮਲੀ ਪਲੰਗ ਤੇ ਸਵੱਛ ਹਵਾ ਆਦਿਕ ਆਪਨੇ ਸਾਨੂੰ ਬਖਸ਼ੇ ਹਨ॥੩॥

ਜਿਹੜਾ ਜੀਵ ਤੈਨੂੰ ਸਦਾ ਯਾਦ ਰੱਖਦਾ ਤੇਰੀ ਉਸਤਤਿ ਕਰਦਾ ਹੈ, ਉਸਨੂੰ ਅਕਲ ਤੇ ਵਿਵੇਕ ਤੂੰ ਹੀ ਦਿੰਦਾ ਹੈਂ। ਦਾਸ ਨਾਨਕ ਨੂੰ ਤੇਰੇ ਚਰਨ ਕਮਲਾਂ ਦਾ ਹੀ ਆਸਰਾ ਹੈ, ਮੇਰੇ ਤੇ ਕਿਰਪਾ ਕਰ ਕਿ ਮੈਂ ਤੈਨੂੰ ਹਰ ਸਾਹ ਨਾਲ ਧਿਆਉਣਾ ਕਰਾਂ॥੪॥

ਮਾਝ ਮਹਲਾ ੫ ॥

ਸਿਫਤਿ ਸਾਲਾਹਣੁ ਤੇਰਾ ਹੁਕਮੁ ਰਜਾਈ ॥ ਸੋ ਗਿਆਨੁ ਧਿਆਨੁ ਜੋ ਤੁਧੁ ਭਾਈ ॥ ਸੋਈ ਜਪੁ ਜੋ ਪ੍ਰਭ ਜੀਉ ਭਾਵੈ ਭਾਣੈ ਪੂਰ ਗਿਆਨਾ ਜੀਉ ॥੧॥ ਅੰਮ੍ਰਿਤੁ ਨਾਮੁ ਤੇਰਾ ਸੋਈ ਗਾਵੈ ॥ ਜੋ ਸਾਹਿਬ ਤੇਰੈ ਮਨਿ ਭਾਵੈ ॥ ਤੂੰ ਸੰਤਨ ਕਾ ਸੰਤ ਤੁਮਾਰੇ ਸੰਤ ਸਾਹਿਬ ਮਨੁ ਮਾਨਾ ਜੀਉ ॥੨॥ ਤੂੰ ਸੰਤਨ ਕੀ ਕਰਹਿ ਪ੍ਰਤਿਪਾਲਾ ॥ ਸੰਤ ਖੇਲਹਿ ਤੁਮ ਸੰਗਿ ਗੋਪਾਲਾ ॥ ਅਪੁਨੇ ਸੰਤ ਤੁਧੁ ਖਰੇ ਪਿਆਰੇ ਤੂ ਸੰਤਨ ਕੇ ਪ੍ਰਾਨਾ ਜੀਉ ॥੩॥ ਉਨ ਸੰਤਨ ਕੈ ਮੇਰਾ ਮਨੁ ਕੁਰਬਾਨੇ ॥ ਜਿਨ ਤੂੰ ਜਾਤਾ ਜੋ ਤੁਧੁ ਮਨਿ ਭਾਨੇ ॥ ਤਿਨ ਕੈ ਸੰਗਿ ਸਦਾ ਸੁਖੁ ਪਾਇਆ ਹਰਿ ਰਸ ਨਾਨਕ ਤ੍ਰਿਪਤਿ ਅਘਾਨਾ ਜੀਉ ॥੪॥੧੩॥੨੦॥ {ਪੰਨਾ 100}

ਭਾਵ ਅਰਥ:-

ਹੇ ਅਕਾਲਪੁਰਖ ਹਰ ਜੀਵ ਤੇਰੀ ਸਿਫਤ ਸਲਾਹ ਤੇਰੀ ਰਜ਼ਾ ਨਾਲ ਹੀ ਕਰ ਸਕਦਾ ਹੈ। ਗਿਆਨ ਤੇ ਉਸਦੀ ਵਿਚਾਰ ਵੀ ਉਹ ਤਾਂ ਹੀ ਕਰ ਸਕਦਾ ਹੈ,ਜੇ ਤੈਨੂੰ ਭਾਵੇ,ਇਥੋਂ ਤੱਕ ਕਿਦੇ ਵੀ ਕਿਸਮ ਦਾ ਗਿਆਨ, ਅਧਿਐਨ ਵੀ ਬੰਦਾ ਤੇਰੀ ਮਰਜ਼ੀ ਨਾਲ ਹੀ ਕਰ ਪਾਉਂਦਾ ਹੈ, ਸਮਝੋ ਉਹੀ ਪੂਰਣ ਅਧਿਆਤਮ ਗਿਆਨ ਹੈ॥੧॥

ਹੇ ਸਾਹਿਬ,ਤੇਰਾ ਅਮ੍ਰਿਤ ਮਈ ਨਾਮ ਵੀ ਉਹੀ ਜਪ ਸਕਦਾ ਹੈ,ਜੋ ਤੈਨੂੰ ਪਿਆਰਾ ਲੱਗਦਾ ਹੈ। ਸੰਤਾਂ ਤੇ ਤੇਰੇ ਵਿੱਚ ਕੋਈ ਅੰਤਰ ਨਹੀਂ,ਹੇ ਤੇ ਹੇ ਸਾਹਿਬ ਉਹੀ ਤੈਨੂੰ ਚੰਗੇ ਲਗਦੇ ਹਨ॥੨॥

ਤੇਰਾ ਤੇ ਤੇਰੇ ਸੰਤ ਜਨਾਂ ਦਾ ਅਜਿਹਾ ਰਿਸ਼ਤਾ ਹੈ ਕਿ ਤੂੰ ਹੀ ਸੰਤ ਜਨਾ ਦੀ ਦੇਖ ਭਾਲ ਕਰਦਾ ਹੈਂ ਤੇ,ਉਹ ਤੇਰੇ ਨਾਲ ਬਾਲਾਂ ਦੀ ਤਰਾਂ ਤੇਰੇ ਨਾਲ ਖੇਡਦੇ ਹਨ ਦਾਤਾ।ਹੇ ਅਕਾਲਪੁਰਖ ਤੇਰੇ ਲਈ ਤੇਰੇ ਸਾਧੂ ਜਨ ਤੈਨੂੰ ਪਾਵਨ ਪਿਆਰੇ ਹਨ ਤੇ ਤੂੰ ਉਨ੍ਹਾਂ ਲਈ ,ਉਨਾਂ ਦਾ ਜੀਵਨ ਹੈਂ॥੩॥

ਮੈਂ ਉਸ ਸਾਧ ਸੰਗਤ ਤੋਂ ਕੁਰਬਾਨ ਜਾਂਦਾ ਹਾਂ ਜੋ ਤੈਨੂੰ ਇੰਨੇ ਚੰਗੇ ਲਗਦੇ ਹਨ।ਹੇ ਨਾਨਕ! ਮੈਂ ਉਨਾਂ ਦਾ ਸੰਗ ਕਰਕੇ ਤ੍ਰਿਪਤ ਹੋ ਗਿਆ ਹਾਂ ,ਮੇਰੀਆਂ ਸਾਰੀਆਂ ਤ੍ਰਿਸ਼ਨਾਵਾਂ ਮੁੱਕ ਗਈਆਂ ਹਨ।

ਮਾਝ ਮਹਲਾ ੫ ॥

ਤੂੰ ਜਲਨਿਧਿ ਹਮ ਮੀਨ ਤੁਮਾਰੇ ॥ ਤੇਰਾ ਨਾਮੁ ਬੂੰਦ ਹਮ ਚਾਤ੍ਰਿਕ ਤਿਖਹਾਰੇ ॥ ਤੁਮਰੀ ਆਸ ਪਿਆਸਾ ਤੁਮਰੀ ਤੁਮ ਹੀ ਸੰਗਿ ਮਨੁ ਲੀਨਾ ਜੀਉ ॥੧॥ ਜਿਉ ਬਾਰਿਕੁ ਪੀ ਖੀਰੁ ਅਘਾਵੈ ॥ ਜਿਉ ਨਿਰਧਨੁ ਧਨੁ ਦੇਖਿ ਸੁਖੁ ਪਾਵੈ ॥ ਤ੍ਰਿਖਾਵੰਤ ਜਲੁ ਪੀਵਤ ਠੰਢਾ ਤਿਉ ਹਰਿ ਸੰਗਿ ਇਹੁ ਮਨੁ ਭੀਨਾ ਜੀਉ ॥੨॥ ਜਿਉ ਅੰਧਿਆਰੈ ਦੀਪਕੁ ਪਰਗਾਸਾ ॥ ਭਰਤਾ ਚਿਤਵਤ ਪੂਰਨ ਆਸਾ ॥ ਮਿਲਿ ਪ੍ਰੀਤਮ ਜਿਉ ਹੋਤ ਅਨੰਦਾ ਤਿਉ ਹਰਿ ਰੰਗਿ ਮਨੁ ਰੰਗੀਨਾ ਜੀਉ ॥੩॥ ਸੰਤਨ ਮੋ ਕਉ ਹਰਿ ਮਾਰਗਿ ਪਾਇਆ ॥ ਸਾਧ ਕ੍ਰਿਪਾਲਿ ਹਰਿ ਸੰਗਿ ਗਿਝਾਇਆ ॥ ਹਰਿ ਹਮਰਾ ਹਮ ਹਰਿ ਕੇ ਦਾਸੇ ਨਾਨਕ ਸਬਦੁ ਗੁਰੂ ਸਚੁ ਦੀਨਾ ਜੀਉ ॥੪॥੧੪॥੨੧॥ {ਪੰਨਾ 100}

ਹੇ ਨਿਰੰਕਾਰ!

ਆਪ ਸਾਗਰ ਤੇ ਅਸੀਂ ਉਸ ਵਿੱਚ ਰਹਿਣ ਵਾਲੀਆਂ ਮਛਲੀਆਂ ਹਾਂ। ਤੇਰਾ ਨਾਮੁ ਸਾਡੇ ਲਈ ਪਪੀਹੇ ਦੀ ਸਵਾਤੀ ਬੂੰਦ ਜਿਹਾ ਹੈ ,ਜਿਹੜੀ ਉਸਦੀ ਪਿਆਸ ਮਿਟਾਉਂਦੀ ਹੈ। ਆਪਜੀ ਦੀ ਹੀ ਸਾਨੂੰ ਸਦਾ ਤਾਂਘ ਰਹਿੰਦੀ ਹੈ ਤੇ ਸਾਡਾ ਹਿਰਦਾ ਵੀ ਸਦਾ ਆਪਦੇ ਚਰਨ ਕਮਲਾਂ ਦਾ ਸਾਥ ਚਾਹੁੰਦਾ ਹੈ॥੧॥

ਜਿਵੇਂ ਬੱਚਾ ਮਾਂ ਦਾ ਦੁੱਧ ਪੀ ਕੇ ਰੱਜ ਜਾਂਦਾ ਹੈ ਤੇ ਗਰੀਬ ,ਧਨ ਵੇਖ ਅਨੰਦਿਤ ਹੁੰਦਾ ਹੈ,ਉਸੇ ਤਰਾਂ ਮੇਰਾ ਮਨ ਪ੍ਰਭੂ ਚਰਨਾਂ ਨਾਲ ਜੁੜਕੇ ਤ੍ਰਿਪਤ ਹੋਇਆ ਹੈ॥੨॥

ਜਿਦਾਂ ਹਨੇਰੇ ਵਿੱਚ ਦੀਪਕ ਚਾਨਣ ਕਰਦਾ ਹੈ,ਪਤਨੀ ਆਪਣੇ ਪਤੀ ਵੱਲ ਪੂਰਣ ਪ੍ਰੇਮ ਦੀ ਉਮੀਦ ਨਾਲ ਦੇਖਦੀ ਹੈ ਤੇ ਪਤੀ ਨੂੰ ਮਿਲਕੇ ਅਨੰਦ ਵਿਭੋਰ ਹੁੰਦੀ ਹੈ
ਉਸੇ ਤਰਾਂ ਮੈਂ ਪ੍ਰਭੂ ਰੰਗ ਵਿੱਚ ਰੰਗਿਆ ਜਾਂਦਾ ਹਾਂ॥੩॥

ਗੁਰੂ ਜਨਾਂ ਮੈਨੂੰ ਪ੍ਰਭੂ ਪ੍ਰਮਾਤਮਾ ਦਾ ਮਾਰਗਦਰਸ਼ਨ ਕਰਾਇਆ ਹੈ ਤੇ ਫਿਰ ਉਨਾਂ ਹੀ ਦਾਤੇ ਦੇ ਨਾਮ ਨਾਲ ਰੋਜ਼ ਰੋਜ਼ ਨਾਮ ਜਪਾਉਣ ਦੀ ਆਦਤ ਪਾਈ।ਹੇ ਨਾਨਕ !ਹਰਿ ਪ੍ਰਭੂ ਸਾਡਾ ਹੈਤੇ ਅਸੀਂ ਉਸਦੇ ਹਾਂ ,ਇਹ ਸਭ ਕੁਝ ਗੁਰੂ ਦੇ ਦਿੱਤੇ ਗਿਆਨ ਨਾਲ ਹੀ ਸੰਭਵ ਹੋਇਆ ਹੈ।



SANJHI SOCH
ਨਰੇਸ਼ ਕੁਮਾਰੀ
ਨਿਊਜੀਲੈਂਡ
+642041755894


ਸਾਂਝੀ ਸੋਚ
SANJHI SOCH TV & DAILY NEWSPAPER
TO EXPAND YOUR BUSINESS
IN INDIAN COMMUNITY
TV
NEWS
Through Newspaper & T.V,
Advertise with us just as
low as $100 PER MONTH.
Call +1 (209) 303-1260
ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ
ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ
www.sanjhisoch.com
Sanjhi Soch TV NRI


SANJHI SOCH
ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ
SANJHI SOCH
ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ
ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।
ਸੰਪਰਕ: +1 (209) 303-1260